23-NOV-PAGE-1.qxd 11/22/2024 10:41 PM Page 1

ਸ਼ਨੀਵਾਰ, 23 ਨਵੰਬਰ, 2024
8 ਮੱਘਰ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 173

ਨਵਾਂ ਜ਼ਮਾਨਾ

DAILY NAWAN ZAMANA • SATURDAY, 23 NOVEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਅਮਨ ਅਰੋੜਾ ਪ੍ਰਧਾਨ ਤੇ ਸ਼ੈਰੀ ਕਲਸੀ ਵਰਕਿੰਗ ਪ੍ਰਧਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਮਨ ਅਰੋੜਾ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਥਾਂ ਪਾਰਟੀ ਦੀ ਪੰਜਾਬ ਇਕਾਈ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਐਲਾਨ ਖੁਦ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤਾ ਹੈ।

ਨਵਿਆਉਣਯੋਗ ਊਰਜਾ ਮੰਤਰੀ ਅਰੋੜਾ ਦੀ ਸੂਬਾ ਪਾਰਟੀ ਪ੍ਰਧਾਨ ਵਜੋਂ ਨਿਯੁਕਤੀ ਨੂੰ ਲੈ ਕੇ ਪਿਛਲੇ ਕਾਫੀ ਸਮੇਂ ਤੋਂ ਚਰਚਾ ਚੱਲ ਰਹੀ ਸੀ, ਹਾਲਾਂਕਿ ਇਸ ਦਾ ਅੰਤਿਮ ਫੈਸਲਾ ਦਿੱਲੀ 'ਚ 'ਆਪ' ਸੰਸਦੀ ਮਾਮਲਿਆਂ ਦੀ ਕਮੇਟੀ ਦੀ ਮੀਟਿੰਗ 'ਚ ਲਿਆ ਗਿਆ। ਇੱਕ ਪ੍ਰਮੁੱਖ ਹਿੰਦੂ ਚਿਹਰਾ ਹੋਣ ਦੇ ਨਾਤੇ ਅਰੋੜਾ ਦੀ ਨਿਯੁਕਤੀ ਪਾਰਟੀ ਨੂੰ ਹਿੰਦੂ ਵੋਟਰਾਂ ਨੂੰ ਆਪਣੇ ਵੱਲ ਖਿੱਚਣ 'ਚ ਮਦਦ ਕਰੇਗੀ, ਜਿਨ੍ਹਾਂ ਦਾ ਝੁਕਾਅ ਇਸ ਸਮੇਂ ਭਾਜਪਾ ਵੱਲ ਜ਼ਿਆਦਾ ਹੈ।

ਮਾਨ ਨੇ ਕਿਹਾ—ਅੱਜ ਮੈਂ ਪਾਰਟੀ ਪ੍ਰਧਾਨ ਦੀ ਜ਼ਿੰਮੇਵਾਰੀ ਆਪਣੇ ਦੋ ਕਰੀਬੀ ਸਾਥੀ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਸੌਂਪ ਦਿੱਤੀ ਹੈ। ਪਾਰਟੀ ਨੇ ਫੈਸਲਾ ਕੀਤਾ ਹੈ ਕਿ ਅਮਨ ਅਰੋੜਾ ਪਾਰਟੀ ਪ੍ਰਧਾਨ ਅਤੇ ਸ਼ੈਰੀ ਕਲਸੀ ਵਰਕਿੰਗ ਪ੍ਰੈਜ਼ੀਡੈਂਟ ਦੇ ਤੌਰ 'ਤੇ ਕੰਮ ਕਰਨਗੇ। ਮੈਨੂੰ ਆਪਣੇ ਦੋਵਾਂ ਸਾਥੀਆਂ 'ਤੇ ਪੂਰਾ ਭਰੋਸਾ ਹੈ। ਮਾਨ ਨੇ ਹਾਲ ਹੀ 'ਚ ਮੁੱਖ ਮੰਤਰੀ ਵਜੋਂ ਆਪਣੇ ਫਰਜ਼ਾਂ 'ਚ ਰੁੱਝੇ ਹੋਣ ਦਾ ਹਵਾਲਾ ਦਿੰਦੇ ਹੋਏ ਪਾਰਟੀ ਦੇ ਸੂਬਾ ਪ੍ਰਧਾਨ ਦਾ ਅਹੁਦਾ ਛੱਡਣ ਦੀ ਇੱਛਾ ਪ੍ਰਗਟਾਈ ਸੀ। ਉਹ ਜਨਵਰੀ 2019 ਤੋਂ ਇਸ ਅਹੁਦੇ 'ਤੇ ਸਨ। ਹਾਲਾਂਕਿ ਪਾਰਟੀ ਨੇ ਪਹਿਲਾਂ ਪ੍ਰਿੰਸੀਪਲ ਬੁੱਧ ਰਾਮ ਨੂੰ ਮਾਨ ਦੇ ਨਾਲ ਕੰਮ ਕਰਨ ਲਈ ਵਰਕਿੰਗ ਪ੍ਰਧਾਨ ਨਿਯੁਕਤ ਕਰਨ ਦਾ ਤਜਰਬਾ ਕੀਤਾ ਸੀ, ਪਰ ਇਹ ਸਪੱਸ਼ਟ ਤੌਰ 'ਤੇ ਕਾਮਯਾਬ ਨਹੀਂ ਹੋ ਸਕਿਆ। ਅਰੋੜਾ ਆਪਣੇ ਜਥੇਬੰਦਕ ਹੁਨਰ ਅਤੇ ਲੋਕਾਂ ਨੂੰ ਨਾਲ ਲੈ ਕੇ ਚੱਲਣ ਦੀ ਆਪਣੀ ਯੋਗਤਾ ਲਈ ਜਾਣੇ ਜਾਂਦੇ ਹਨ। ਦੋ ਵਾਰ ਤੋਂ ਵਿਧਾਇਕ ਅਮਨ ਅਰੋੜਾ ਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਸਭ ਤੋਂ ਵੱਧ ਫਰਕ ਨਾਲ ਜਿੱਤੀਆਂ ਸਨ। ਪੰਜਾਬ ਦੀ ਰਾਜਨੀਤੀ 'ਚ ਬਹਾਦਰੀ ਨਾਲ ਪੈਰ ਜਮਾਉਣ ਦੇ ਉਦੇਸ਼ ਨਾਲ ਮੁੜ ਉੱਭਰ ਰਹੀ ਕਾਂਗਰਸ ਅਤੇ ਨਾਲ ਹੀ ਭਾਜਪਾ ਨਾਲ ਮੁਕਾਬਲਾ ਕਰਦਿਆਂ ਅਰੋੜਾ ਕੋਲ ਜ਼ਮੀਨੀ ਪੱਧਰ 'ਤੇ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਦੀ ਮੁੱਖ ਜ਼ਿੰਮੇਵਾਰੀ ਹੋਵੇਗੀ।

ਅਡਾਨੀ ਦੀਆਂ ਕੰਪਨੀਆਂ 'ਚ ਪੈਸੇ ਲਾਉਣ ਵਾਲਿਆਂ ਨੂੰ 7 ਲੱਖ ਕਰੋੜ ਦਾ ਰਗੜਾ

ਮੁੰਬਈ : ਅਮਰੀਕਾ ਅਧਾਰਤ ਸ਼ਾਰਟ ਸੈਲਰ ਹਿੰਡਨਬਰਗ ਰਿਸਰਚ ਦੀ ਸ਼ੇਅਰਾਂ ਵਿੱਚ ਘਾਲੇ-ਮਾਲੇ ਸੰਬੰਧੀ ਜਨਵਰੀ 2023 ਦੀ ਰਿਪੋਰਟ ਤੋਂ ਬਾਅਦ ਹੁਣ ਸੂਰਜੀ ਊਰਜਾ ਸਪਲਾਈ ਕਰਨ ਦੇ ਠੇਕੇ ਲੈਣ ਲਈ ਭਾਰਤੀ ਅਧਿਕਾਰੀਆਂ ਨੂੰ ਲਗਭਗ ਦੋ ਹਜ਼ਾਰ ਕਰੋੜ ਰੁਪਏ ਦੀ ਰਿਸ਼ਵਤ ਦੇਣ ਦੇ ਦੋਸ਼ਾਂ 'ਚ ਅਮਰੀਕਾ ਵਿੱਚ ਕੇਸ ਹੋਣ ਤੱਕ ਅਡਾਨੀ ਗਰੁੱਪ ਦੀਆਂ 10 ਕੰਪਨੀਆਂ ਦੇ ਸ਼ੇਅਰਾਂ 'ਚ ਪੈਸੇ ਲਾਉਣ ਵਾਲੇ ਲੋਕ ਕਰੀਬ 7 ਲੱਖ ਕਰੋੜ ਰੁਪਈਆਂ ਦਾ ਰਗੜਾ ਖਾ ਚੁੱਕੇ ਹਨ। ਮੁੰਬਈ ਐਕਸਚੇਂਜ ਦੇ ਅੰਕੜਿਆਂ ਮੁਤਾਬਕ ਹਿੰਡਨਬਰਗ ਰਿਪੋਰਟ ਤੋਂ ਇਕ ਦਿਨ ਪਹਿਲਾਂ ਅਡਾਨੀ ਦੀਆਂ ਕੰਪਨੀਆਂ ਦੀ ਕੁਲ ਬਾਜ਼ਾਰੀ ਕਦਰ 19.24 ਲੱਖ ਕਰੋੜ ਰੁਪਏ ਸੀ, ਜਿਹੜੀ 21 ਨਵੰਬਰ ਨੂੰ ਅਮਰੀਕੀ ਕੋਰਟ ਵਾਲੀ ਖਬਰ ਆਉਣ ਦੇ ਬਾਅਦ 12.24 ਲੱਖ ਕਰੋੜ ਰੁਪਏ 'ਤੇ ਆ ਗਈ ਸੀ। ਇਸੇ ਦੌਰਾਨ ਬੈਂਚਮਾਰਕ ਇਕੁਇਟੀ ਸੂਚਕਾਂ ਸੈਂਸੇਕਸ ਅਤੇ ਨਿਫਟੀ ਸ਼ੁੱਕਰਵਾਰ ਸ਼ੁਰੂਆਤੀ ਕਾਰੋਬਾਰ 'ਚ ਵਾਪਸ ਉਛਾਲ ਵਿਚ ਆਏ। ਘਰੇਲੂ ਸੰਸਥਾਗਤ ਨਿਵੇਸ਼ਕਾਂ ਵੱਲੋਂ ਖਰੀਦਦਾਰੀ ਅਤੇ ਅਮਰੀਕੀ ਬਾਜ਼ਾਰਾਂ 'ਚ ਮਜ਼ਬੂਤੀ ਦੇ ਰੁਝਾਨ ਨੇ ਵੀ ਘਰੇਲੂ ਸ਼ੇਅਰਾਂ 'ਚ ਰਿਕਵਰੀ ਵਿੱਚ ਵਾਧਾ ਕੀਤਾ।

ਬੈਂਚਮਾਰਕ ਸੈਂਸੇਕਸ ਸ਼ੁਰੂਆਤੀ ਕਾਰੋਬਾਰ 'ਚ 506.58 ਅੰਕ ਦੀ ਛਾਲ ਮਾਰ ਕੇ 77,662.37 'ਤੇ ਪਹੁੰਚ ਗਿਆ। ਨਿਫਟੀ 162.9 ਅੰਕ ਚੜ੍ਹ ਕੇ 23,512.80 'ਤੇ ਬੰਦ ਹੋਇਆ। 30 ਸ਼ੇਅਰਾਂ ਵਾਲੇ ਸੈਂਸੇਕਸ ਪੈਕ ਵਿੱਚੋਂ ਭਾਰਤੀ ਸਟੇਟ ਬੈਂਕ, ਆਈ ਸੀ ਆਈ ਸੀ ਆਈ ਬੈਂਕ, ਇੰਡਸਇੰਡ ਬੈਂਕ, ਟਾਟਾ ਮੋਟਰਜ਼, ਪਾਵਰ ਗਰਿੰਡ, ਬਜਾਜ ਫਾਇਨਾਂਸ, ਬਜਾਜ ਫਿਨਸਰਵ ਅਤੇ ਟੈਕ ਮਹਿੰਦਰਾ ਸਭ ਤੋਂ ਵੱਧ ਲਾਭਕਾਰੀ ਸਨ। ਅਡਾਨੀ ਪੋਰਟਸ, ਐਕਸਿਸ ਬੈਂਕ, ਮਹਿੰਦਰਾ ਐਂਡ ਮਹਿੰਦਰਾ, ਟਾਈਟਨ ਅਤੇ ਸਨ ਫਾਰਮਾ ਪਛੜ ਗਏ। ਅਡਾਨੀ ਗਰੁੱਪ ਦੀਆਂ 10 ਫਰਮਾਂ 'ਚੋਂ 8 ਸਵੇਰ ਦੇ ਵਪਾਰ ਦੌਰਾਨ ਹੇਠਲੇ ਪੱਧਰ 'ਤੇ ਕਾਰੋਬਾਰ ਕਰ ਰਹੀਆਂ ਸਨ, ਜੋ ਪਿਛਲੇ ਦਿਨ ਦੀ ਗਿਰਾਵਟ ਨੂੰ ਹੋਰ ਵਧਾ ਰਹੀਆਂ ਸਨ। ਐਕਸਚੇਂਜ ਦੇ ਅੰਕੜਿਆਂ ਅਨੁਸਾਰ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਵੀਰਵਾਰ 5,320.68 ਕਰੋੜ ਰੁਪਏ ਦੇ ਸ਼ੇਅਰਾਂ ਦੀ ਖਰੀਦਦਾਰੀ ਕੀਤੀ, ਜਦੋਂ ਕਿ ਘਰੇਲੂ ਸੰਸਥਾਗਤ ਨਿਵੇਸ਼ਕਾਂ ਨੇ 4,200.16 ਕਰੋੜ ਰੁਪਏ ਦੇ ਸ਼ੇਅਰ ਖਰੀਦੇ।

ਸ੍ਰੀ ਅਕਾਲ ਤਖਤ ਸਾਹਿਬ ਬਖਸ਼ਿੰਦ : ਸੁਖਬੀਰ

ਮਾਮਲਾ ਛੇਤੀ ਨਿਬੇੜਨ ਲਈ ਜਥੇਦਾਰ ਨੂੰ ਮੁੜ ਅਰਜ਼ੋਈ

ਅੰਮ੍ਰਿਤਸਰ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੁੜ ਸ੍ਰੀ ਅਕਾਲ ਤਖਤ ਦੇ ਜਥੇਦਾਰ ਨੂੰ ਅਪੀਲ ਕੀਤੀ ਹੈ ਕਿ ਉਨ੍ਹਾ ਦਾ ਮਾਮਲਾ ਛੇਤੀ ਵਿਚਾਰਿਆ ਜਾਵੇ। ਉਨ੍ਹਾ ਕਿਹਾ ਕਿ ਉਹ ਨਿਮਰਤਾ ਸਹਿਤ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖਤ ਵਿਖੇ ਪੇਸ਼ ਹੋਣਾ ਚਾਹੁੰਦੇ ਹਨ।

ਇਸ ਬਾਰੇ ਪੱਤਰ ਉਨ੍ਹਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਲਿਖਿਆ ਸੀ, ਜਿਹੜਾ ਹੁਣ ਜਨਤਕ ਹੋਇਆ ਹੈ। ਇਸ ਪੱਤਰ ਉੱਪਰ 18 ਨਵੰਬਰ ਦੀ ਮਿਤੀ ਅੰਕਤ ਹੈ। ਸ੍ਰੀ ਅਕਾਲ ਤਖਤ ਦੇ ਜਥੇਦਾਰ ਨੂੰ ਭੇਜੇ ਇਸ ਪੱਤਰ 'ਚ ਸਿਰਫ ਪੰਜ ਸਤਰਾਂ ਹਨ, ਜਿਸ 'ਚ ਉਨ੍ਹਾ ਕਿਹਾ ਕਿ ਸ੍ਰੀ ਅਕਾਲ ਤਖਤ ਵੱਲੋਂ ਉਨ੍ਹਾ ਨੂੰ ਤਨਖਾਹੀਆ ਕਰਾਰ ਦਿੱਤਾ ਹੋਇਆ ਹੈ ਅਤੇ ਇਸ ਦਾ ਉਨ੍ਹਾ ਦੇ ਮਨ 'ਤੇ ਬੇਹੱਦ ਡੂੰਘਾ ਅਸਰ ਹੈ। ਉਨ੍ਹਾ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਉਹ ਮੁੜ ਨਿਮਰਤਾ ਅਤੇ ਸਤਿਕਾਰ ਸਹਿਤ ਬੇਨਤੀ ਕਰ ਰਹੇ ਹਨ ਕਿ ਉਹ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖਤ 'ਤੇ ਪੇਸ਼ ਹੋਣਾ ਚਾਹੁੰਦੇ ਹਨ। ਉਨ੍ਹਾ ਉਮੀਦ ਪ੍ਰਗਟਾਈ ਹੈ ਕਿ ਸ੍ਰੀ ਅਕਾਲ ਤਖਤ ਛੇਵੇਂ ਪਾਤਸ਼ਾਹ ਦਾ ਸਾਜਿਆ ਹੋਇਆ ਕਿਰਪਾਲੂ ਅਤੇ ਬਖਸ਼ਿੰਦ ਅਸਥਾਨ ਹੋਣ ਕਾਰਨ ਉਹ ਉਨ੍ਹਾ ਦੀ ਬੇਨਤੀ ਨੂੰ ਜ਼ਰੂਰ ਪ੍ਰਵਾਨ ਕਰਨਗੇ।

ਉਨ੍ਹਾ ਦਾ ਇਹ ਪੱਤਰ ਸ੍ਰੀ ਅਕਾਲ ਤਖਤ ਦੇ ਸਕੱਤਰੇਤ ਵਿਖੇ ਪੁੱਜ ਗਿਆ ਹੈ, ਜਿਸ ਦੀ ਪੁਸ਼ਟੀ ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੇ ਮੀਡੀਆ ਸਲਾਹਕਾਰ ਤਲਵਿੰਦਰ ਸਿੰਘ ਬੁੱਟਰ ਵੱਲੋਂ ਕੀਤੀ ਗਈ ਹੈ। ਇਸ ਮਾਮਲੇ ਨੂੰ ਲੈ ਕੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਕਦੋਂ ਹੋਵੇਗੀ, ਬਾਰੇ ਉਨ੍ਹਾ ਕਿਹਾ ਕਿ ਇਸ ਸੰਬੰਧੀ ਫੈਸਲਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਹੀ ਕੀਤਾ ਜਾਵੇਗਾ। ਸੁਖਬੀਰ ਸਿੰਘ ਬਾਦਲ ਇਸ ਤੋਂ ਪਹਿਲਾਂ ਖੁਦ ਸ੍ਰੀ ਅਕਾਲ ਤਖਤ ਦੇ ਸਕੱਤਰੇਤ ਵਿਖੇ ਆ ਕੇ ਅਤੇ ਪੱਤਰ ਦੇ ਕੇ ਆਪਣੇ ਮਾਮਲੇ ਨੂੰ ਛੇਤੀ ਵਿਚਾਰਨ ਦੀ ਅਪੀਲ ਕਰ ਚੁੱਕੇ ਹਨ। ਇਸ ਤੋਂ ਪਹਿਲਾਂ ਜਦੋਂ ਉਨ੍ਹਾ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਸੀ ਤਾਂ ਅਗਲੇ ਦਿਨ ਹੀ ਉਨ੍ਹਾ ਸ੍ਰੀ ਅਕਾਲ ਤਖਤ ਵਿਖੇ ਪੁੱਜ ਕੇ ਆਪਣਾ ਮੁਆਫੀਨਾਮਾ ਦਿੱਤਾ ਸੀ।

ਯਮਲੋਕ ਤੋਂ ਵਾਪਸੀ !

ਜੈਪੁਰ : ਰਾਜਸਥਾਨ ਦੇ ਝੁੰਝੁਨੂ ਜ਼ਿਲ੍ਹੇ 'ਚ ਡਾਕਟਰਾਂ ਵੱਲੋਂ ਮ੍ਰਿਤਕ ਐਲਾਨੇ ਗਏ ਨੌਜਵਾਨ ਨੇ ਅਗਨੀ ਦਿਖਾਉਣ ਤੋਂ ਪਹਿਲਾਂ ਚਿਖਾ 'ਤੇ ਹਿੱਲਜੁੱਲ ਕਰ ਦਿੱਤੀ। ਜ਼ਿਲ੍ਹਾ ਹਸਪਤਾਲ ਦੇ ਆਈ ਸੀ ਯੂ 'ਚ ਉਸ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਅਨਾਥ, ਬੇਲਾ ਤੇ ਗੁੰਗਾ 25 ਸਾਲਾ ਰੋਹਤਾਸ ਅਨਾਥ ਆਸ਼ਰਮ 'ਚ ਰਹਿੰਦਾ ਸੀ ਤੇ ਬੀਮਾਰ ਹੋਣ ਤੋਂ ਬਾਅਦ ਉਸ ਨੂੰ ਝੁੰਝੁਨੂ ਦੇ ਬੀ ਡੀ ਕੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਸੀ, ਜਿੱਥੇ ਵੀਰਵਾਰ ਬਾਅਦ ਦੁਪਹਿਰ 2 ਵਜੇ ਦੇ ਕਰੀਬ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਫਿਰ ਉਸ ਦੀ ਲਾਸ਼ ਨੂੰ ਮੁਰਦਾਘਰ ਵਿਚ ਰੱਖਿਆ ਗਿਆ ਅਤੇ ਰਸਮੀ ਕਾਰਵਾਈਆਂ ਪੂਰੀਆਂ ਕਰਨ ਤੋਂ ਬਾਅਦ ਐਂਬੂਲੈਂਸ ਵਿਚ ਸ਼ਮਸ਼ਾਨਘਾਟ ਲਿਜਾਇਆ ਗਿਆ। ਲਾਸ਼ ਨੂੰ ਚਿਖਾ 'ਤੇ ਰੱਖਿਆ ਗਿਆ ਤਾਂ ਉਸ ਦਾ ਸਾਹ ਚੱਲਣ ਲੱਗਾ ਅਤੇ ਸਰੀਰ ਹਿੱਲਣ ਲੱਗਾ। ਇਹ ਦੇਖ ਕੇ ਉਥੇ ਮੌਜੂਦ ਲੋਕ ਡਰ ਗਏ। ਤੁਰੰਤ ਐਂਬੂਲੈਂਸ ਬੁਲਾ ਕੇ ਉਸ ਨੂੰ ਹਸਪਤਾਲ ਲਿਜਾਇਆ ਗਿਆ। ਵੀਰਵਾਰ ਰਾਤ ਡੀ ਸੀ ਨੇ ਜੀਂਦ ਦੇ ਨੌਜਵਾਨ ਨੂੰ ਮ੍ਰਿਤਕ ਐਲਾਨਣ ਵਾਲੇ ਡਾਕਟਰ ਯੋਗੇਸ਼ ਜਾਖੜ, ਡਾਕਟਰ ਨਵਨੀਤ ਮੀਲ ਅਤੇ ਡਾਕਟਰ ਸੰਦੀਪ ਪਾਚਰ ਨੂੰ ਮੁਅੱਤਲ ਕਰ ਦਿੱਤਾ।

ਛੱਤੀਸਗੜ੍ਹ 'ਚ 10 ਹੋਰ ਨਕਸਲੀ ਮਾਰੇ

ਸੁਕਮਾ : ਛੱਤੀਸਗੜ੍ਹ ਦੇ ਸੁਕਮਾ ਜ਼ਿਲ੍ਹੇ 'ਚ ਸ਼ੁੱਕਰਵਾਰ ਸੁਰੱਖਿਆ ਕਰਮੀਆਂ ਨਾਲ ਹੋਏ ਮੁਕਾਬਲੇ 'ਚ 10 ਨਕਸਲੀ ਮਾਰੇ ਗਏ। ਆਈ ਜੀ ਪੁਲਸ ਬਸਤਰ ਰੇਂਜ ਸੁੰਦਰਰਾਜ ਪੀ ਨੇ ਦੱਸਿਆ ਕਿ ਸਵੇਰੇ ਭੱਜੀ ਥਾਣੇ ਦੇ ਅਧਿਕਾਰ ਖੇਤਰ ਦੇ ਜੰਗਲ 'ਚ ਗੋਲੀਬਾਰੀ ਸ਼ੁਰੂ ਹੋ ਗਈ, ਜਦੋਂ ਜਵਾਨਾਂ ਦੀ ਟੀਮ ਨਕਸਲ ਵਿਰੋਧੀ ਮੁਹਿੰਮ 'ਤੇ ਸੀ।

ਉਨ੍ਹਾ ਦੱਸਿਆ ਕਿ ਮੌਕੇ ਤੋਂ 10 ਨਕਸਲੀਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਇੱਕ ਇੰਸਾਸ ਰਾਈਫਲ, ਇੱਕ ਏ ਕੇ-47 ਰਾਈਫਲ ਅਤੇ ਇਕ ਸੈਲਫ ਲੋਡਿੰਗ ਰਾਈਫਲ ਸਮੇਤ ਹਥਿਆਰਾਂ ਦਾ ਭੰਡਾਰ ਵੀ ਜ਼ਬਤ ਕੀਤਾ ਗਿਆ ਹੈ। ਇਸ ਘਟਨਾ ਦੇ ਨਾਲ ਸੁਕਮਾ ਸਮੇਤ ਸੱਤ ਜ਼ਿਲ੍ਹਿਆਂ ਵਾਲੇ ਛੱਤੀਸਗੜ੍ਹ ਦੇ ਬਸਤਰ ਖੇਤਰ 'ਚ ਇਸ ਸਾਲ ਦੌਰਾਨ ਹੁਣ ਤੱਕ 207 ਨਕਸਲੀਆਂ ਦੀਆਂ ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ।

ਇਕ ਦਿਨ 'ਚ 17 ਵਿਕਟਾਂ ਡਿੱਗੀਆਂ

ਪਰਥ : ਆਸਟਰੇਲੀਆ ਤੇ ਭਾਰਤ ਵਿਚਾਲੇ ਪੰਜ ਟੈਸਟ ਮੈਚਾਂ ਦੀ ਲੜੀ ਦੇ ਪਹਿਲੇ ਮੈਚ ਦੇ ਪਹਿਲੇ ਦਿਨ 17 ਵਿਕਟਾਂ ਡਿੱਗੀਆਂ। ਟਾਸ ਜਿੱਤ ਕੇ ਭਾਰਤੀ ਟੀਮ ਪਹਿਲਾਂ ਬੱਲੇਬਾਜ਼ੀ ਕਰਦਿਆਂ 150 ਦੌੜਾਂ ਬਣਾ ਕੇ ਆਲ ਆਊਟ ਹੋ ਗਈ ਸੀ, ਪਰ ਭਾਰਤੀ ਗੇਂਦਬਾਜ਼ਾਂ ਨੇ ਜਵਾਬੀ ਹਮਲਾ ਬੋਲ ਕੇ ਖੇਡ ਖਤਮ ਹੋਣ ਤੱਕ ਆਸਟਰੇਲੀਆ ਦੀਆਂ 7 ਵਿਕਟਾਂ ਸਿਰਫ 67 ਦੌੜਾਂ ਦੇ ਸਕੋਰ ਤੱਕ ਝਟਕਾ ਦਿੱਤੀਆਂ ਸਨ।

ਕਪਤਾਨ ਜਸਪ੍ਰੀਤ ਬੁਮਰਾਹ ਨੇ ਚਾਰ ਵਿਕਟਾਂ ਹਾਸਲ ਕੀਤੀਆਂ। ਆਸਟਰੇਲੀਆ ਦੇ ਜੋਸ ਹੇਜ਼ਲਵੁਡ ਨੇ ਚਾਰ ਭਾਰਤੀ ਖਿਡਾਰੀਆਂ ਨੂੰ ਆਊਟ ਕੀਤਾ। ਪਹਿਲਾ ਮੈਚ ਖੇਡ ਰਹੇ ਨਿਤੀਸ਼ ਰੈਡੀ ਨੇ 41 ਦੌੜਾਂ ਤੇ ਰਿਸ਼ਭ ਪੰਤ ਨੇ 37 ਦੌੜਾਂ ਬਣਾ ਕੇ ਲਾਜ ਰੱਖੀ। ਯਸ਼ਸਵੀ ਜੈਸਵਾਲ ਜ਼ੀਰੋ 'ਤੇ ਆਊਟ ਹੋਇਆ ਅਤੇ ਵਿਰਾਟ ਕੋਹਲੀ 5 ਦੌੜਾਂ ਹੀ ਬਣਾ ਸਕਿਆ।

ਹਿਮਾਚਲ ਦੇ ਮੁੱਖ ਸੰਸਦੀ ਸਕੱਤਰਾਂ ਨੂੰ ਅਯੋਗ ਠਹਿਰਾਉਣ ਦੇ ਹੁਕਮ 'ਤੇ ਰੋਕ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਹਿਮਾਚਲ ਪ੍ਰਦੇਸ਼ ਦੀ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਨੂੰ ਸ਼ੁੱਕਰਵਾਰ ਰਾਹਤ ਦਿੰਦਿਆਂ ਛੇ ਮੁੱਖ ਸੰਸਦੀ ਸਕੱਤਰਾਂ ਨੂੰ ਅਯੋਗ ਕਰਾਰ ਦੇਣ ਦੇ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਫੈਸਲੇ ਉਤੇ ਰੋਕ ਲਾ ਦਿੱਤੀ। ਹਾਈ ਕੋਰਟ ਨੇ ਮੁੱਖ ਸੰਸਦੀ ਸਕੱਤਰਾਂ ਅਤੇ ਸੰਸਦੀ ਸਕੱਤਰਾਂ ਦੀ ਨਿਯੁਕਤੀ ਦੇ ਅਖਤਿਆਰ ਨੂੰ ਗੈਰ-ਸੰਵਿਧਾਨਕ ਕਰਾਰ ਦਿੱਤਾ ਸੀ। ਸੁਪਰੀਮ ਕੋਰਟ ਦੇ ਚੀਫ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਦੀ ਬੈਂਚ ਨੇ ਹਾਈਕੋਰਟ ਦੇ ਫੈਸਲੇ 'ਤੇ ਰੋਕ ਲਾਉਣ ਦੇ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਕਿ ਰਾਜ ਸਰਕਾਰ ਇਸ ਹੁਕਮ ਦੇ ਆਧਾਰ ਉਤੇ ਅਜਿਹੀਆਂ ਹੋਰ ਨਿਯੁਕਤੀਆਂ ਨਾ ਕਰੇ, ਕਿਉਂਕਿ ਅਜਿਹਾ ਕਰਨਾ ਕਾਨੂੰਨ ਦੇ ਉਲਟ ਹੋਵੇਗਾ। ਸੁਪਰੀਮ ਕੋਰਟ ਨੇ ਭਾਜਪਾ ਆਗੂ ਕਲਪਨਾ ਦੇਵੀ ਨੂੰ ਵੀ ਨੋਟਿਸ ਜਾਰੀ ਕੀਤਾ ਹੈ, ਜਿਸ ਨੇ ਮੁੱਖ ਸੰਸਦੀ ਸਕੱਤਰਾਂ ਦੀ ਨਿਯੁਕਤੀ ਵਿਰੁੱਧ ਹਾਈ ਕੋਰਟ ਦਾ ਬੂਹਾ ਖੜਕਾਇਆ ਸੀ। ਉਸ ਤੋਂ ਦੋ ਹਫਤਿਆਂ 'ਚ ਜਵਾਬ ਮੰਗਿਆ ਗਿਆ ਹੈ ਅਤੇ ਮਾਮਲੇ ਦੀ ਅਗਲੀ ਸੁਣਵਾਈ ਚਾਰ ਹਫਤਿਆਂ ਬਾਅਦ ਹੋਵੇਗੀ। ਇਸ ਦੇ ਨਾਲ ਹੀ ਬੈਂਚ ਨੇ ਇਸ ਮਾਮਲੇ ਨੂੰ ਇਸ ਮੁੱਦੇ 'ਤੇ ਸੁਪਰੀਮ ਕੋਰਟ 'ਚ ਪਹਿਲਾਂ ਲਟਕ ਰ

23-NOV-PAGE-1.qxd 11/22/2024 10:43 PM Page 2

ਦਸਮੇਸ਼ ਤਰਨਾ ਦਲ ਦੇ ਮੁਖੀ ਨੇ ਕੀਤੀ ਮੀਟਿੰਗ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਇੰਦਰਾ ਕਾਲੋਨੀ ਵਿਖੇ ਦਸਮੇਸ਼ ਤਰਨਾ ਦਲ ਜਗਰਾਉਂ ਦੇ ਮੁਖੀ ਜਥੇਦਾਰ ਸੁਖਦੇਵ ਸਿੰਘ ਅਲੋਪੋਂ ਪੁੱਜੇ, ਜਿੱਥੇ ਉਨ੍ਹਾ ਇੱਕ ਮੀਟਿੰਗ ਕੀਤੀ। ਮੀਟਿੰਗ 'ਚ ਉਨ੍ਹਾ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਐੱਸ. ਸੀ. ਭਾਈਚਾਰਾ ਇੱਕਜੁੱਟ ਹੋਵੇ ਤੇ ਭਾਈਚਾਰਕ ਸਾਂਝ ਬਣਾ ਕੇ ਰੱਖੇ। ਉਨ੍ਹਾ ਕਿਹਾ ਕਿ ਅੱਜ ਐੱਸ. ਸੀ. ਸਮਾਜ ਨੂੰ ਉੱਚਾ ਚੁੱਕਣ ਲਈ ਵੱਧ ਤੋਂ ਵੱਧ ਯਤਨ ਕਰਨ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸਾਨੂੰ ਗੁਰੂ ਸਾਹਿਬਾਨਾਂ ਤੇ ਗੁਰੂ ਗ੍ਰੰਥ ਸਾਹਿਬ 'ਚ ਦਰਜ ਬਾਣੀ ਦੇ ਸਿਧਾਂਤਾਂ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਭੁਪਿੰਦਰ ਸਿੰਘ, ਦਲਜੀਤ ਸਿੰਘ, ਭਜਨ ਸਿੰਘ, ਗੁਰਮੁਖ ਸਿੰਘ, ਤਰਲੋਚਨ ਸਿੰਘ, ਗੁਰਸੇਵਕ ਸਿੰਘ, ਰਣਵੀਰ ਸਿੰਘ, ਅਮਨਦੀਪ ਕੌਰ, ਮੋਹਿਤ, ਸਹਿਜਦੀਪ ਕੌਰ, ਸ਼ੈਮਲ ਨਵੀ, ਰਾਜਵਿੰਦਰ ਕੌਰ, ਜਸਵੀਰ ਕੌਰ, ਸੰਦੀਪ ਕੌਰ, ਜਸਪ੍ਰੀਤ ਕੌਰ ਆਦਿ ਮੌਜੂਦ ਸਨ।

ਟ੍ਰੈਫਿਕ ਸਮੱਸਿਆ ਦੇ ਨਿਪਟਾਰੇ ਲਈ ਕਮਿਸ਼ਨਰ ਦੀ ਅਗਵਾਈ 'ਚ ਮੀਟਿੰਗ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਗਠਿਤ ਕੀਤੀ ਰੋਡ ਸੇਫਟੀ ਕਮੇਟੀ ਦੀ ਇੱਕ ਮੀਟਿੰਗ ਨਗਰ ਨਿਗਮ ਕਮਿਸ਼ਨਰ ਰਜ਼ਤ ਓਬਰਾਏ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਐੱਸ. ਪੀ. ਸਿਟੀ ਸਰਫਰਾਜ਼ ਆਲਮ, ਏ ਸੀ ਏ ਪੀ.ਡੀ.ਏ. ਜਸ਼ਨਪ੍ਰੀਤ ਕੌਰ, ਸੰਯੁਕਤ ਕਮਿਸ਼ਨਰ ਦੀਪਜੋਤ ਕੌਰ, ਡੀ ਐੱਸ ਪੀ ਟ੍ਰੈਫਿਕ ਅੱਛਰੂ ਰਾਮ ਸ਼ਰਮਾ, ਹਰਕਿਰਨ ਪਾਲ ਸਿੰਘ, ਨਿਗਰਾਨ ਇੰਜੀਨੀਅਰ, ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪੀਯੂਸ਼ ਗੋਇਲ ਟਰਾਂਸਪੋਰਟ ਵਿਭਾਗ, ਮੰਡੀ ਬੋਰਡ ਦੇ ਨੁਮਾਇੰਦੇ ਤੇ ਨਿਗਮ ਦੀ ਲੈਂਡ ਸ਼ਾਖਾ ਦੇ ਅਧਿਕਾਰੀ ਮੌਜੂਦ ਸਨ।ਨਿਗਮ ਕਮਿਸ਼ਨਰ ਰਜ਼ਤ ਓਬਰਾਏ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਸ਼ਾਰਟ ਟਰਮ ਯੋਜਨਾ ਤਹਿਤ ਭੁਪਿੰਦਰਾ ਰੋਡ ਤੇ ਖੰਡਾ ਚੌਕ ਦੀ ਟ੍ਰੈਫਿਕ ਦੀ ਸਮੱਸਿਆ ਨੂੰ ਨਿਯਮਤ ਕਰਨ ਲਈ ਸ਼ਾਰਟ ਟਰਮ ਤਜਵੀਜ਼ ਉਤੇ ਵਿਚਾਰ ਵਟਾਂਦਰਾ ਕਰਕੇ ਟ੍ਰੈਫਿਕ ਰੈਗੂਲੇਟ ਕਰਨ ਲਈ ਅਧਿਕਾਰੀਆਂ ਵੱਲੋਂ ਆਪਣੇ ਸੁਝਾਅ ਦਿੱਤੇ ਗਏ।ਉਨ੍ਹਾ ਦੱਸਿਆ ਕਿ ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਭੁਪਿੰਦਰਾ ਰੋਡ ਤੇ ਖੰਡਾ ਚੌਕ ਦੇ ਦੁਕਾਨਦਾਰਾਂ ਤੇ ਆਮ ਲੋਕਾਂ ਤੋਂ ਸੁਝਾਅ ਲੈ ਕੇ ਇਕ ਹਫਤੇ ਦੇ ਅੰਦਰ-ਅੰਦਰ ਇਸ ਨੂੰ ਲਾਗੂ ਕੀਤਾ ਜਾਵੇਗਾ।

ਸ਼ਿਵਾਲਿਕ ਕਿਡਜ਼ ਸਕੂਲ ਦੇ ਵਿਦਿਆਰਥੀ ਸਨਮਾਨਤ

ਜੈਤੋ (ਸਤੀਸ਼ ਕੁਮਾਰ ਭੀਗੀ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ਼ਿਵਾਲਿਕ ਕਿਡਜ਼ ਸਕੂਲ ਵਿੱਚ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਕਰਵਾਈ ਗਈ ਨੈਤਿਕ ਸਿੱਖਿਆ ਪ੍ਰੀਖਿਆ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਸਕੂਲ ਦੀ ਮੁੱਖ ਅਧਿਆਪਕਾ ਸੁਖਵਿੰਦਰ ਕੌਰ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਹਰ ਇਮਤਿਹਾਨ ਮੁਕਾਬਲੇ ਵਿੱਚ ਭਾਗ ਲੈਣ ਦਾ ਮਕਸਦ ਉਨ੍ਹਾਂ ਵਿੱਚ ਚੰਗੇ ਗੁਣ ਪੈਦਾ ਕਰਨਾ ਦੇਸ਼, ਸਮਾਜ ਅਤੇ ਮਾਪਿਆਂ ਦੀ ਸੇਵਾ ਕਰਕੇ ਇੱਕ ਨਵੇਂ ਸਮਾਜ ਦੀ ਸਿਰਜਣਾ ਕਰਨ ਦਾ ਸੰਕਲਪ ਪੈਦਾ ਕਰਨਾ ਹੈ। ਇਸ ਮੌਕੇ ਉਨ੍ਹਾ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ। ਸਕੂਲ ਦੀ ਪ੍ਰਬੰਧਕੀ ਕਮੇਟੀ ਵੱਲੋਂ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।

ਮਾਛੀਕੇ 'ਚ ਨਰੇਗਾ ਦੇ ਕੰਮ ਦੀ ਸ਼ੁਰੂਆਤ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੇ ਯਤਨਾਂ ਸਦਕਾ ਪਿੰਡ ਮਾਛੀਕੇ ਦੀ ਸਮੂਹ ਗ੍ਰਾਮ ਪੰਚਾਇਤ ਵੱਲੋਂ ਨਰੇਗਾ ਦੇ ਕੰਮ ਨੂੰ ਸ਼ੁਰੂ ਕਰਵਾਇਆ ਤੇ ਕਿਹਾ ਕਿ ਪਿੰਡ ਵਿੱਚ ਮਜ਼ਦੂਰਾਂ ਲਈ ਨਰੇਗਾ ਦਾ ਕੰਮ ਹਰ ਸਮੇਂ ਚਲਦਾ ਰਹੇਗਾ ਤੇ ਕੰਮ ਕਰ ਰਹੇ ਮਜ਼ਦੂਰਾਂ ਦਾ ਧੰਨਵਾਦ ਵੀ ਕੀਤਾ। ਸਮੂਹ ਗ੍ਰਾਮ ਪੰਚਾਇਤ ਵੱਲੋਂ ਕਿਹਾ ਗਿਆ ਕਿ ਸਾਡਾ ਸਾਥ ਦਿਉ, ਅਸੀਂ ਤੁਹਾਡਾ ਹਰ ਸਮੇਂ ਸਾਥ ਦੇਵਾਂਗੇ। ਪਿੰਡ ਵਿੱਚ ਚੱਲ ਰਹੇ ਨਰੇਗਾ ਕੰਮ 'ਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਸਰਪੰਚ ਜਗਮੋਹਨ ਸਿੰਘ, ਗੁਰਦਿਆਲ ਸਿੰਘ, ਗੁਰਜੀਤ ਸਿੰਘ ਭੁੱਟੋ ਪੰਚ, ਕੁਲਦੀਪ ਸਿੰਘ ਪੰਚ, ਭੋਲਾ ਸਿੰਘ ਪੰਚ, ਸ਼ਮਸ਼ੇਰ ਸਿੰਘ ਪੰਚ, ਪਰਵਿੰਦਰ ਸਿੰਘ ਪੰਚ, ਚੰਦ ਸਿੰਘ ਪੰਚ, ਹਾਕਮ ਸਿੰਘ ਪੰਚ, ਪਰਮਜੀਤ ਕੌਰ ਪੰਚ, ਬੁੱਬੂ ਮਾਛੀਕੇ ਤੇ ਸਮੂਹ ਆਗੂ ਹਾਜ਼ਰ ਸਨ।

ਪੰਜਾਬ ਪਬਲਿਕ ਸਕੂਲ 'ਚ ਆਈ ਪੀ ਐਸ ਸੀ ਟੀਚਰਜ਼ ਟਰੇਨਿੰਗ ਪ੍ਰੋਗਰਾਮ

ਨਾਭਾ (ਵਰਿੰਦਰ ਵਰਮਾ)-ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਇਨ-ਸਰਵਿਸ ਟਰੇਨਿੰਗਜ਼ (ਆਈ ਪੀ ਐਸ ਸੀ ਟੀਚਰਸ ਟਰੇਨਿੰਗ) ਦੇ ਹਿੱਸੇ ਵਜੋਂ 2 ਦਿਨਾ 'ਸਿੱਖਿਆ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ (ਸੀ ਬੀ ਪੀ)' ਸਫਲਤਾਪੂਰਵਕ ਸਮਾਪਤ ਹੋਇਆ। ਇਸ ਸਮਾਗਮ ਵਿੱਚ ਸਿੱਖਿਅਕਾਂ ਦੀ ਸ਼ਮੂਲੀਅਤ ਦੇਖਣ ਨੂੰ ਮਿਲੀ। ਦੇਸ਼ ਭਰ ਦੇ ਅੱਠ ਨਾਮਵਰ ਪਬਲਿਕ ਸਕੂਲਾਂ ਦੇ ਅਧਿਆਪਕਾਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਇਸ ਸਮਾਪਤੀ ਸਮਾਰੋਹ ਵਿੱਚ ਡਾ. ਵਰੁਣ ਕਪੂਰ ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਸ ਮੱਧ ਪ੍ਰਦੇਸ਼ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ 'ਸਾਈਬਰ ਸਪੇਸ ਵਿੱਚ ਸੁਰੱਖਿਆ ਲਈ ਚੁਣੌਤੀਆਂ' ਵਿਸ਼ੇ 'ਤੇ ਇੱਕ ਗਿਆਨ ਭਰਪੂਰ ਭਾਸ਼ਣ ਦਿੱਤਾ।ਡਾ. ਕਪੂਰ ਨੇ ਤੇਜ਼ੀ ਨਾਲ ਵਿਕਸਤ ਹੋ ਰਹੇ ਸਾਈਬਰ ਲੈਂਡਸਕੇਪ ਬਾਰੇ ਜਾਗਰੂਕ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਡਿਜੀਟਲ ਯੁੱਗ ਵਿੱਚ ਸੁਰੱਖਿਅਤ ਰਹਿਣ ਲਈ ਆਨਲਾਈਨ ਵਿਹਾਰ ਪ੍ਰਤੀ ਆਪਣੀ ਮਾਨਸਿਕਤਾ ਨੂੰ ਬਦਲਣਾ ਸਭ ਤੋਂ ਮਹੱਤਵਪੂਰਨ ਹੈ।ਸਾਈਬਰ ਸਪੇਸ 'ਚ ਬੱਚਿਆਂ ਦੀਆਂ ਕਮਜ਼ੋਰੀਆਂ ਨੂੰ ਸੰਬੋਧਿਤ ਕਰਦੇ ਹੋਏ ਸਾਈਬਰ ਅਪਰਾਧਾਂ ਤੋਂ ਸੁਰੱਖਿਆ ਲਈ ਉਨ੍ਹਾਂ ਨੂੰ ਰੋਕਥਾਮ ਉਪਾਵਾਂ ਨਾਲ ਲੈਸ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਡਾ. ਕਪੂਰ ਨੇ ਭਾਗੀਦਾਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ।ਆਪਣੀ ਸਮਾਪਤੀ ਟਿੱਪਣੀ ਵਿੱਚ ਪੰਜਾਬ ਪਬਲਿਕ ਸਕੂਲ ਨਾਭਾ ਦੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਡਾ.ਕਪੂਰ ਦਾ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਲਈ ਧੰਨਵਾਦ ਕੀਤਾ।ਡਾ. ਸ਼ਰਮਾ ਨੇ ਡਾ. ਕਪੂਰ ਨੂੰ ਸਨਮਾਨ ਅਤੇ ਪਸੰਸਾ ਦਾ ਚਿੰਨ੍ਹ ਭੇਟ ਕੀਤਾ।ਸਹਿਯੋਗੀ ਸਿੱਖਣ ਅਤੇ ਸੂਝ-ਬੂਝ ਵਾਲੇ ਸੈਸ਼ਨਾਂ ਨਾਲ ਭਰਪੂਰ ਦੋ ਦਿਨਾ ਪ੍ਰੋਗਰਾਮ ਨੇ ਸਿੱਖਿਆ ਅਤੇ ਅਧਿਆਪਕਾਂ ਦੇ ਵਿਕਾਸ ਵਿੱਚ ਉੱਤਮਤਾ ਲਈ ਪੀ ਪੀ ਐਸ ਨਾਭਾ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ, ਜਿਸ ਨਾਲ ਭਾਗੀਦਾਰਾਂ ਨੂੰ ਸਮਕਾਲੀ ਅਧਿਆਪਨ ਦੀਆਂ ਚੁਣੌਤੀਆਂ ਨੂੰ ਨੈਵੀਗੇਟ ਕਰਨ ਲਈ ਪ੍ਰੇਰਿਤ ਅਤੇ ਬਿਹਤਰ ਢੰਗ ਨਾਲ ਤਿਆਰ ਕੀਤਾ ਗਿਆ।

ਮਸਤੂਆਣਾ ਸਾਹਿਬ 'ਚ ਜ਼ਿਲ੍ਹਾ ਯੁਵਾ ਉਤਸਵ 30 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਸਹਾਇਕ ਕਮਿਸ਼ਨਰ ਸੰਗਰੂਰ ਉਪਿੰਦਰਜੀਤ ਕੌਰ ਬਰਾੜ ਨੇ ਦੱਸਿਆ ਕਿ ਨਹਿਰੂ ਯੁਵਾ ਕੇਂਦਰ ਸੰਗਰੂਰ ਵੱਲੋਂ 30 ਨਵੰਬਰ ਨੂੰ ਮਸਤੂਆਣਾ ਸਾਹਿਬ ਵਿਖੇ ਸੰਤ ਤੇਜਾ ਸਿੰਘ ਹਾਲ ਵਿੱਚ 'ਜ਼ਿਲ੍ਹਾ ਯੁਵਾ ਉਤਸਵ' ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਛੇ ਤਰ੍ਹਾਂ ਦੀਆਂ ਪ੍ਰਤੀਯੋਗਤਾਵਾਂ ਹੋਣਗੀਆਂ ਅਤੇ ਨਾਲ ਹੀ ਸਾਇੰਸ ਮੇਲਾ ਵੀ ਲਗਾਇਆ ਜਾਵੇਗਾ, ਜਿਸ ਵਿੱਚ ਬੱਚੇ ਆਪਣਾ ਆਪਣਾ ਮਾਡਲ ਟੀਮ ਦੇ ਤੌਰ 'ਤੇ ਜਾਂ ਫਿਰ ਇਕੱਲੇ ਵੀ ਸਾਇੰਸ ਮੇਲੇ ਵਿੱਚ ਪ੍ਰਦਰਸ਼ਤ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਯੁਵਾ ਉਤਸਵ ਵਿੱਚ ਪਹਿਲਾ ਮੁਕਾਬਲਾ ਭਾਸ਼ਣ ਦਾ, ਦੂਸਰਾ ਮੁਕਾਬਲਾ ਕਵਿਤਾ ਦਾ, ਤੀਸਰਾ ਮੁਕਾਬਲਾ ਫੋਟੋਗ੍ਰਾਫੀ ਦਾ ਅਤੇ ਚੌਥਾ ਮੁਕਾਬਲਾ ਪੇਂਟਿੰਗ ਦਾ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੱਭਿਆਚਾਰਕ ਅਤੇ ਸਾਇੰਸ ਮੇਲੇ ਦੇ ਮੁਕਾਬਲਿਆਂ ਦੇ ਵੀ ਨਕਦ ਇਨਾਮ ਰੱਖੇ ਗਏ ਹਨ। ਜ਼ਿਲ੍ਹਾ ਯੂਥ ਅਫਸਰ ਰਾਹੁਲ ਸੈਣੀ ਨੇ ਕਿਹਾ ਕਿ ਜ਼ਿਲ੍ਹੇ ਦੇ ਇਸ ਸਮਾਗਮ ਦੇ ਜੇਤੂਆਂ ਨੂੰ ਸੂਬਾ ਪੱਧਰੀ ਸਮਾਗਮ ਵਿੱਚ ਹਿੱਸਾ ਲੈਣ ਦਾ ਮੌਕਾ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਵੱਖ ਵੱਖ-ਵਿਭਾਗਾਂ ਵੱਲੋਂ ਸਟਾਲਾਂ ਵੀ ਲਗਾਈਆਂ ਜਾਣਗੀਆਂ। ਜ਼ਿਲ੍ਹਾ ਯੂਥ ਅਫਸਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਵਿਦਿਆਰਥੀ ਦੀ ਉਮਰ 15 ਤੋਂ 29 ਸਾਲ ਹੋਣੀ ਚਾਹੀਦੀ ਹੈ। ਇਸ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਰਜਿਸਟਰੇਸ਼ਨ ਫਾਰਮ ਭਰਨਾ ਜ਼ਰੂਰੀ ਹੈ ਜੋ ਕਿ 25 ਨਵੰਬਰ ਤੱਕ ਨਹਿਰੀ ਯੁਵਾ ਕੇਂਦਰ ਦੀ ਈਮੇਲ ਆਈ ਡੀ yc.nyk.sgr@gmail.com 'ਤੇ ਮੇਲ ਕੀਤਾ ਜਾ ਸਕਦਾ ਹੈ ਜਾਂ ਫਿਰ ਦਫਤਰ ਵਿੱਚ ਦਸਤੀ ਜਮ੍ਹਾਂ ਕਰਵਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਹੋਰ ਕਿਸੇ ਵੀ ਜਾਣਕਾਰੀ ਲਈ 82795-08167 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਡੀ ਏ ਪੀ ਖਾਦ ਦੀ ਜਮ੍ਹਾਂਖੋਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਸੰਦੀਪ ਰਿਣਵਾ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਖੇਤੀਬਾੜੀ ਅਫ਼ਸਰ ਡਾ. ਸੰਦੀਪ ਰਿਣਵਾ ਨੇ ਕਿਹਾ ਕਿ ਕਿਸਾਨਾਂ ਨੂੰ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਖੇਤੀ ਸਮੱਗਰੀ ਵਿਕਰੇਤਾਵਾਂ ਦੇ ਕਾਰੋਬਾਰ ਨਾਲ ਸੰਬੰਧਤ ਦੁਕਾਨਾਂ ਅਤੇ ਗੋਦਾਮਾਂ ਦੀ ਖੇਤੀਬਾੜੀ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ।ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਡੀ.ਏ.ਪੀ. ਖਾਦ ਦੇ ਬਦਲ ਵਾਲੀਆਂ ਖਾਦਾਂ ਸਮੇਤ ਬਿੱਲ ਕਿਸਾਨਾਂ ਨੂੰ ਦਿੱਤੀਆਂ ਜਾਣ ਅਤੇ ਕਿਸਾਨਾਂ ਨੂੰ ਧੱਕੇ ਨਾਲ ਗੈਰ ਜ਼ਰੂਰੀ ਦਵਾਈਆਂ ਨਾ ਦਿੱਤੀਆਂ ਜਾਣ। ਉਨ੍ਹਾਂ ਦੱਸਿਆ ਕਿ ਖਾਦ ਵਿਕਰੇਤਾਵਾਂ ਨੂੰ ਕਿਹਾ ਗਿਆ ਹੈ ਕਿ ਡੀ ਏ ਪੀ ਖਾਦ ਦੀ ਗੈਰ-ਕਾਨੂੰਨੀ ਜ਼ਖੀਰਾਬਾਜ਼ੀ ਨਾ ਕੀਤੀ ਜਾਵੇ। ਜੇਕਰ ਕੋਈ ਵਿਕਰੇਤਾ ਅਜਿਹਾ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਐਫ.ਸੀ.ਓ. ਐਕਟ 1985 ਅਤੇ ਜ਼ਰੂਰੀ ਵਸਤੂ ਐਕਟ 1955 ਤਹਿਤ ਕਾਰਵਾਈ ਕੀਤੀ ਜਾਵੇਗੀ।ਡਾ. ਰਿਣਵਾ ਨੇ ਕਿਹਾ ਕਿ ਜਿਵੇਂ ਹੀ ਵਿਕਰੇਤਾਵਾਂ ਕੋਲ ਡੀ ਏ ਪੀ ਖਾਦ ਆਉਂਦੀ ਹੈ ਤਾਂ ਉਹ ਬਿਨਾਂ ਦੇਰੀ ਇਸ ਦੀ ਵਿਕਰੀ ਕਿਸਾਨਾਂ ਨੂੰ ਕਰਨ ਕਿਉਂਕਿ ਹੁਣ ਕਣਕ ਦੀ ਬਿਜਾਈ ਦਾ ਸਮਾਂ ਜ਼ੋਰਾਂ 'ਤੇ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਕਣਕ ਦੀ ਬਿਜਾਈ ਵਾਸਤੇ ਡੀ ਏ ਪੀ ਖਾਦ ਦੀ ਜ਼ਰੂਰਤ ਹੈ, ਇਸ ਲਈ ਜਿਵੇਂ ਜਿਵੇਂ ਖਾਦ ਉਨ੍ਹਾਂ ਕੋਲ ਆਉਂਦੀ ਹੈ ਤਾਂ ਨਾਲੋ ਨਾਲ ਕਿਸਾਨਾਂ ਨੂੰ ਦਿੱਤੀ ਜਾਵੇ ਤੇ ਇਸ ਤੇ ਬਦਲਵੇਂ ਪ੍ਰਬੰਧ ਵਾਲੀਆਂ ਹੋਰ ਖਾਦਾਂ ਦੀ ਸਪਲਾਈ ਵੀ ਕੀਤੀ ਜਾਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਡੀ ਏ ਪੀ ਦੇ ਬਦਲ ਵਾਲੀਆਂ ਖਾਦਾਂ ਦੀ ਵਰਤੋਂ ਕਰ ਕੇ ਕਣਕ ਦੀ ਬਿਜਾਈ ਕਰਨ।

ਤਰਕਸ਼ੀਲਾਂ ਵੱਲੋਂ ਚੇਤਨਾ ਪਰਖ ਪ੍ਰੀਖਿਆ ਦੇ ਨਤੀਜੇ ਦਾ ਐਲਾਨ

ਸੰਗਰੂਰ (ਪ੍ਰਵੀਨ ਸਿੰਘ) ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਵਿਕਸਤ ਕਰਨ ਤੇ ਉਨ੍ਹਾਂ ਨੂੰ ਹਰ ਤਰ੍ਹਾਂ ਦੇ ਵਹਿਮਾਂ ਭਰਮਾਂ ਤੋਂ ਮੁਕਤ ਤੇ ਜਾਗਰੂਕ ਕਰਨ ਦੇ ਮਕਸਦ ਨੂੰ ਲੈ ਕੇ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਹਰ ਸਾਲ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਕਰਵਾਈ ਜਾਂਦੀ ਹੈ।ਐਤਕੀਂ ਵੀ ਛੇਵੀਂ ਸੂਬਾ ਪੱਧਰੀ ਪਰਖ਼ ਪ੍ਰੀਖਿਆ ਕਰਵਾਈ ਗਈ।ਤਰਕਸ਼ੀਲ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੁਰਿੰਦਰ ਪਾਲ, ਸੀਤਾ ਰਾਮ, ਪ੍ਰਗਟ ਸਿੰਘ ਬਾਲੀਆਂ, ਕ੍ਰਿਸ਼ਨ ਸਿੰਘ, ਗੁਰਦੀਪ ਸਿੰਘ ਲਹਿਰਾ, ਸੁਖਦੇਵ ਸਿੰਘ ਕਿਸ਼ਨਗੜ੍ਹ, ਜਸਦੇਵ ਸਿੰਘ, ਗੁਰਜੰਟ ਸਿੰਘ, ਪਰਮਿੰਦਰ ਸਿੰਘ, ਕਰਤਾਰ ਸਿੰਘ ਤੇ ਪ੍ਰਲਾਦ ਸਿੰਘ ਆਧਾਰਤ ਤਰਕਸ਼ੀਲ ਟੀਮ ਨੇ ਨਤੀਜਾ ਘੋਸ਼ਿਤ ਕਰਦਿਆਂ ਦੱਸਿਆ ਕਿ ਸੂਬੇ ਵੱਲੋਂ ਹਰੇਕ ਜਮਾਤ ਦੇ ਪਹਿਲੇ ਤਿੰਨ ਵਿਦਿਆਰਥੀਆਂ ਆਧਾਰਤ ਸੂਬਾ ਪੱਧਰੀ ਮੈਰਿਟ ਬਣਾਈ ਗਈ ਹੈ, ਅਗਲੇ ਹਰੇਕ ਜਮਾਤ ਦੇ ਦੋ ਵਿਦਿਆਰਥੀ ਜ਼ੋਨ ਪੱਧਰੀ ਮੈਰਿਟ ਸੂਚੀ ਵਿੱਚ ਹਨ ਤੇ ਉਸ ਤੋਂ ਬਾਅਦ ਇਕਾਈ

23-Nov-PAGE-3.qxd 11/22/2024 10:57 PM Page 1

ਜ਼ਿਮਨੀ ਚੋਣਾਂ ਦੌਰਾਨ ਪਈਆਂ ਵੋਟਾਂ ਦੀ ਗਿਣਤੀ ਅੱਜ

ਗੁਰਦਾਸਪੁਰ (ਜਨਕ ਮਹਾਜਨ)-ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲਈ ਪੋਲਿੰਗ ਅਮਨ ਸ਼ਾਂਤੀ ਪੂਰਵਕ ਨੇਪੇਰੇ ਚੜ੍ਹ ਨ ਤੋ ਬਆਦ ਈ. ਵੀ. ਐੱਮ. ਨੂੰ ਸੁਰੱਖਿਆ ਇੰਤਜ਼ਾਮਾਂ ਦੇ ਸਖ਼ਤ ਪਹਿਰੇ ਹੇਠ ਸਟਰਾਂਗ ਰੂਮਾਂ ਵਿੱਚ ਰੱਖਿਆ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਕਮ-ਜ਼ਿਲ੍ਹਾ ਚੋਣ ਅਫਸਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਜ਼ਿਮਨੀ ਚੋਣ ਡੇਰਾ ਬਾਬਾ ਨਾਨਕ ਦੀਆਂ ਵੋਟਿੰਗ ਮਸ਼ੀਨਾਂ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟ ਗੁਰਦਾਸਪੁਰ ਵਿਖੇ ਸਟਰਾਂਗ ਰੂਮ ਵਿੱਚ ਰੱਖੀਆਂ ਗਈਆਂ ਹਨ ਜਿੱਥੇ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਟਰਾਂਗ ਰੂਮਾਂ ਦੇ ਬਾਹਰਵਾਰ ਕੇਂਦਰੀ ਸੁਰੱਖਿਆ ਬਲਾਂ, ਪੰਜਾਬ ਆਰਮਡ ਪੁਲਸ ਅਤੇ ਪੰਜਾਬ ਪੁਲਸ ਜਵਾਨਾਂ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।

ਇਸ ਤੋਂ ਇਲਾਵਾ ਸਟਰਾਂਗ ਰੂਮ ਦੇ ਬਾਹਰਵਾਰ ਸੀ. ਸੀ. ਟੀ. ਵੀ. ਕੈਮਰੇ ਵੀ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਵੋਟਾਂ ਦੀ ਗਿਣਤੀ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ 23 ਨਵੰਬਰ ਨੂੰ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟ ਗੁਰਦਾਸਪੁਰ ਵਿਖੇ ਹੋਵੇਗੀ।

ਮਾਮਲਾ ਹਰਿਆਣੇ ਦੀ ਨਵੀਂ ਵਿਧਾਨ ਸਭਾ ਲਈ ਚੰਡੀਗੜ੍ਹ ਦੀ 10 ਏਕੜ ਜ਼ਮੀਨ ਦੇਣ ਦਾ

ਖੱਬੇ-ਪੱਖੀ ਧਿਰਾਂ ਨੇ ਪ੍ਰਧਾਨ ਮੰਤਰੀ ਮੋਦੀ ਦੇ ਨਾਂਅ ਦਿੱਤਾ ਮੰਗ ਪੱਤਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕੇਂਦਰ ਸਰਕਾਰ ਵੱਲੋਂ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੀ 10 ਏਕੜ ਜ਼ਮੀਨ ਹਰਿਆਣੇ ਨੂੰ ਨਵੀਂ ਵਿਧਾਨ ਸਭਾ ਬਣਾਉਣ ਲਈ ਦੇਣ ਦੇ ਫੈਸਲੇ ਵਿਰੁੱਧ ਸੀਪੀਆਈ ਐੱਮਐੱਲ, ਨਿਊ ਡੈਮੋਕਰੇਸੀ, ਲਿਬਰੇਸ਼ਨ ਆਰਐੱਮਪੀਆਈ ਅਤੇ ਐੱਮਸੀਪੀਆਈ ਦੇ ਆਗੂ ਮੱਖਣ ਕੁਹਾੜ, ਤਰਲੋਕ ਸਿੰਘ ਬਹਿਰਾਮਪੁਰ ਅਤੇ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਦੀ ਅਗਵਾਈ ਵਿੱਚ ਜੀਏ ਗੁਰਦਾਸਪੁਰ ਅਦਿੱਤਿਆ ਗੁਪਤਾ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂ ਦਿੱਤੇ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਭਾਰਤ ਸਰਕਾਰ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਦੀ ਜ਼ਮੀਨ ਹਰਿਆਣੇ ਨੂੰ ਦੇਣ ਦਾ ਫੈਸਲਾ ਵਾਪਸ ਲਵੇ ਕਿਉਂਕਿ ਪੰਜਾਬ ਪੁਨਰਗਠਨ ਐਕਟ 1966 ਅਨੁਸਾਰ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਵਜੋਂ ਉਸਾਰਿਆ ਗਿਆ ਸੀ ਅਤੇ ਉਸ ਸਮੇਂ ਇਹ ਵੀ ਤੈਅ ਹੋਇਆ ਸੀ ਕਿ ਹਰਿਆਣੇ ਨੂੰ ਵੱਖਰੀ ਰਾਜਧਾਨੀ ਬਣਾ ਕੇ ਦਿੱਤੀ ਜਾਵੇਗੀ।ਪਰ 58 ਸਾਲ ਬੀਤ ਜਾਣ ਦੇ ਬਾਵਜੂਦ ਚੰਡੀਗੜ੍ਹ ਪੰਜਾਬ ਦੇ ਹਵਾਲੇ ਨਹੀਂ ਕੀਤਾ ਗਿਆ ਅਤੇ ਹੁਣ ਚੰਡੀਗੜ੍ਹ ਉਪਰ ਹਰਿਆਣੇ ਦੀ ਮਾਲਕੀ ਬਣਾਉਣ ਲਈ ਹਰਿਆਣੇ ਨੂੰ ਨਵੀਂ ਵਿਧਾਨ ਸਭਾ ਬਣਾਉਣ ਲਈ ਕੇਂਦਰ ਸਰਕਾਰ ਨੇ ਚੰਡੀਗੜ੍ਹ ਤੋਂ 10 ਏਕੜ ਜ਼ਮੀਨ ਦੇ ਹੁਕਮ ਜਾਰੀ ਕਰ ਦਿੱਤੇ ਹਨ।ਆਗੂਆਂ ਕਿਹਾ ਕਿ ਚੰਡੀਗੜ੍ਹ ਦੇ ਸਵਾਲ ਉਪਰ ਪੰਜਾਬ ਦੀ ਮਾਨ ਸਰਕਾਰ ਨੂੰ ਸਪੈਸ਼ਲ ਵਿਧਾਨ ਸਭਾ ਦਾ ਸੈਸ਼ਨ ਬੁਲਾਉਣਾ ਚਾਹੀਦਾ ਹੈ ਅਤੇ ਵਿਰੋਧੀ ਧਿਰ ਦੀ ਮੀਟਿੰਗ ਬੁਲਾ ਕੇ ਸਾਂਝੇ ਤੌਰ ਤੇ ਕੇਂਦਰ ਖਿਲਾਫ ਸੰਘਰਸ਼ ਲੜਿਆ ਜਾਣਾ ਚਾਹੀਦਾ। ਅਸਲ ਵਿੱਚ ਕੇਂਦਰ ਸਰਕਾਰ ਹਰਿਆਣੇ ਤੇ ਖਾਸ ਕਰ ਪੰਜਾਬ ਵਿੱਚ ਅੱਤਵਾਦ ਦੇ ਦੌਰ ਵਰਗਾ ਮਾਹੌਲ ਸਿਰਜਣ ਜਾ ਰਹੀ ਹੈ।ਪੰਜਾਬ ਅਤੇ ਹਰਿਆਣੇ ਦੇ ਕਿਸਾਨਾਂ ਦੀ ਏਕਤਾ ਵਿੱਚ ਖਟਾਸ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਵਜੋਂ ਇਸ ਤਰ੍ਹਾਂ ਦੇ ਕਦਮ ਚੁੱਕ ਰਹੀ ਹੈ ।ਪੰਜਾਬ ਦੇ ਲੋਕ ਕੇਂਦਰ ਸਰਕਾਰ ਦੀ ਇਹ ਸਾਜ਼ਿਸ਼ ਨੂੰ ਕਿਸੇ ਵੀ ਹਾਲਤ ਵਿੱਚ ਸਿਰੇ ਨਹੀਂ ਚੜ੍ਹ ਨ ਦੇਣਗੇ।ਖੱਬੇ ਪੱਖੀ ਧਿਰਾਂ ਦੇ ਇਸ ਇਸ ਵਫਦ ਵਿੱਚ ਠਾਕੁਰ ਧਿਆਨ ਸਿੰਘ, ਅਸ਼ਵਨੀ ਕੁਮਾਰ ਲੱਖਣ ਕਲਾਂ, ਵਿਜੇ ਸੋਹਲ, ਸੁਖਦੇਵ ਸਿੰਘ, ਅਜੀਤ ਸਿੰਘ ਹੁੰਦਲ, ਰਘਬੀਰ ਸਿੰਘ ਚਾਹਲ, ਪ੍ਰੇਮ ਮਸੀਹ ਸੋਨਾ, ਕੁਲਜੀਤ ਸਿੰਘ ਸਿੱਧਵਾਂ ਅਤੇ ਰਾਜ ਕੁਮਾਰ ਪੰਡੋਰੀ ਸ਼ਾਮਲ ਸਨ।

ਦੁੱਧ ਉਤਪਾਦਕਾਂ ਦੇ ਗਿਆਨ 'ਚ ਵਾਧੇ ਲਈ ਪਿੰਡ ਢੋਟੀਆਂ 'ਚ ਲੱਗਾ ਜਾਗਰੂਕਤਾ ਕੈਂਪ

ਤਰਨਤਾਰਨ (ਪ੍ਰਿਤਪਾਲ ਸਿੰਘ)-ਮਾਨਯੋਗ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ, ਖੇਤੀਬਾੜੀ ਵਿਕਾਸ ਅਤੇ ਕਿਸਾਨ ਭਲਾਈ ਵਿਭਾਗ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਮੰਤਰੀ ਅਤੇ ਕੁਲਦੀਪ ਸਿੰਘ, ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਦੀ ਯੋਗ ਅਗਵਾਈ ਹੇਠ ਅਤੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਰਿਆਮ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਪਿੰਡ ਢੋਟੀਆਂ, ਬਲਾਕ ਨੌਸ਼ਹਿਰਾ ਪੰਨੂੰਆਂ, ਜ਼ਿਲ੍ਹਾ ਤਰਨ ਤਾਰਨ ਵਿਖੇ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ ।ਇਸ ਕੈਂਪ ਵਿੱਚ ਆਏ ਹੋਏ ਡੇਅਰੀ ਫਾਰਮਰਾਂ ਨੂੰ ਡਾ. ਨਰਪਿੰਦਰ ਸਿੰਘ, ਰਿਟਾ, ਸੀਨੀਅਰ ਵੈਟਰਨਰੀ ਅਫਸਰ ਵੱਲੋਂ ਪਸ਼ੂਆਂ ਦੀਆਂ ਬਿਮਾਰੀਆਂ ਅਤੇ ਸਾਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ। ਸ. ਗੁਰਦਿਆਲ ਸਿੰਘ ਕਾਹਲੋਂ, ਰਿਟਾ. ਡੇਅਰੀ ਵਿਕਾਸ ਇੰਸਪੈਕਟਰ ਵੱਲੋਂ ਕੈਟਲ ਸ਼ੈੱਡ/ਦੁੱਧ ਦੀ ਬਣਤਰ ਅਤੇ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਵਰਿਆਮ ਸਿੰਘ ਗਿੱਲ ਵੱਲੋਂ ਵਿਭਾਗੀ ਸਕੀਮਾਂ 2 ਤੋਂ 20 ਦੁਧਾਰੂ ਪਸ਼ੂਆਂ ਦੇ ਕਰਜ਼ੇ, ਸਬਸਿਡੀਆਂ, ਐੱਨ. ਐੱਲ. ਐੱਮ. ਸਕੀਮ ਅਧੀਨ ਪਸ਼ੂਆਂ ਦੇ ਬੀਮੇ ਸਬੰਧੀ ਵਿਸਥਾਰਪੂਰਵਕ ਦੱਸਿਆ ਗਿਆ। ਕੰਵਲਜੀਤ ਸਿੰਘ ਡੇਅਰੀ ਵਿਕਾਸ ਸਬ ਇੰਸਪੈਕਟਰ, ਕਰਨਦੀਪ ਭਗਤ ਡੇਅਰੀ ਇੰਸਪੈਕਟਰ, ਤਜਿੰਦਰ ਸਿੰਘ, ਬਲਬੀਰ ਸਿੰਘ ਅਤੇ ਪਿੰਡ ਦੇ ਵਸਨੀਕ ਰਸ਼ਪਾਲ ਸਿੰਘ ਵੱਲੋਂ ਕੈਂਪ ਦਾ ਯੋਗ ਪ੍ਰਬੰਧ ਕੀਤਾ ਗਿਆ।ਪਿੰਡ ਢੋਟੀਆਂ ਦੇ ਸਰਪੰਚ ਹਰਜਿੰਦਰ ਸਿੰਘ ਵੱਲੋਂ ਡੇਅਰੀ ਵਿਕਾਸ ਵਿਭਾਗ ਦੇ ਆਏ ਹੋਏ ਅਫਸਰਾਂ ਦਾ ਧੰਨਵਾਦ ਕੀਤਾ ਗਿਆ।

ਅਣਪਛਾਤੇ ਵਾਹਨ ਦੀ ਟੱਕਰ ਵੱਜਣ ਨਾਲ ਮੋਟਰਸਾਈਕਲ ਸਵਾਰ ਦੀ ਮੌਤ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਨੂੰ ਦਿੱਤੇ ਬਿਆਨਾਂ ਵਿਚ ਤਰਲੋਕ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਨਬੀਪੁਰ ਕਲੋਨੀ ਗੁਰਦਾਸਪੁਰ ਨੇ ਦੱਸਿਆ ਕਿ 20 ਨਵੰਬਰ ਨੂੰ ਮੇਰਾ ਲੜਕਾ ਬਿਕਰਮ ਸਿੰਘ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਜੇਲ ਰੋਡ ਗੁਰਦਾਸਪੁਰ ਤੋਂ ਸ਼ਾਦੀ ਸਮਾਗਮ ਤੋਂ ਵਾਪਿਸ ਆਪਣੇ ਘਰ ਨੂੰ ਜਾ ਰਿਹਾ ਸੀ। ਜਦ ਉਹ ਯੱਸ਼ ਹਸਪਤਾਲ ਜੇਲ ਰੋਡ ਗੁਰਦਾਸਪੁਰ ਨਜ਼ਦੀਕ ਪੁੱਜਾ ਤਾਂ ਕਿਸੇ ਨਾ-ਮਾਲੂਮ ਵਹੀਕਲ ਚਾਲਕ ਨੇ ਉਸ ਦੇ ਮੋਟਰਸਾਇਕਲ ਨੂੰ ਟੱਕਰ ਮਾਰ ਦਿੱਤੀ।

ਜਿਸ ਨਾਲ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ ਹੈ।

ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਨਾ-ਮਾਲੂਮ ਵਹੀਕਲ ਚਾਲਕ ਖ਼ਿਲਾਫ਼ ਜ਼ੇਰੇ ਧਾਰਾ 106, 281, 324 (5) ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਕਿਸਾਨ ਸਭਾ ਦੇ ਆਗੂਆਂ ਵੱਲੋਂ ਮਾਰਕੀਟ ਕਮੇਟੀ ਅਧਿਕਾਰੀਆਂ ਨਾਲ ਮੀਟਿੰਗ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂਆਂ ਵੱਲੋਂ ਅੰਮ੍ਰਿਤਸਰ ਦੀ ਸਬਜ਼ੀ ਮੰਡੀ (ਵੱਲਾ) ਅੰਦਰ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਸਬੰਧ ਵਿੱਚ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਅਤੇ ਆੜ ਤੀ ਯੂਨੀਅਨ ਦੇ ਪ੍ਰਧਾਨ ਚਰਨਜੀਤ ਸਿੰਘ ਬੱਤਰਾ ਨੂੰ ਜਥੇਬੰਦੀਆਂ ਦਾ ਵਫਦ ਮਿਲਿਆ ਜਿਸ ਵਿੱਚ ਮੰਡੀ ਅੰਦਰ ਨਜਾਇਜ਼ ਤੌਰ ਤੇ ਸੜਕਾਂ ਤੇ ਕਬਜ਼ਾ ਕਰਕੇ ਮਾਲ ਵੇਚਣ ਵਾਲੇ ਵਿਅਕਤੀਆਂ ਕਾਰਨ ਮੰਡੀ ਅੰਦਰ ਆਉਣ ਵਾਲੇ ਵਹੀਕਲਾਂ ਲਈ ਜਗਾ ਨਾ ਹੋਣ ਕਰਕੇ ਟ੍ਰੈਫਿਕ ਅੰਦਰ ਭਾਰੀ ਮੁਸ਼ਕਲਾਂ ਆਉਣ ਬਾਰੇ ਚਰਚਾ ਹੋਈ।ਇਸ ਦੇ ਨਾਲ ਹੀ ਮੰਡੀ ਅੰਦਰ ਸਫਾਈ ਦੇ ਮਾੜੇ ਪ੍ਰਬੰਧ ਬਾਰੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੇ ਤੁਰੰਤ ਕਦਮ ਉਠਾਉਣ ਦਾ ਭਰੋਸਾ ਦਿਵਾਇਆ।ਇਸ ਦੇ ਨਾਲ ਹੀ ਸਬਜ਼ੀਆਂ ਦਾ ਸੀਜ਼ਨ ਹੋਣ ਕਾਰਣ ਮੰਡੀ ਨੂੰ ਆਉਣ ਵਾਲੇ ਰਸਤਿਆਂ ਉਪਰ ਟ੍ਰੈਫਿਕ ਦੀ ਸਮੱਸਿਆ ਦੇ ਹੱਲ ਵਾਸਤੇ ਸਬੰਧਤ ਪੁਲਸ ਅਧਿਕਾਰੀਆਂ ਕੋਲੋਂ ਪੱਕੇ ਟ੍ਰੈਫਿਕ ਪੁਲਸ ਮੁਲਾਜ਼ਮ ਤਾਇਨਾਤ ਕਰਨ ਦੀ ਮੰਗ ਕੀਤੀ ਗਈ।ਅੱਜ ਦੇ ਵਫਦ ਦੀ ਅਗਵਾਈ ਲਖਬੀਰ ਸਿੰਘ ਨਿਜ਼ਾਮਪੁਰ ਅਤੇ ਭੁਪਿੰਦਰ ਸਿੰਘ ਤੀਰਥਪੁਰ ਨੇਕੀਤੀ।ਇਸ ਸਮੇਂ ਜਥੇਬੰਦੀ ਦੇ ਵਫਦ ਵਿੱਚ ਤਰਸੇਮ ਸਿੰਘ ਨੰਗਲ ਦਿਆਲ, ਕਰਨੈਲ ਸਿੰਘ ਨਵਾਂ ਪਿੰਡ, ਰਾਜਬੀਰ ਸਿੰਘ ਫਤਿਹਪੁਰ, ਅਵਤਾਰ ਸਿੰਘ, ਜੱਗੂ ਵਡਾਲਾ ਜੌਹਲ, ਧਰਮਿੰਦਰ ਸਿੰਘ ਕਿਲਾ, ਜਸਪਾਲ ਸਿੰਘ ਨਬੀਪੁਰ, ਪ੍ਰਤਾਪ ਸਿੰਘ ਛੀਨਾ ਅਤੇ ਗੁਰਮੇਜ ਸਿੰਘ ਮੱਖਣਵਿੰਡੀ ਆਦਿ ਹਾਜ਼ਰ ਸਨ।ਜਥੇਬੰਦੀ ਨੇ ਸੰਯੁਕਤ ਕਿਸਾਨ ਮੋਰਚਾ ਅਤੇ ਦੇਸ਼ ਦੀ ਟਰੇਡ ਯੂਨੀਅਨਾਂ ਵੱਲੋਂ ਕਿਸਾਨ ਅੰਦੋਲਨ ਦੀ ਚੌਥੀ ਬਰਸੀ ਮੌਕੇ 26 ਨਵੰਬਰ ਨੂੰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਫਤਰ ਸਾਹਮਣੇ ਦਿੱਤੇ ਜਾਣ ਵਾਲੇ ਧਰਨੇ ਵਿੱਚ ਕਿਸਾਨਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।

ਪੰਜਾਬ ਸਟੇਟ ਡਿਵੈੱਲਪਮੈਂਟ ਟੈਕਸ ਪੋਰਟਲ 'ਤੇ ਰਜਿਸਟ੍ਰੇਸ਼ਨ ਜ਼ਰੂਰ ਕਰਵਾਓ : ਅੰਜਲੀ ਸਿੰਘ

ਤਰਨਤਾਰਨ (ਪ੍ਰਿਤਪਾਲ ਸਿੰਘ)-ਜ਼ਿਲ੍ਹਾ ਤਰਨਤਾਰਨ ਦੇ ਜੀ. ਐੱਸ. ਟੀ. ਸਟੇਟ ਕਮਿਸ਼ਨਰ ਅੰਜਲੀ ਸਿੰਘ ਨੇ ਤਰਨਤਾਰਨ ਦੀ ਬਾਰ ਐਸੋਸੀਏਸ਼ਨ ਅਤੇ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗ ਕਰਦੇ ਹੋਏ ਕਿਹਾ ਹੈ ਕਿ ਪੰਜਾਬ ਸਟੇਟ ਡਿਵੈਲਪਮੈਂਟ ਟੈਕਸ ਵਿੱਚ ਜਲਦ ਤੋਂ ਜਲਦ ਆਪਣੀ ਰਜਿਸਟ੍ਰੇਸ਼ਨ ਕਰਵਾਈ ਜਾਵੇ ਅਤੇ ਬਣਦੀ ਮਹੀਨੇਵਾਰ ਫੀਸ (200 ਰੁਪਏ) ਅਦਾ ਕਰਕੇ ਆਪਣੇ ਫ਼ਰਜ਼ ਦੀ ਪਾਲਣਾ ਕੀਤੀ ਜਾਵੇ।ਅੰਜਲੀ ਸਿੰਘ ਨੇ ਕਿਹਾ ਕਿ ਪੀ. ਐੱਸ. ਡੀ. ਟੀ. ਐਕਟ ਬਹੁਤ ਪੁਰਾਣਾ ਕਾਨੂੰਨ ਹੈ ਜਿਸਨੂੰ ਪੰਜਾਬ ਸਰਕਾਰ ਵੱਲੋਂ ਲਾਗੂ ਕੀਤਾ ਗਿਆ ਹੈ। ਤਰਨਤਾਰਨ ਜ਼ਿਲ੍ਹੇ ਵਿੱਚ ਬਹੁਤ ਘੱਟ ਲੋਕ ਹਨ, ਜੋ ਇਸ ਕਾਨੂੰਨ ਤਹਿਤ ਰਜਿਸਟਰ ਹੋਏ ਹਨ।ਕੋਈ ਵੀ ਨੌਕਰੀ ਕਰਨ ਵਾਲਾ, ਵਪਾਰੀ, ਮੈਨੂਫੈਕਚਰਿੰਗ ਯੂਨਿਟ ਹੈ, ਠੇਕੇਦਾਰ ਹੈ, ਉਸ 'ਤੇ ਇਹ ਕਾਨੂੰਨ ਲਾਗੂ ਹੈ।ਉਨ੍ਹਾਂ ਕਿਹਾ ਕਿ ਉਕਤ ਲੋਕ ਆਪ ਖੁਦ ਜਾਂ ਕਿਸੇ ਕੋਲੋਂ ਛੇਤੀ ਤੋਂ ਛੇਤੀ ਪੋਰਟਲ ਤੇ ਰਜਿਸਟਰ ਹੋ ਕੇ ਟੈਕਸ ਅਦਾ ਕਰਨ ਤਾਂ ਜੋ ਭਵਿੱਖ ਵਿੱਚ ਉਨ੍ਹਾਂ ਨੂੰ ਕੋਈ ਦਿੱਕਤ ਨਾ ਆਵੇ।ਇਹ ਵੀ ਵਿਚਾਰ ਕੀਤਾ ਗਿਆ ਕਿ ਜਿਨ੍ਹਾਂ ਵਪਾਰੀਆਂ ਦੇ ਜੀ. ਐੱਸ. ਟੀ. ਦੇ ਬਕਾਏ ਹਨ, ਉਹ ਵੀ ਤੁਰੰਤ ਜਮਾ ਕਰਵਾਏ ਜਾਣ ਨਹੀਂ ਤਾਂ ਉਨ੍ਹਾਂ 'ਤੇ ਕਾਨੂੰਨ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਈ. ਟੀ. ਓ. ਰਜਨੀ ਕੱਕੜ, ਸਿਮਰਨਦੀਪ ਸਿੰਘ ਬਰਾੜ, ਇੰਸਪੈਕਟਰ ਕੁਲਦੀਪ ਸਿੰਘ, ਇੰਸਪੈਕਟਰ ਰਾਜੇਸ਼ ਸ਼ਰਮਾ, ਅੰਗਰੇਜ਼ ਸਿੰਘ, ਹਰਪ੍ਰੀਤ ਸਿੰਘ, ਗੁਰਸ਼ਰਨ ਸਿੰਘ, ਹਰਮਨਪ੍ਰੀਤ ਸਿੰਘ, ਪ੍ਰਭਜੋਤ ਕੌਰ, ਐਡਵੋਕੇਟ ਆਦੇਸ਼ ਅਗਨੀਹੋਤਰੀ, ਸਚਿਨਦੀਪ ਸੂਦ, ਵਿਸ਼ਾਲ ਭਾਰਦਵਾਜ, ਵਰੁਣਦੀਪ ਸਿੰਘ ਮੌਜੂਦ ਸਨ।

ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਨੂੰ ਦਿੱਤੇ ਬਿਆਨਾਂ ਵਿਚ ਅਸ਼ਵਨੀ ਪੁੱਤਰ ਸ਼ਿਰਾਜ ਵਾਸੀ ਨੇੜੇ ਚਰਚ ਗੀਤਾ ਭਵਨ ਰੋਡ ਗੁਰਦਾਸਪੁਰ ਨੇ ਦੱਸਿਆ ਕਿ 7 ਨਵੰਬਰ ਨੂੰ ਕਰੀਬ ਸ਼ਾਮ 4 ਵਜੇ ਜੱਸ ਪੁੱਤਰ ਗਾਮਾ, ਊਸ਼ਾ ਪਤਨੀ ਜੱਸ, ਅਮਨ ਪੁੱਤਰ ਜੱਸ ਗਲੀ ਵਿੱਚ ਗਾਲੀ ਗਲੋਚ ਕਰ ਰਹੇ ਸੀ। ਜਦ ਮੈਂ ਅਜਿਹਾ ਕਰਨ ਤੋਂ ਰੋਕਿਆ ਤਾਂ ਉਕਤ ਵਿਅਕਤੀਆਂ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖਮੀ ਕਰ ਦਿੱਤਾ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਕਾਰਵਾਈ ਕਰਦਿਆਂ ਉਕਤ ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਮੁਫ਼ਤ ਹੁਨਰ ਸਿਖਲਾਈ ਕੋਰਸਾਂ ਲਈ ਰਜਿਸਟ੍ਰੇਸ਼ਨ ਕੈਂਪ 26 ਨੂੰ

ਨਵਾਂਸ਼ਹਿਰ (ਮਨੋਜ ਲਾਡੀ)-ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਦੱਸਿਆ ਕਿ ਪੰਜਾਬ ਹੁਨਰ ਵਿਕਾਸ ਮਿਸ਼ਨ ਅਧੀਨ ਪੰਜਾਬ ਸਰਕਾਰ ਵੱਲੋ ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ ਤਹਿਤ ਜ਼ਿਲ੍ਹੇ ਦੇ ਪੇਂਡੂ ਬੇਰੁਜ਼ਗਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇ ਕੇ ਰੋਜ਼ਗਾਰ ਦੇ ਯੋਗ ਬਣਾਉਣ ਲਈ ਉਮੀਦਵਾਰਾਂ ਦਾ ਦਾਖ਼ਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਮਿਤੀ 26 ਨਵੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਬਿਊਰੋ, ਕਮਰਾ ਨੰਬਰ 413 ਵਿਖੇ ਦਾਖਲਾ-ਕਮ-ਰਜਿਸਟ੍ਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਲਈ ਪੰਜਾਬ ਹੁਨਰ ਵਿਕਾਸ ਮਿਸ਼ਨ ਦੀ ਜ਼ਿਲ੍ਹਾ ਪੱਧਰੀ ਟੀਮ ਨਾਲ ਮੋਬਾਈਲ ਨੰਬਰ 83603-76675 'ਤੇ ਵੀ ਸੰਪਰਕ ਕੀਤਾ

23-Nov-PAGE-4.qxd 11/22/2024 10:51 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 23 ਨਵੰਬਰ 2024

ਇਲਾਜ ਸੰਭਵ

ਕੈਂਸਰ ਨੂੰ ਸਿਹਤ ਲਈ ਗੰਭੀਰ ਚੁਣੌਤੀ ਮੰਨਿਆ ਜਾਂਦਾ ਹੈ। ਹਰ ਸਾਲ ਇਸ ਰੋਗ ਕਾਰਨ ਲੱਖਾਂ ਲੋਕਾਂ ਦੀ ਮੌਤ ਹੋ ਜਾਂਦੀ ਹੈ। ਸਿਹਤ ਮਾਹਰ ਕਹਿੰਦੇ ਹਨ ਕਿ ਭਾਰਤ ਵਿੱਚ ਇਸ ਬਿਮਾਰੀ ਦਾ ਖਤਰਾ ਇਸ ਕਰਕੇ ਜ਼ਿਆਦਾ ਹੈ, ਕਿਉਂਕਿ ਬਹੁਤੇ ਲੋਕ ਡਾਕਟਰਾਂ ਕੋਲ ਆਖਰੀ ਪੜਾਵਾਂ 'ਚ ਪੁੱਜਦੇ ਹਨ, ਜਿੱਥੋਂ ਇਲਾਜ ਦੇ ਸਫਲ ਹੋਣ ਤੇ ਜਾਨ ਬਚਾਉਣ ਦੀ ਸੰਭਾਵਨਾ ਕਾਫੀ ਘੱਟ ਹੋ ਜਾਂਦੀ ਹੈ। ਹਾਲਾਂਕਿ ਕੈਂਸਰ ਨਾਲ ਜੰਗ ਏਨੀ ਵੀ ਔਖੀ ਨਹੀਂ ਹੈ, ਜੇ ਸਮਾਂ ਰਹਿੰਦਿਆਂ ਲੱਛਣਾਂ ਵੱਲ ਧਿਆਨ ਦਿੱਤਾ ਜਾਵੇ ਅਤੇ ਇਲਾਜ ਦੇ ਨਾਲ-ਨਾਲ ਪਹਰੇਜ਼ ਵੱਲ ਖਾਸ ਧਿਆਨ ਦਿੱਤਾ ਜਾਵੇ। ਇਸ ਦੀ ਤਾਜ਼ਾ ਮਿਸਾਲ ਨਵਜੋਤ ਸਿੰਘ ਸਿੱਧੂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਦੇ ਛਾਤੀ ਦੇ ਕੈਂਸਰ ਤੋਂ ਮੁਕਤ ਹੋਣ ਦੀ ਹੈ। ਡਾਕਟਰ ਸਿੱਧੂ ਦੇ ਠੀਕ ਹੋਣ ਦੀ ਖਬਰ ਸਿੱਧੂ ਨੇ ਵੀਰਵਾਰ ਸੁਣਾਈ। ਉਨ੍ਹਾ ਕਿਹਾ ਕਿ ਉਨ੍ਹਾ ਨੂੰ ਸੱਚ ਵਿੱਚ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਉਨ੍ਹਾ ਦੀ ਪਤਨੀ ਦੇ ਮੈਡੀਕਲੀ ਕੈਂਸਰ-ਮੁਕਤ ਹੋਣ ਦਾ ਐਲਾਨ ਕਰ ਦਿੱਤਾ ਗਿਆ ਹੈ। ਡਾ. ਸਿੱਧੂ ਨੂੰ ਕਰੀਬ ਦੋ ਸਾਲ ਪਹਿਲਾਂ ਇਸ ਨਾਮੁਰਾਦ ਰੋਗ ਦੀ ਜਕੜ ਵਿੱਚ ਆ ਜਾਣ ਦਾ ਪਤਾ ਲੱਗਿਆ ਸੀ। ਉਦੋਂ ਡਾਕਟਰਾਂ ਨੇ ਕਿਹਾ ਸੀ ਕਿ ਠੀਕ ਹੋਣ ਦੇ ਚਾਂਸ ਪੰਜ ਫੀਸਦੀ ਵੀ ਨਹੀਂ ਹਨ। ਡਾ. ਸਿੱਧੂ ਨੇ ਹੌਸਲਾ ਨਹੀਂ ਛੱਡਿਆ ਅਤੇ ਐਲੋਪੈਥੀ ਤੇ ਆਯੁਰਵੈਦਿਕ ਦਵਾਈਆਂ ਦੇ ਨਾਲ-ਨਾਲ ਪਰਹੇਜ਼ ਵੱਲ ਖਾਸ ਧਿਆਨ ਦਿੱਤਾ। ਨਿੱਜੀ ਜ਼ਿੰਦਗੀ ਵਿੱਚ ਕਾਫੀ ਅਨੁਸ਼ਾਸਤ ਸਿੱਧੂ ਪਰਵਾਰ ਨੇ ਕੈਂਸਰ ਬਾਰੇ ਖੁਦ ਵੀ ਕਾਫੀ ਅਧਿਐਨ ਕੀਤਾ। ਡਾ. ਸਿੱਧੂ ਨੇ ਨਿੰਮ ਦੀਆਂ ਪੱਤੀਆਂ, ਕੱਚੀ ਹਲਦੀ, ਨਿੰਬੂ, ਸੇਬ ਦੇ ਸਿਰਕੇ ਆਦਿ ਦੀ ਵਰਤੋਂ ਕੀਤੀ, ਜਿਸ ਨਾਲ ਸ਼ੂਗਰ ਤੇ ਕਾਰਬੋਹਾਈਡਰੇਟ ਦੀ ਸਰੀਰ ਵਿੱਚ ਮਾਤਰਾ ਘਟਾਉਣ 'ਚ ਮਦਦ ਮਿਲੀ ਤੇ ਇਸ ਨਾਲ ਕੈਂਸਰ ਦੇ ਸੈੱਲ ਵਧਣ ਦੀ ਥਾਂ ਮਰਨ ਲੱਗ ਪਏ। ਡਾ. ਸਿੱਧੂ ਨੇ ਖੰਡ, ਦੁੱਧ ਉਤਪਾਦਾਂ, ਮੈਦੇ ਆਦਿ ਦਾ ਤਿਆਗ ਕੀਤਾ। ਉਹ ਸ਼ਾਮ ਛੇ ਵਜੇ ਤੋਂ ਪਹਿਲਾਂ ਰਾਤ ਦਾ ਖਾਣਾ ਖਾ ਲੈਂਦੀ ਸੀ ਅਤੇ ਅਗਲੇ ਦਿਨ ਸਵੇਰੇ 10 ਵਜੇ ਦਿਨ ਦੀ ਸ਼ੁਰੂਆਤ ਨਿੰਬੂ ਪਾਣੀ ਨਾਲ ਕਰਦੀ ਸੀ। ਇਸ ਦੇ ਅੱਧੇ ਘੰਟੇ ਬਾਅਦ 10-12 ਨਿੰਮ ਦੇ ਪੱਤੇ ਖਾਂਦੀ ਸੀ। ਇਸ ਦਾ ਨਤੀਜਾ ਇਹ ਹੋਇਆ ਕਿ 40 ਕੁ ਦਿਨਾਂ ਵਿਚ ਗਰੇਡ-4 ਦੇ ਕੈਂਸਰ ਤੋਂ ਵਾਪਸੀ ਸ਼ੁਰੂ ਹੋ ਗਈ ਤੇ ਆਖਰ ਕੈਂਸਰ ਤੋਂ ਮੁਕਤੀ ਮਿਲ ਗਈ। ਡਾ. ਸਿੱਧੂ ਮਿਸਾਲ ਹੈ ਕਿ ਜੇ ਲਾਈਫ ਸਟਾਈਲ ਠੀਕ ਕਰ ਲਿਆ ਜਾਵੇ ਤਾਂ ਕੈਂਸਰ ਤੋਂ ਛੁਟਕਾਰਾ ਹਾਸਲ ਕੀਤਾ ਜਾ ਸਕਦਾ ਹੈ। ਡਾ. ਸਿੱਧੂ ਦੀ ਇਲਾਜ ਪ੍ਰਕਿਰਿਆ ਦੀ ਇਕ ਹੋਰ ਖਾਸ ਗੱਲ ਇਹ ਰਹੀ ਕਿ ਉਨ੍ਹਾ ਸਾਰਾ ਇਲਾਜ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਤੇ ਯਮੁਨਾਨਗਰ ਵਿਖੇ ਕਰਵਾਇਆ ਅਤੇ ਸਾਰਾ ਖਰਚ 10-12 ਲੱਖ ਰੁਪਏ ਆਇਆ। ਪ੍ਰਾਈਵੇਟ ਹਸਪਤਾਲਾਂ 'ਚ ਲੱਖਾਂ ਰੁਪਏ ਖਰਚਣ ਵਾਲਿਆਂ ਲਈ ਵੀ ਇਹ ਚੰਗੀ ਜਾਣਕਾਰੀ ਹੈ। ਕੈਂਸਰ ਰੋਗ ਦੇ ਮਾਹਰ ਵੀ ਮੰਨਦੇ ਹਨ ਕਿ ਖਾਣ-ਪੀਣ ਦੀਆਂ ਕਈ ਚੀਜ਼ਾਂ ਤੇ ਔਸ਼ਧੀਆਂ 'ਚ ਐਂਟੀ-ਕੈਂਸਰ ਗੁਣ ਹੁੰਦੇ ਹਨ, ਜਿਸ ਨਾਲ ਕੈਂਸਰ ਤੋਂ ਬਚਾਅ ਕੀਤਾ ਜਾ ਸਕਦਾ ਹੈ। ਤਾਂ ਵੀ, ਕੈਂਸਰ-ਪੀੜਤਾਂ ਨੂੰ ਆਯੁਰਵੈਦਿਕ ਉਪਾਅ ਕਰਨ ਤੋਂ ਪਹਿਲਾਂ ਡਾਕਟਰਾਂ ਨਾਲ ਸਲਾਹ ਜ਼ਰੂਰ ਕਰਨੀ ਚਾਹੀਦੀ ਹੈ, ਕਿਉਂਕਿ ਕੁਝ ਚੀਜ਼ਾਂ ਦਵਾਈਆਂ ਨਾਲ ਰਿਐਕਸ਼ਨ ਵੀ ਕਰ ਜਾਂਦੀਆਂ ਹਨ।

...ਪੰਜ ਆਬ ਨੂੰ ਅੱਗ ਲਾ ਕੇ

ਜਿਹੜੇ ਹੁੰਦੇ ਨੇ ਅਕਲ ਤੋਂ ਬਿਨਾਂ ਖਾਲੀ,
ਖੂਹ ਨਵੇਂ ਤੋਂ ਨਵੇਂ ਪੁਟਵਾਈ ਜਾਂਦੇ।
ਜਾਲ੍ਹੀ ਜਿਹੇ ਸ਼ਿਕਾਰ ਦੇ ਮਗਰ ਲਾ ਕੇ,
ਨਾਅਰਾ ਗਰਮ ਤੋਂ ਗਰਮ ਲਵਾਈ ਜਾਂਦੇ।
ਕਿਵੇਂ ਜ਼ਹਿਰ ਸਮਾਜ ਵਿੱਚ ਘੋਲਣੀ ਹੈ,
ਬਹਿ ਕੇ ਓਹਲੇ 'ਚ ਬਣਤ ਬਣਾਈ ਜਾਂਦੇ।
ਪਾ ਕੇ ਜੇਬ੍ਹਾਂ ਵਿੱਚ ਕਾਗਜ਼ੀ ਨੋਟ ਵੱਡੇ,
ਜਨਤਾ ਸਾਹਮਣੇ ਭਾਨ ਖੜਕਾਈ ਜਾਂਦੇ।
ਲੱਕ ਬੰਨ੍ਹ ਕਲਜੋਗਣਾਂ ਫਿਰਦੀਆਂ ਨੇ,
ਆਪਣੇ ਚਿਹਰਿਆਂ ਉੱਤੇ ਨਕਾਬ ਪਾ ਕੇ।
ਲੈਣ ਦੇਣਾ ਨਹੀਂ ਸਾਹ ਪੰਜਾਬੀਆਂ ਨੂੰ,
ਹਟਣਾ ਸੁਖੀ ਪੰਜਆਬ ਨੂੰ ਅੱਗ ਲਾ ਕੇ।

-ਗੁਲਪੁਰ

ਭਾਰਤ ਉੱਪਰ ਮੰਡਰਾ ਰਹੇ ਫਾਸ਼ੀਵਾਦੀ ਬੱਦਲਾਂ ਪ੍ਰਤੀ ਗੰਭੀਰ ਹੋਣ ਦੀ ਲੋੜ



ਪਵਨ ਕੁਮਾਰ ਕੌਸ਼ਲ

ਜਿਵੇਂ-ਜਿਵੇਂ ਸਰਮਾਏਦਾਰੀ ਦਾ ਵਿਕਾਸ ਹੁੰਦਾ ਜਾਂਦਾ ਹੈ, ਪੂੰਜੀ ਕੁੱਝ ਹੱਥਾਂ ਵਿੱਚ ਇਕੱਤਰ ਹੁੰਦੀ ਜਾਂਦੀ ਹੈ ਅਤੇ ਅਖੀਰ 'ਚ ਮੁੱਠੀ ਭਰ ਧਨਾਢ ਇਸ ਉਪਰ ਕਾਬਜ਼ ਹੋ ਜਾਂਦੇ ਹਨ। ਉਦਯੋਗਿਕ ਪੂੰਜੀ ਅਤੇ ਬੈਂਕ ਪੂੰਜੀ ਦਾ ਇੱਕ ਹੋ ਜਾਣ 'ਤੇ ਇਹ ਵਿੱਤੀ ਪੂੰਜੀ ਦਾ ਰੂਪ ਧਾਰਨ ਕਰ ਲੈਂਦੀ ਹੈ। ਉਦਯੋਗਿਕ ਅਤੇ ਬੈਂਕਿੰਗ ਪੂੰਜੀ ਦੇ ਵਿਲੀਨ ਹੋਣ ਦੇ ਨਤੀਜੇ ਵਜੋਂ ਵਿੱਤ ਪੂੰਜੀ ਉਭਰਦੀ ਹੈ। ਪੂੰਜੀ ਦਾ ਇਹ ਨਵਾਂ ਰੂਪ ਵਿੱਤੀ ਕੁਲੀਨਸ਼ਾਹੀ ਦੇ ਉਭਾਰ ਵੱਲ ਅਗਵਾਈ ਕਰਦਾ ਹੈ, ਜੋ ਆਰਥਿਕਤਾ ਅਤੇ ਸਰਕਾਰ ਨੂੰ ਨਿਯੰਤਰਿਤ ਕਰਦਾ ਹੈ।

ਪੂੰਜੀ ਆਪਣੀ ਪਕੜ ਨੂੰ ਹੋਰ ਮਜ਼ਬੂਤ ਕਰਨ ਲਈ ਇਹ ਅੱਗੇ ਏਕਾਅਧਿਕਾਰਵਾਦ ਵੱਲ ਨੂੰ ਮੋੜਾ ਕਟਦੀ ਹੈ ਅਤੇ ਤਾਨਾਸ਼ਾਹੀ ਦਾ ਰੂਪ ਲੈ ਲੈਂਦੀ ਹੈ। ਜਦੋਂ ਤਾਨਾਸ਼ਾਹੀ ਰਾਸ਼ਟਰਵਾਦ, ਨਸਲਵਾਦ, ਸੱਜ-ਪਿਛਾਖੜੀ ਤੇ ਪਿਛਾਂਹ-ਖਿਚੂ ਤਾਕਤਾਂ ਅਤੇ ਧਾਰਮਿਕ ਫਿਰਕੂਵਾਦ ਦਾ ਸਮੂਹ ਬਣ ਜਾਂਦੀ ਹੈ ਤਾਂ ਫਾਸ਼ੀਵਾਦ ਜਨਮ ਲੈਂਦਾਹੈ। ਭਾਰਤ ਅਜੇ ਅਜਿਹੀ ਸਥਿਤੀ ਵਿੱਚ ਨਹੀ ਪੁੱਜਾ, ਪ੍ਰੰਤੂ ਆਉਣ ਵਾਲੇ ਸਮੇਂ ਵਿੱਚ ਪੁੱਜਣ ਦੀ ਸੰਭਾਵਨਾ ਤੋਂ ਇਨਕਾਰ ਨਹੀ ਕੀਤਾ ਜਾ ਸਕਦਾ।

ਵਿਸ਼ਵ ਭਰ 'ਚ ਤਾਨਸ਼ਾਹੀ ਰਾਜ ਸਥਾਪਤ ਕਰਨ ਹਿੱਤ ਵਿਸ਼ਵ ਆਰਥਕ ਮੰਚ ਦੀ ਅਗਵਾਈ ਹੇਠ ਅੰਤਰ-ਰਾਸ਼ਟਰੀ ਸੰਸਥਾਵਾਂ; ਵਿਸ਼ਵ ਵਪਾਰ ਸੰਸਥਾ, ਅੰਤਰ-ਰਾਸ਼ਟਰੀ ਮੁਦਰਾ ਕੋਸ਼, ਵਿਸ਼ਵ ਬੈਂਕ, ਵਿਸ਼ਵ ਸਿਹਤ ਸੰਸਥਾ ਆਦਿ ਕੰਮ ਕਰ ਰਹੀਆਂ ਹਨ। ਕੋਰੋਨਾ ਦੌਰ ਸਮੇਂ ਇਹ ਦੇਖਣ ਨੂੰ ਮਿਲਿਆ ਹੈ ਕਿ ਕਿਵੇਂ ਵਿਸ਼ਵ ਸਿਹਤ ਸੰਸਥਾ ਨੇ ਸਾਰੇ ਵਿਸ਼ਵ ਅੰਦਰ ਲਾਕ-ਡਾਊਨ ਕਰਨ ਅਤੇ ਹੋਰ ਹਦਾਇਤਾਂ ਦਾ ਪਾਲਣ ਕਰਨ ਲਈ ਮਜਬੂਰ ਕੀਤਾ।

ਫਾਸ਼ੀਵਾਦ ਵਿੱਤੀ ਪੂੰਜੀ ਦੇ ਸਭ ਤੋਂ ਵੱਧ ਪ੍ਰਤਿਕ੍ਰਿਆਵਾਦੀ, ਸਭ ਤੋਂ ਸ਼ਾਵਨਵਾਦੀ ਅਤੇ ਸਭ ਤੋਂ ਵੱਧ ਸਾਮਰਾਜਵਾਦੀ ਤੱਤਾਂ ਦੀ ਖੁੱਲੀ ਅੱਤਵਾਦੀ ਤਾਨਾਸ਼ਾਹੀ ਹੁੰਦੀ ਹੈ । ਫਾਸ਼ੀਵਾਦ ਭ੍ਰਿਸ਼ਟਾਚਾਰ ਦੀ ਨਿੰਦਾ ਕਰਨ ਦਾ ਪਖੰਡ ਕਰਦਾ ਹੈ। ਫਾਸ਼ੀਵਾਦ ਜੋ ਵੀ ਮਖੌਟਾ ਅਪਣਾ ਲਵੇ, ਫਾਸ਼ੀਵਾਦ ਕਿਰਤੀ ਲੋਕਾਂ ਦੇ ਸਮੂਹ 'ਤੇ ਪੂੰਜੀ ਦਾ ਸਭ ਤੋਂ ਭਿਆਨਕ ਹਮਲਾ ਹੈ। ਫਾਸ਼ੀਵਾਦ ਮਜ਼ਦੂਰ ਜਮਾਤ ਅਤੇ ਸਾਰੇ ਕਿਰਤੀ ਲੋਕਾਂ ਦਾ ਸਭ ਤੋਂ ਘਾਤਕ ਦੁਸ਼ਮਣ ਹੈ।

ਫਾਸ਼ੀਵਾਦ ਨੇ ਕਿਰਤੀਆਂ ਅਤੇ ਨੌਜਵਾਨਾਂ ਨੂੰ ਇੱਕ ਸ਼ਾਨਦਾਰ ਭਵਿੱਖ ਲਈ ਇੱਕ ਵਿਸ਼ਾਲ ਰਾਜਮਾਰਗ ਦਾ ਵਾਅਦਾ, ਬੇਜ਼ਮੀਨੇ ਅਤੇ ਬਰਬਾਦ ਕਿਸਾਨਾਂ ਦੇ ਹਿੱਤਾਂ ਵਿੱਚ ਕਿਸਾਨਾਂ ਨੂੰ ਕਰਜ਼ੇ ਦੇ ਬੰਧਨ ਤੋਂ ਮੁਕਤ ਕਰਨ, ਕਿਰਾਏ ਨੂੰ ਖਤਮ ਕਰਨ ਅਤੇ ਬਿਨਾਂ ਮੁਆਵਜ਼ੇ ਦੇ ਜ਼ਮੀਨੀ ਜਾਇਦਾਦਾਂ ਨੂੰ ਜ਼ਬਤ ਨਾ ਕਰਨ ਦਾ ਵਾਅਦਾ ਕੀਤਾ ਸੀ, ਪਰ ਅਸਲ ਵਿੱਚ ਇਹ ਕਿਰਤੀ ਕਿਸਾਨਾਂ ਨੂੰ ਟਰੱਸਟਾਂ ਅਤੇ ਫਾਸ਼ੀਵਾਦੀ ਰਾਜ-ਤੰਤਰ ਦੀ ਬੇਮਿਸਾਲ ਗੁਲਾਮੀ ਦੀ ਹਾਲਤ ਵਿੱਚ ਰੱਖ ਰਿਹਾ ਹੈ ਅਤੇ ਵੱਡੇ ਜ਼ਮੀਨ ਮਾਲਕਾਂ, ਬੈਂਕਾਂ ਅਤੇ ਸੂਦਖੋਰਾਂ ਦੁਆਰਾ ਕਿਸਾਨੀ ਦੇ ਵੱਡੇ ਸਮੂਹ ਦਾ ਸਭ ਤੋਂ ਵੱਧ ਸ਼ੋਸ਼ਣ ਰਿਹਾ ਹੈ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਗਵਾਈ ਹੇਠ ਭਾਜਪਾ ਸਰਕਾਰ ਭਾਰਤ ਅੰਦਰ ਫਾਸ਼ੀਵਾਦੀ ਰਾਜ ਸਥਾਪਤ ਕਰਨ ਲਈ ਅੱਗੇ ਵਧ ਰਹੀ ਹੈ। ਇਸ ਦੇ ਵਿਚਾਰਧਾਰਕ ਅਤੇ ਸਿਧਾਂਤਕਾਰ ਸੰਗਠਨ ਆਰ ਐੱਸ ਐੱਸ ਦਾ ਗਠਨ ਇਸੇ ਅਧਾਰ ਉਪਰ ਕੀਤਾ ਗਿਆ ਸੀ। ਆਰ ਐੱਸ ਐੱਸ ਦੇ ਇੱਕ ਪ੍ਰਮੁੱਖ ਆਗੂ ਦਾ ਕਹਿਣਾ- ਸਾਡਾ ਟੀਚਾ ਭਾਰਤ ਨੂੰ ਹਿੰਦੂ ਰਾਸ਼ਟਰ ਬਣਾਉਣਾ ਹੈ। ਮੁਸਲਮਾਨਾਂ ਅਤੇ ਈਸਾਈਆਂ ਨੂੰ ਇੱਥੇ ਰਹਿਣ ਦਾ ਕੋਈ ਅਧਿਕਾਰ ਨਹੀਂ ਹੈ। ਇਸ ਲਈ ਉਹ ਜਾਂ ਤਾਂ ਹਿੰਦੂ ਧਰਮ ਵਿੱਚ ਤਬਦੀਲ ਹੋ ਜਾਣਗੇ ਜਾਂ ਇੱਥੋਂ ਭੱਜਣ ਲਈ ਮਜਬੂਰ ਹੋਣਗੇ।

ਵਿਨਾਇਕ ਦਮੋਦਰ ਸਾਵਰਕਰ ਹਿਟਲਰ ਦੇ ਯਹੂਦੀ ਵਿਰੋਧੀ ਕਤਲੇਆਮ ਦਾ ਸਮਰਥਨ ਕਰਨ ਲਈ ਅੱਗੇ ਵਧੇ ਅਤੇ 14 ਅਕਤੂਬਰ, 1938 ਨੂੰ ਉਨ੍ਹਾਂ ਭਾਰਤ ਵਿੱਚ ਮੁਸਲਿਮ ਸਮੱਸਿਆ ਦਾ ਇਹੀ ਹੱਲ ਸੁਝਾਇਆ, ਇੱਕ ਰਾਸ਼ਟਰ ਉਸ ਵਿੱਚ ਰਹਿਣ ਵਾਲੀ ਬਹੁਗਿਣਤੀ ਦੁਆਰਾ ਬਣਾਇਆ ਜਾਂਦਾ ਹੈ। ਜਰਮਨੀ ਵਿਚ ਯਹੂਦੀਆਂ ਨੇ ਕੀ ਕੀਤਾ? ਘੱਟ ਗਿਣਤੀ ਵਿੱਚ ਹੋਣ ਕਾਰਨ ਉਹਨਾਂ ਨੂੰ ਜਰਮਨੀ ਤੋਂ ਬਾਹਰ ਕੱਢ ਦਿੱਤਾ ਗਿਆ ਸੀ।'

ਭਾਰਤ ਦੇ ਸਿਆਸੀ ਹਾਲਾਤ 'ਤੇ ਨਜ਼ਰ ਮਾਰੀਏ ਤਾਂ 1992 ਵਿੱਚ ਕਾਂਗਰਸ ਸਰਕਾਰ ਵੱਲੋਂ ਦੇਸ਼ ਅੰਦਰ ਵਿਸ਼ਵੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਨ ਨਾਲ ਬੇਰੁਜ਼ਗਾਰੀ, ਗਰੀਬੀ, ਆਰਥਕ ਅਸਮਾਨਤਾ ਅਤੇ ਭ੍ਰਿਸ਼ਟਾਚਾਰ ਵਿੱਚ ਵਾਧੇ ਦਾ ਫਾਇਦਾ ਉਠਾਉਂਦੇ ਹੋਏ ਭਾਜਪਾ 2014 ਵਿੱਚ ਸੱਤਾ 'ਤੇ ਕਾਬਜ਼ ਹੋ ਗਈ। ਇਸ ਨੇ 2014 ਵਿੱਚ ਸਤਾ ਵਿੱਚ ਆਉਣ ਲਈ ਬੇਰੁਜ਼ਗਾਰਾਂ ਲਈ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ, ਅੱਛੇ ਦਿਨ ਲਿਆਉਣ, ਭ੍ਰਿਸ਼ਟਾਚਾਰ ਖਤਮ ਕਰਨ, ਵਿਦੇਸ਼ਾਂ ਤੋਂ ਕਾਲਾ ਧਨ ਵਾਪਸ ਲਿਆਉਣ ਅਤੇ ਹਰੇਕ ਭਾਰਤ ਵਾਸੀ ਦੇ ਖਾਤੇ ਵਿੱਚ 15 ਲੱਖ ਰੁਪਏ ਜਮ੍ਹਾਂ ਕਰਨ ਅਤੇ ਕਿਸਾਨੀ ਦੀ ਹਾਲਤ ਸੁਧਾਰਨ ਲਈ ਉਨ੍ਹਾਂ ਦੇ ਕਰਜ਼ੇ ਮਾਫ ਕਰਨ ਅਤੇ ਹੋਰ ਵਾਅਦੇ ਕੀਤੇ ਸਨ।

ਸੱਤਾ ਉਪਰ ਕਾਬਜ਼ ਹੋਣ ਤੋਂ ਬਾਅਦ ਮੋਦੀ ਸਰਕਾਰ ਨੇ ਵਿਸ਼ਵੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਨ ਵਿੱਚ ਹੋਰ ਤੇਜੀ ਲਿਆਂਦੀ। ਚੋਣਾਂ 'ਚ ਕੀਤੇ ਵਾਅਦੇ ਭੁਲਾ ਦਿੱਤੇ, ਸਗੋਂ ਕਿਸਾਨਾਂ ਦੀ ਜ਼ਮੀਨ ਹੜੱਪਣ ਲਈ ਤਿੰਨ ਕਾਲੇ ਕਾਨੂੰਨ ਲਿਆਂਦੇ, ਮਜ਼ਦੂਰਾਂ ਦੇ ਟਰੇਡ ਯੂਨੀਅਨਾਂ ਬਨਾਉਣ, ਅਦਾਲਤੀ ਚਾਰਾਜ਼ੋਈ ਕਰਨ ਦੇ ਅਧਿਕਾਰ ਆਦਿ ਖੋਹਣ ਹਿੱਤ ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਉਨ੍ਹਾਂ ਦੀ ਥਾਂ ਚਾਰ ਕੋਡ ਲੈ ਆਂਦੇ।

ਹਿੰਦੂਤਵ ਰਾਸ਼ਟਰਵਾਦ ਦਾ ਇੱਕ ਨਸਲੀ ਰੂਪ ਹੈ ਅਤੇ ਇੱਕ ਰਾਜਨੀਤਕ ਵਿਚਾਰਧਾਰਾ ਹੈ। ਇਹ ਰਾਜਨੀਤਕ ਵਿਚਾਰਧਾਰਾ ਵਿਨਾਇਕ ਦਾਮੋਦਰ ਸਾਵਰਕਰ ਦੁਆਰਾ 1922 ਵਿੱਚ ਤਿਆਰ ਕੀਤੀ ਗਈ ਸੀ। ਸਾਵਰਕਰ ਦੀ ਪਰਿਭਾਸ਼ਾ ਅਨੁਸਾਰ ਹਿੰਦੂਤਵ ਦੇ ਤਿੰਨ ਜ਼ਰੂਰੀ ਤੱਤ ਹਨ, ਰਾਸ਼ਟਰਵਾਦ, ਨਸਲਵਾਦ / ਜਾਤੀਵਾਦ ਅਤੇ ਸਾਂਝੀ ਸੰਸਕ੍ਰਿਤੀ ਜਾਂ ਸੱਭਿਅਤਾ।

ਆਰ ਐਸ ਐਸ ਨੇਤਾ ਮੋਹਨ ਭਾਗਵਤ ਸੰਵਿਧਾਨ ਪ੍ਰਤੀ ਵਫ਼ਾਦਾਰੀ ਦੀ ਗੱਲ ਕਰਦੇ ਹਨ, ਪਰ ਇਸ ਦੇ ਮੂਲ ਤੱਤ: ਨਿਆਂ, ਆਜ਼ਾਦੀ, ਸਮਾਨਤਾ, ਭਾਈਚਾਰਾ, ਧਰਮ ਨਿਰਪੱਖਤਾ, ਸਮਾਜਵਾਦ ਅਤੇ ਲੋਕਤੰਤਰ, ਜ਼ਮੀਰ ਅਤੇ ਧਾਰਮਿਕ ਵਿਸ਼ਵਾਸ ਦੀ ਆਜ਼ਾਦੀ , ਧਰਮ ਨਿਰਪੱਖਤਾ ਅਤੇ ਧਾਰਮਿਕ, ਜਾਤੀ ਅਤੇ ਲਿੰਗ ਘੱਟ ਗਿਣਤੀਆਂ ਦੇ ਬਰਾਬਰ ਨਾਗਰਿਕਤਾ ਦੇ ਅਧਿਕਾਰ ਨੂੰ ਨਜ਼ਰ-ਅੰਦਾਜ਼ ਕਰਦੇ ਹਨ ।

ਪਿਛਲੇ 10 ਸਾਲਾਂ ਤੋਂ ਆਰ ਐੱਸ ਐੱਸ ਦੇ ਥਾਪੜੇ ਨਾਲ ਭਾਜਪਾ ਦੇ ਸ਼ਾਸਨ ਕਾਲ ਦੌਰਾਨ ਨਫ਼ਰਤ ਭਰੀ ਫਿਰਕੂ ਅਤੇ ਨਸਲੀ ਹਿੰਸਾ ਵਿੱਚ ਭਿਆਨਕ ਵਾਧਾ ਹੋ ਰਿਹਾ ਹੈ। ਜਮਹੂਰੀ ਸੰਸਥਾਵਾਂ ਦੇ ਅਧਿਕਾਰਾਂ ਨੂੰ ਖੋਰਾ, ਬੌਧਿਕਤਾ, ਵਿਗਿਆਨ, ਖੱਬੇ-ਪੱਖੀ ਰਾਜਨੀਤੀ ਵਿਰੁੱਧ ਨਫ਼ਰਤੀ ਪ੍ਰਚਾਰ, ਵਧ ਰਹੀ ਬੇਰਹਿਮੀ, ਕੁਲੀਨਵਾਦੀ ਕ੍ਰੋਨੀ ਪੂੰਜੀਵਾਦ (ਸਿਆਸੀ ਜਮਾਤਾਂ ਅਤੇ ਵਪਾਰੀਆਂ ਦਾ ਆਪਸੀ ਨਾਪਾਕ ਗੱਠਜੋੜ) ਦਾ ਵਧਣਾ ਦੇਸ਼ ਲਈ ਇੱਕ ਖਤਰੇ ਦੀ ਘੰਟੀ ਹੈ।

ਸੀ ਏ ਏ (ਨਾਗਰਿਕ ਸੋਧ ਕਾਨੂੰਨ) ਵਰਗਾ ਘੱਟ ਗਿਣਤੀ ਵਿਰੋਧੀ ਕਾਨੂੰਨ ਅਤੇ ਜੰਮੂ-ਕਸ਼ਮੀਰ ਤੋਂ ਧਾਰਾ 370 ਅਤੇ 35-ਏ ਨੂੰ ਰੱਦ ਕਰਨ ਵਰਗੀਆਂ ਪ੍ਰਮੁੱਖ ਨੀਤੀਗਤ ਪਹਿਲਕਦਮੀਆਂ ਸ਼ਾਮਲ ਹਨ।

ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਭਾਰਤ ਵਿੱਚ ਫਾਸ਼ੀਵਾਦ ਦੀ ਆਮਦ ਵੱਲ ਵਧਦੇ ਕਦਮਾਂ ਬਾਰੇ ਕੁਝ ਟਿਪਣੀਆਂ ;

* ਅੱਜ ਭਾਰਤ ਪੂਰੀ ਤਰ੍ਹਾਂ ਫਾਸ਼ੀਵਾਦ ਵੱਲ ਵਧ ਰਿਹਾ ਹੈ। ਅੱਜ ਮੋਦੀ ਸਰਕਾਰ ਨੇ ਇੱਕ ਨਵੇਂ ਹਿੰਦੂ ਸਰਵੋਤਮਵਾਦੀ ਰਾਸ਼ਟਰ ਦੇ ਨਾਅ 'ਤੇ ਭਾਰਤ ਦੇ ਧਰਮ ਨਿਰਪੱਖ ਸੰਵਿਧਾਨ ਨੂੰ ਉਲਟਾਉਣ ਲਈ ਇੱਕ ਫੈਸਲਾਕੁੰਨ ਕਦਮ ਚੁੱਕਿਆ ਹੈ। (ਪ੍ਰੋਗਰੈਸਿਵ ਇੰਟਰਨੈਸ਼ਨਲ ਦੀ ਕੈਬਨਿਟ ਦਾ ਬਿਆਨ 22.1.2024)

ਹਿੰਦੂਤਵ ਫਾਸ਼ੀਵਾਦ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਲਈ ਖਤਰਾ ਹੈ। ਭਾਰਤ ਵਿੱਚ ਫਾਸ਼ੀਵਾਦ ਆਪਣੀ ਆਮਦ ਲਈ ਰਸਤਾ ਖੋਜ ਰਿਹਾ ਹੈ। ਇਹ ਹਿੰਦੂ ਰਾਸ਼ਟਰਵਾਦ ਹਿੰਦੂਤਵ ਦੁਆਰਾ ਪੈਦਾ ਹੋਇਆ ਹੈ ਅਤੇ ਹੁਣ ਭਾਰਤੀ ਲੋਕਤੰਤਰ ਲਈ ਇੱਕ ਗੰਭੀਰ ਖ਼ਤਰਾ ਹੈ, (ਅਮਿਤ ਸਿੰਘ ਨ/ 'ਦਿ ਲੂਪ' ਈ ਸੀ ਪੀ ਆਰ ਦੇ ਰਾਜਨੀਤੀ ਵਿਗਿਆਨ ਬਲੌਗ ਵਿੱਚ ਲਿਖਿਆ ਹੈ)

ਅਰੁੰਧਤੀ ਰਾਏ ਨੇ ਭਾਰਤ ਵਿੱਚ ਫਾਸ਼ੀਵਾਦ ਦੀਆਂ ਅਲਾਮਤਾਂ ਬਾਰੇ ਕਿਹਾ-ਇਹ

23-NOV-PAGE-5.qxd 11/22/2024 10:47 PM Page 1

ਫਿਰਕੂ ਫਾਸ਼ੀਵਾਦੀ ਤਾਕਤਾਂ ਨੂੰ ਹਰਾਉਣ ਲਈ ਕਮਿਊਨਿਸਟ ਲਹਿਰ ਦੀ ਮਜ਼ਬੂਤੀ ਅਤਿ ਜ਼ਰੂਰੀ : ਅਰਸ਼ੀ

30 ਦਸੰਬਰ ਦੀ ਵਿਸ਼ਾਲ ਰਾਜਸੀ ਰੈਲੀ 'ਚ ਵੱਡੀ ਗਿਣਤੀ 'ਚ ਲੋਕ ਕਰਨਗੇ ਸ਼ਮੂਲੀਅਤ : ਚੌਹਾਨ/ਉੱਡਤ

ਮਾਨਸਾ/ਸਰਦੂਲਗੜ੍ਹ (ਆਤਮਾ ਸਿੰਘ ਪਮਾਰ/ਅਵਤਾਰ ਜਟਾਣਾ)-ਬਾਬਾ ਧਿਆਨ ਦਾਸ ਦੇ ਡੇਰੇ 'ਤੇ ਸੀ ਪੀ ਆਈ ਸਬ ਡਵੀਜ਼ਨ ਸਰਦੂਲਗੜ੍ਹ ਦੀ ਇੱਕ ਅਹਿਮ ਜਨਰਲ ਬਾਡੀ ਦੀ ਮੀਟਿੰਗ ਕਾ. ਬਲਦੇਵ ਸਿੰਘ ਬਾਜੇਵਾਲਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੇ ਆਰੰਭ ਵਿੱਚ ਵਿੱਛੜੇ ਸਾਥੀਆਂ ਨੂੰ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿੱਚ ਸੀ ਪੀ ਆਈ ਦੀ ਜਨਮ ਸ਼ਤਾਬਦੀ ਨੂੰ ਸਮਰਪਤ 30 ਦਸੰਬਰ ਦੀ ਵਿਸ਼ਾਲ ਰਾਜਸੀ ਰੈਲੀ ਸਬੰਧੀ ਵਿਚਾਰ ਚਰਚਾ ਕੀਤੀ ਗਈ।ਇਸ ਰੈਲੀ ਨੂੰ ਸੰਬੋਧਨ ਕਰਨ ਲਈ ਸੀ ਪੀ ਆਈ ਦੇ ਕੌਮੀ ਸਕੱਤਰ ਕਾ. ਐਨੀ ਰਾਜਾ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਇਸ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾ. ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਦੇਸ਼ ਅਜ਼ਾਦੀ ਤੋਂ ਬਾਅਦ ਸਭ ਤੋਂ ਬੁਰੇ ਦੌਰ 'ਚੋਂ ਗੁਜ਼ਰ ਰਿਹਾ ਹੈ। ਫਿਰਕੂ ਫਾਸ਼ੀਵਾਦੀ ਸੰਘੀ ਤਾਕਤਾਂ ਦੀ ਚੜ੍ਹ ਮੱਚੀ ਹੋਈ ਹੈ, ਫਿਰਕੂ ਤਾਕਤਾਂ ਆਪਣੀ ਪਿਛਾਖੜੀ ਜ਼ਹਿਰੀਲੀ ਫਿਰਕੂ ਸੋਚ ਤਹਿਤ ਦੇਸ਼ ਦੇ ਟੁੱਕੜੇ-ਟੁੱਕੜੇ ਕਰਨ ਤੇ ਭਾਰਤੀ ਸੰਵਿਧਾਨ ਦੀ ਮੂਲ ਧਾਰਨਾ ਧਰਮ ਨਿਰਪੱਖਤਾ ਨੂੰ ਖਤਮ ਕਰਨ 'ਤੇ ਤੁਲੀਆਂ ਹੋਈਆਂ ਹਨ।ਅਰਸ਼ੀ ਨੇ ਕਿਹਾ ਕਿ ਫਿਰਕੂ ਫਾਸ਼ੀਵਾਦੀ ਤਾਕਤਾਂ ਨੂੰ ਦੇਸ਼ ਦੀ ਸੱਤਾ ਤੋਂ ਬਾਹਰ ਕਰਨ ਲਈ ਕਮਿਊਨਿਸਟ ਲਹਿਰ ਦੀ ਮਜ਼ਬੂਤੀ ਅਤਿ ਜ਼ਰੂਰੀ ਹੈ।ਇਸ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾ. ਕ੍ਰਿਸ਼ਨ ਚੌਹਾਨ ਤੇ ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ 30 ਦਸੰਬਰ ਦੀ ਮਾਨਸਾ ਵਿਸ਼ਾਲ ਰਾਜਸੀ ਰੈਲੀ ਲਾਮਿਸਾਲ ਤੇ ਇਤਿਹਾਸਕ ਹੋਵੇਗੀ ਤੇ ਇਸ ਵਿੱਚ ਲਗਪਗ 5 ਹਜ਼ਾਰ ਮਿਹਨਤਕਸ਼ ਲੋਕਾਂ ਦੀ ਸ਼ਮੂਲੀਅਤੀ ਦੀ ਸੰਭਾਵਨਾ ਹੈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਸੀਨੀਅਰ ਆਗੂ ਕਾਮਰੇਡ ਬਲਦੇਵ ਸਿੰਘ ਬਾਜੇਵਾਲਾ ਨੇ ਕਿਹਾ ਕਿ 30 ਦਸੰਬਰ ਦੀ ਮਾਨਸਾ ਰੈਲੀ 'ਚ ਸਬ ਡਵੀਜ਼ਨ ਸਰਦੂਲਗੜ੍ਹ ਤੋਂ ਇੱਕ ਹਜ਼ਾਰ ਪਾਰਟੀ ਵਰਕਰ ਤੇ ਹਮਦਰਦ ਸ਼ਮੂਲੀਅਤ ਕਰਨਗੇ ਤੇ ਇਸ ਦੀ ਤਿਆਰੀ ਹਿੱਤ ਸਰਦੂਲਗੜ੍ਹ ਹਲਕੇ ਵਿੱਚ ਵਿਸ਼ੇਸ਼ ਸੰਪਰਕ ਮੁਹਿੰਮ ਚਲਾਈ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾ. ਪੂਰਨ ਸਿੰਘ ਸਰਦੂਲਗੜ੍ਹ, ਜਰਨੈਲ ਸਿੰਘ ਸਰਦੂਲਗੜ੍ਹ, ਗੁਰਪਿਆਰ ਸਿੰਘ ਫੱਤਾ, ਜੱਗਾ ਸਿੰਘ ਰਾਏਪੁਰ, ਕਾਲਾ ਖਾਂ ਭੰਮੇ, ਲਾਭ ਸਿੰਘ ਭੰਮੇ, ਸੁਖਦੇਵ ਸਿੰਘ ਛਾਪਿਆਂਵਾਲੀ, ਬਲਵਿੰਦਰ ਸਿੰਘ ਕੋਟਧਰਮੂ, ਦੇਸਰਾਜ ਸਿੰਘ ਕੋਟਧਰਮੂ, ਜੰਟਾ ਖਾਂ ਕੋਟਧਰਮੂ, ਨਾਜ਼ਰ ਸਿੰਘ ਜੌੜਕੀਆਂ, ਕਰਨੈਲ ਸਿੰਘ ਮਾਖਾ, ਸੰਕਰ ਜਟਾਣਾ, ਬਲਦੇਵ ਸਿੰਘ ਦੂਲੋਵਾਲ, ਕਰਨੈਲ ਸਿੰਘ ਦੂਲੋਵਾਲ, ਜੀਵਨ ਸਿੰਘ ਕੁਸਲਾ, ਚਰਨਜੀਤ ਭੁੱਲਰ, ਗੁਰਪ੍ਰੀਤ ਸਿੰਘ ਹੀਰਕੇ, ਰਾਜ ਸਿੰਘ ਧਿੰਗੜ, ਗੁਰਤੇਜ ਸਿੰਘ ਚਾਹਿਲਾਂਵਾਲਾ, ਬਿੱਕਰ ਸਿੰਘ ਚਾਹਿਲਾਂਵਾਲੀ, ਜਸਗੀਰ ਸਿੰਘ ਝੁਨੀਰ, ਰਾਜਿੰਦਰ ਸਿੰਘ ਝੁਨੀਰ, ਬੂਟਾ ਸਿੰਘ ਬਾਜੇਵਾਲਾ, ਸੁਖਵਿੰਦਰ ਸਿੰਘ ਬਾਜੇਵਾਲਾ ਆਦਿ ਹਾਜ਼ਰ ਸਨ।

ਨੌਜਵਾਨ ਦੇ ਕਾਤਲਾਂ ਨੂੰ ਗ੍ਰਿਫਤਾਰ ਨਾ ਕਰਨ 'ਤੇ ਥਾਣੇ ਦਾ ਘਿਰਾਓ

ਮਾਨਸਾ (ਗੀਤਵਾਲ)-ਪਿਛਲੇ ਦਿਨੀਂ ਜ਼ਿਲ੍ਹੇ ਦੇ ਪਿੰਡ ਸਾਹਨੇਵਾਲੀ ਵਿਖੇ ਨੌਜਵਾਨ ਹਰਪ੍ਰੀਤ ਸਿੰਘ (23) ਪੁੱਤਰ ਜਗਤਾਰ ਸਿੰਘ ਦੀ ਭੇਦ ਭਰੇ ਹਾਲਤਾਂ ਵਿੱਚ ਮੌਤ ਹੋ ਗਈ ਸੀ, ਜਿਸ 'ਤੇ ਪਰਿਵਾਰਕ ਮੈਂਬਰਾਂ ਨੇ ਪਿੰਡ ਦੇ ਹੀ ਕੁਝ ਵਿਅਕਤੀਆਂ 'ਤੇ ਕਤਲ ਕਰਨ ਦੇ ਦੋਸ਼ ਲਗਾਏ ਸਨ। ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਪੁਲਸ ਤੇ ਪਰਵਾਰ ਦੀ ਸਹਿਮਤੀ 'ਤੇ ਨੌਜਵਾਨ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਸੀ। ਕਾਫੀ ਸਮਾਂ ਬੀਤਣ ਦੇ ਬਾਅਦ ਪੀੜਤ ਪਰਵਾਰ ਵੱਲੋਂ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕਰਨ ਤੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਬਲਾਕ ਪ੍ਰਧਾਨ ਕੁਲਦੀਪ ਸਿੰਘ ਤੇ ਡਕੌਂਦਾ ਗਰੁੱਪ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਲਕਾਰ ਸਿੰਘ ਚਾਹਲਾਂਵਾਲੀ ਦੀ ਅਗਵਾਈ ਵਿੱਚ ਥਾਣਾ ਝਨੀਰ ਦੇ ਮੁੱਖ ਗੇਟ ਅੱਗੇ ਧਰਨਾ ਲਗਾ ਕੇ ਆਵਾਜਾਈ ਠੱਪ ਕੀਤੀ ਗਈ। ਇਸ ਮੌਕੇ ਪੁਲਸ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਬੁਲਾਰਿਆਂ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਪੁਲਸ ਪ੍ਰਸ਼ਾਸਨ ਜਾਣ-ਬੁੱਝ ਕੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਬਜਾਏ ਬਚਾਉਣ ਦੀ ਕੋਸਿਸ਼ ਕਰ ਰਿਹਾ।ਉਨ੍ਹਾਂ ਕਿਹਾ ਕਿ ਜੇ ਆਉਣ ਵਾਲੇ ਕੁਝ ਦਿਨਾਂ ਵਿੱਚ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕੀਤਾ ਤਾਂ 28 ਨਵੰਬਰ ਨੂੰ ਵੱਡਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਜਦੋਂ ਥਾਣਾ ਮੁਖੀ ਝੁਨੀਰ ਬਲਦੇਵ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਮੁਕੱਦਮੇ ਵਿੱਚ ਐੱਫ ਆਈ ਆਰ 167/24 ਕੁਲਦੀਪ ਸਿੰਘ ਤੇ ਸੰਦੀਪ ਸਿੰਘ ਨੂੰ ਨਾਮਜ਼ਦ ਕੀਤਾ ਗਿਆ ਹੈ। ਸੰਦੀਪ ਸਿੰਘ ਗ੍ਰਿਫਤਾਰ ਹੋ ਚੁੱਕਾ ਤੇ ਕੁਲਦੀਪ ਸਿੰਘ ਨੂੰ ਜਲਦੀ ਤੋਂ ਜਲਦੀ ਗ੍ਰਫਤਾਰ ਕਰ ਲਿਆ ਜਾਵੇਗਾ। ਪੁਲਸ ਇਸ ਵਿੱਚ ਲਗਾਤਾਰ ਆਪਣਾ ਕੰਮ ਕਰ ਰਹੀ। ਡੀਐੱਸਪੀ ਸਰਦੂਲਗੜ੍ਹ ਮਨਜੀਤ ਸਿੰਘ ਨਾਲ ਗੱਲਬਾਤ ਕਰਾਉਣ ਦੇ ਭਰੋਸੇ ਤੋਂ ਬਾਅਦ ਧਰਨੇ ਨੂੰ ਸਮਾਪਤ ਕਰ ਦਿੱਤਾ ਗਿਆ। ਇਸ ਮੌਕੇ ਜਗਜੀਤ ਸਿੰਘ ਭੁੱਲਰ ਸਾਹਨੇਵਾਲੀ, ਗੁਰਦੀਪ ਸਿੰਘ ਜਿਉਣਾ ਖਿਆਲੀ ਚਹਿਲਾਂ ਵਾਲੀ, ਸਿੰਘ ਜੀਵਨ ਸਿੰਘ, ਜਗਵੰਤ ਸਿੰਘ, ਨਿੱਕਾ ਸਿੰਘ, ਹਰਚੰਦ ਸਿੰਘ ਰਾਏ ਸਿੰਘ ਆਦਿ ਕਿਸਾਨ ਹਾਜ਼ਰ ਸਨ।

ਧਰਤੀ, ਪਾਣੀ ਤੇ ਹਵਾ ਨੂੰ ਬਚਾਉਣਾ ਸਾਡਾ ਮੁੱਢਲਾ ਫਰਜ਼ ਤੇ ਧਰਮ : ਰਾਜਪਾਲ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਧਰਤੀ, ਪਾਣੀ ਤੇ ਹਵਾ ਨੂੰ ਬਚਾਉਣਾ ਸਾਡਾ ਸਭ ਦਾ ਮੁੱਢਲਾ ਫਰਜ਼ ਤੇ ਧਰਮ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਥਾਨਕ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਸ਼ਨ ਵਿਖੇ 100ਵਾਂ ਵਰਲਡ ਕੈਂਸਰ ਕੇਅਰ ਕੈਂਪ 'ਚ ਮੁੱਖ ਮਹਿਮਾਨ ਵਜੋਂ ਪਹੁੰਚੇ ਪੰਜਾਬ ਦੇ ਗਵਰਨਰ ਮਾਣਯੋਗ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ, ਡੀਆਈਜੀ ਬਠਿੰਡਾ ਰੇਂਜ ਸ੍ਰ. ਹਰਚਰਨ ਸਿੰਘ ਭੁੱਲਰ, ਐੱਸ ਐੱਸ ਪੀ ਮੈਡਮ ਅਮਨੀਤ ਕੌਂਡਲ, ਕੁਲਵੰਤ ਸਿੰਘ ਧਾਲੀਵਾਲ, ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਸ਼ਨ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਤੇ ਡਿਪਟੀ ਡਾਇਰੈਕਟਰ ਸ੍ਰ. ਹਰਪਾਲ ਸਿੰਘ ਆਦਿ ਹਾਜ਼ਰ ਸਨ।ਇਸ ਮੌਕੇ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸੰਬੋਧਨ ਕਰਦਿਆਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ 'ਤੇ ਚੱਲਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਕਿਸਾਨ ਖੇਤੀ ਵਿੱਚ ਖਾਦਾਂ ਤੇ ਕੀਟਨਾਸ਼ਕਾਂ ਦੀ ਵਰਤੋਂ ਇਸ ਦੀ ਪ੍ਰਤੱਖ ਮਿਸਾਲ ਸਾਡਾ ਸਤਲੁਜ ਦਰਿਆ ਹੈ, ਜੋ ਪੰਜਾਬ ਵਿੱਚੋਂ ਲੰਘਦਾ ਹੈ ਤੇ ਜਿਸ ਦਾ ਪਾਣੀ ਹਰੀ ਕੇ ਪੱਤਣ ਵਿੱਚ ਪਹੁੰਚਦਿਆਂ ਹੀ ਪੂਰੀ ਤਰ੍ਹਾਂ ਕਾਲਾ ਤੇ ਪ੍ਰਦੂਸ਼ਤ ਹੋ ਜਾਂਦਾ ਹੈ, ਜੋ ਕਿ ਕੈਂਸਰ ਫੈਲਣ ਦਾ ਵੱਡਾ ਕਾਰਨ ਹੈ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਸਾਡੀ ਹਵਾ, ਧਰਤੀ, ਵਾਤਾਵਰਣ ਬਚੇਗਾ, ਉੱਥੇ ਹੀ ਸਾਡੀ ਸਿਹਤ, ਭਵਿੱਖ ਤੇ ਆਉਣ ਵਾਲੀ ਪੀੜ੍ਹੀ ਲਈ ਲਾਭਦਾਇਕ ਹੋਵੇਗਾ।

ਉਨ੍ਹਾਂ ਕਿਹਾ ਕਿ ਕੈਂਸਰ ਵਰਗੀ ਘਾਤਕ ਬਿਮਾਰੀ ਦੀਆਂ ਜੜ੍ਹਾਂ ਮਾਲਵਾ ਖੇਤਰ ਸਮੇਤ ਪੰਜਾਬ ਭਰ ਵਿੱਚ ਤੇਜ਼ੀ ਨਾਲ ਫੈਲ ਰਹੀਆਂ ਹਨ।ਹਾਲਾਤ ਇਹ ਹਨ ਕਿ ਕੈਂਸਰ ਦੇ ਇਲਾਜ ਲਈ ਪੰਜਾਬ ਤੋਂ ਰਾਜਸਥਾਨ ਜਾਣ ਵਾਲੀ ਰੇਲਗੱਡੀ ਨੂੰ ਹੁਣ ਕੈਂਸਰ ਟਰੇਨ ਕਿਹਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਨਾ- ਮੁਰਾਦ ਬਿਮਾਰੀ ਤੋਂ ਪ੍ਰਹੇਜ਼ ਤੇ ਸਾਵਧਾਨੀਆਂ ਵਰਤ ਕੇ ਛੁਟਕਾਰਾ ਪਾਇਆ ਜਾ ਸਕਦਾ ਹੈ।

ਉਨ੍ਹਾਂ ਭਾਵਕ ਹੁੰਦਿਆਂ ਕਿਹਾ ਕਿ ਇਸ ਨਾ ਮੁਰਾਦ ਬਿਮਾਰੀ ਨੇ ਉਨ੍ਹਾਂ ਦੀ ਮਾਤਾ ਨੂੰ ਉਨ੍ਹਾਂ ਤੋਂ ਹਮੇਸ਼ਾ ਲਈ ਖੋਹ ਲਿਆ।ਇਸ ਉਪਰੰਤ ਉਨ੍ਹਾਂ ਦੁਨੀਆ ਦੀਆਂ ਕਰੋੜਾਂ ਮਾਵਾਂ ਨੂੰ ਬਚਾਉਣ ਦਾ ਬੀੜਾ ਉਠਾਇਆ ਹੈ।ਉਨ੍ਹਾਂ ਇਹ ਵੀ ਕਿਹਾ ਕਿ ਹੁਣ ਤੱਕ 5 ਲੱਖ ਲੋਕਾਂ ਦੀ ਮੁਫਤ ਚੈਕਿੰਗ ਕਰ ਚੁੱਕੇ ਹਨ। ਇਸ ਮੌਕੇ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਸ਼ਨ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਇੱਥੇ ਹਰ ਸਾਲ ਕੈਂਸਰ ਜਾਗਰੂਕਤਾ ਕੈਂਪ ਲਗਾਉਣ ਦਾ ਸੱਦਾ ਵੀ ਦਿੱਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਹੋ ਜਿਹੇ ਨੇਕ ਉਪਰਾਲੇ ਵਿੱਚ ਉਨ੍ਹਾਂ ਦਾ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।ਇਸ ਤੋਂ ਪਹਿਲਾਂ ਮਾਨਯੋਗ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਦਾ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ, ਡੀਆਈਜੀ ਬਠਿੰਡਾ ਰੇਂਜ ਸ੍ਰ. ਹਰਚਰਨ ਸਿੰਘ ਭੁੱਲਰ ਤੇ ਐੱਸ ਐੱਸ ਪੀ ਮੈਡਮ ਅਮਨੀਤ ਕੌਂਡਲ, ਵਧੀਕ ਡਿਪਟੀ ਕਮਿਸ਼ਨਰ (ਜਰਨਲ) ਮੈਡਮ ਪੂਨਮ ਸਿੰਘ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

ਇਸ ਤੋਂ ਪਹਿਲਾਂ ਮਾਨਯੋਗ ਗਵਰਨਰ ਪੰਜਾਬ ਗੁਲਾਬ ਚੰਦ ਕਟਾਰੀਆ ਦਾ ਸਥਾਨਕ ਬਾਬਾ ਫ਼ਰੀਦ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਪਹੁੰਚਣ 'ਤੇ ਪੁਲਸ ਦੀ ਟੁੱਕੜੀ ਗਾਰਡ ਆਫ ਆਨਰ ਨਾਲ ਸਨਮਾਨ ਵੀ ਕੀਤਾ। ਇਸ ਮੌਕੇ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਸ਼ਨ ਦੇ ਚੇਅਰਮੈਨ ਸ੍ਰੀ ਗੁਰਮੀਤ ਸਿੰਘ ਧਾਲੀਵਾਲ ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਗਵਰਨਰ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

■ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ 'ਤੇ ਚੱਲਣ ਦਾ ਦਿੱਤਾ ਸਨੇਹਾ

ਕਾਤਰਾਂ

ਕਹਾਣੀਕਾਰ ਗੁਰਚਰਨ ਚਾਹਲ ਦੀ ਯਾਦ 'ਚ ਗੋਸ਼ਟੀ ਭਲਕੇ

ਭੀਖੀ (ਧਰਮਵੀਰ ਸ਼ਰਮਾ)-ਨਵਯੁਗ ਸਾਹਿਤ ਕਲਾ ਮੰਚ ਵੱਲੋਂ ਸਲਾਨਾ ਸਾਹਿਤ ਸਮਾਗਮ 24 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਮੰਚ ਦੇ ਪ੍ਰਧਾਨ ਕਹਾਣੀਕਾਰ ਭੁਪਿੰਦਰ ਫ਼ੌਜੀ ਨੇ ਦੱਸਿਆ ਨਵਯੁਗ ਸਾਹਿਤ ਕਲਾ ਮੰਚ ਭੀਖੀ ਅਤੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਮਾਨਸਾ ਵੱਲੋਂ ਕਹਾਣੀਕਾਰ ਗੁਰਚਰਨ ਚਾਹਲ ਭੀਖੀ ਦੀ ਯਾਦ ਨੂੰ ਸਮਰਪਤ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ 24 ਨਵੰਬਰ ਨੂੰ ਕਹਾਣੀ ਗੋਸ਼ਟੀ ਨਿਰੰਜਣ ਬੋਹਾ ਦੀ ਪ੍ਰਧਾਨਗੀ ਹੇਠ ਕਰਵਾਈ ਜਾ ਰਹੀ ਹੈ।ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਪ੍ਰਿਤਪਾਲ ਸ਼ਰਮਾ ਹੋਣਗੇ।ਕਹਾਣੀ ਪਾਠ ਪ੍ਰਸਿੱਧ ਲੇਖਕ ਪਰਗਟ ਸਿੰਘ ਸਤੌਜ, ਜਗਦੀਸ਼ ਰਾਏ ਕੁਲਰੀਆਂ, ਅਮਨ ਮਾਨਸਾ ਕਰਨਗੇ।ਕਹਾਣੀ ਉੱਤੇ ਗੱਲਬਾਤ ਡਾ. ਕੁਲਦੀਪ ਚੌਹਾਨ ਕਰਨਗੇ।

ਦੀਪ ਇੰਸਟੀਟਿਊਟ ਦਾ ਨਤੀਜਾ ਸੌ ਫੀਸਦੀ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪੰਜਾਬ ਸਟੇਟ ਫੈਕਲਟੀ ਅਯੁਰਵੈਦਿਕ ਯੂਨਾਨੀ ਸਿਸਟਮ ਆਫ ਮੈਡੀਕਲ ਮੋਹਾਲੀ ਵੱਲੋਂ ਐਲਾਨੇ ਨਤੀਜਿਆਂ 'ਚੋਂ ਦੀਪ ਇੰਸਟੀਟਿਊਟ ਆਫ ਫਾਰਮੇਸੀ ਦਾ ਡੀ-ਫਾਰਮੇਸੀ (ਆਯੁਰਵੈਦਿਕ) ਲਹਿਰਾ ਮੁਹੱਬਤ ਦਾ ਭਾਗ ਪਹਿਲਾ ਤੇ ਦੂਜਾ ਦਾ ਨਤੀਜਾ ਸੌ ਫੀਸਦੀ ਰਿਹਾ ਹੈ। ਭਾਗ ਪਹਿਲਾ 'ਚੋਂ ਇਕਬਾਲ ਸਿੰਘ ਨੇ ਪਹਿਲਾ, ਸਾਹਿਲ ਨੇ ਦੂਜਾ ਅਤੇ ਚਿਰੰਜੀ ਲਾਲ ਨੇ ਤੀਜਾ, ਭਾਗ ਦੂਜਾ 'ਚੋਂ ਕਮਲਜੀਤ ਸਿੰਘ ਨੇ ਪਹਿਲਾ, ਗਮਦੂਰ ਨੇ ਦੂਜਾ ਅਤੇ ਮਨਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਸੰਸਥਾ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ। ਬਾਕੀ ਸਾਰੇ ਵਿਦਿਆਰਥੀ ਵਧੀਆ ਅੰਕਾਂ ਨਾਲ ਪਾਸ ਹੋਏ ਹਨ। ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਮਨਦੀਪ ਸਿੰਘ ਢਿੱਲੋਂ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਵਧੀਆ ਰਿਜ਼ਲਟ ਲਈ ਵਿਦਿਆਰਥੀਆਂ ਸਮੇਤ ਸਮੂਹ ਸਟਾਫ ਨੂੰ ਵਧਾਈ ਦਿੰਦੇ ਹੋਏ ਅੱਗੇ ਤੋਂ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।

ਚਿੱਟੇ ਮੋਤੀਏ ਦਾ ਮੁਫਤ ਚੈੱਕਅੱਪ ਤੇ ਅਪਰੇਸ਼ਨ ਕੈਂਪ ਭਲਕੇ

ਜਗਰਾਉਂ (ਅਮਿਤ ਖੰਨਾ)-ਸਵਰਗਵਾਸੀ ਸੂਰਜ ਪ੍ਰਕਾਸ਼ ਢੰਡਾ ਦੀ ਯਾਦ ਵਿੱਚ ਆਸ਼ੂ ਢੰਡਾ ਕੈਨੇਡਾ ਦੇ ਸਹਿਯੋਗ ਨਾਲ ਲੋਕ ਸੇਵਾ ਸੁਸਾਇਟੀ ਜਗਰਾਉਂ ਵੱਲੋਂ 57 ਵਾਂ ਅੱਖਾਂ ਦੇ ਚਿੱਟੇ ਮੋਤੀਏ ਦਾ ਮੁਫਤ ਚੈੱਕਅਪ ਤੇ ਅਪਰੇਸ਼ਨ ਕੈਂਪ 24 ਨਵੰਬਰ ਸਵੇਰੇ 9:30 ਵਜੇ ਤੋਂ 1 ਵਜੇ ਤੱਕ ਲੈਮਿਆਂ ਵਾਲਾ ਬਾਗ ਨੇੜੇ ਡੀ ਏ ਵੀ ਕਾਲਜ ਜਗਰਾਉਂ ਵਿਖੇ ਲਗਾਇਆ ਜਾਵੇਗਾ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ

23 -November - Page - 6.qxd 11/22/2024 10:51 PM Page 1

ਚੰਡੀਗੜ੍ਹ 'ਚ ਹਰਿਆਣਾ ਵਿਧਾਨ ਸਭਾ ਉਸਾਰਨ ਦਾ ਪ੍ਰਸਤਾਵ ਕੇਂਦਰ ਰੱਦ ਕਰੇ : ਆਰ ਐਮ ਪੀ ਆਈ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਕੇਂਦਰ ਸਰਕਾਰ ਵਲੋਂ ਚੰਡੀਗੜ੍ਹ ਵਿੱਚ ਹਰਿਆਣਾ ਦੀ ਰਾਜਧਾਨੀ ਉਸਾਰਨ ਲਈ ਥਾਂ ਅਤੇ ਪੈਸਾ ਮੁੱਹਈਆ ਕਰਨ ਦੇ ਅਨਿਆਂਪੂਰਨ ਪ੍ਰਸਤਾਵ ਨੂੰ ਤੁਰੰਤ ਰੱਦ ਕਰਵਾਉਣ ਲਈ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵਲੋਂ ਪ੍ਰਧਾਨ ਮੰਤਰੀ ਦੇ ਨਾਂ ਮੰਗ ਪੱਤਰ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਪਿਆਰਾ ਸਿੰਘ ਦੀ ਅਗਵਾਈ ਵਿੱਚ ਐਸਡੀਐਮ ਗੜ੍ਹਸ਼ੰਕਰ ਰਾਹੀਂ ਭੇਜਿਆ ਗਿਆ।ਇਸ ਸਬੰਧੀ ਪਾਰਟੀ ਦੇ ਤਹਿਸੀਲ ਗੜ੍ਹਸ਼ੰਕਰ ਦੇ ਸਕੱਤਰ ਕਾਮਰੇਡ ਰਾਮ ਜੀ ਦਾਸ ਚੌਹਾਨ ਨੇ ਦੱਸਿਆ ਕਿ ਕੇਂਦਰ ਦਾ ਇਹ ਪ੍ਰਸਤਾਵ ਪੂਰਨ ਰੂਪ ਵਿਚ ਅਨਿਆਂਪੂਰਨ, ਗੈਰ ਸੰਵਿਧਾਨਕ ਤੇ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਚੰਡੀਗੜ੍ਹ 'ਤੇ ਸਿਰਫ ਪੰਜਾਬ ਦਾ ਹੱਕ ਹੈ। ਪੰਜਾਬ ਪੁਨਰਗਠਨ ਐਕਟ 1966 ਅਨੁਸਾਰ ਇਹ ਤੈਅ ਹੋਇਆ ਸੀ ਕਿ ਚੰਡੀਗੜ੍ਹ ਪੰਜਾਬ ਦਾ ਹੀ ਰਹੇਗਾ ਤੇ ਹਰਿਆਣਾ ਦੀ ਰਾਜਧਾਨੀ ਦੀ ਉਸਾਰੀ ਕਿਸੇ ਹੋਰ ਥਾਂ 'ਤੇ ਕੀਤੀ ਜਾਵੇਗੀ। 1985 ਦੇ ਰਾਜੀਵ ਲੌਂਗੋਵਾਲ ਸਮਝੌਤੇ ਅਤੇ ਹੋਰ ਅੰਤਰਰਾਜੀ ਵਰਤਾਂਵਾਂ ਵਿਚ ਵੀ ਚੰਡੀਗੜ੍ਹ ਪੰਜਾਬ ਨੂੰ ਦੇਣ ਉੱਤੇ ਸਹਿਮਤੀ ਬਣੀ ਸੀ। ਇਹਨਾਂ ਤੱਥਾਂ ਨੂੰ ਜਾਣਦੇ ਹੋਏ ਵੀ ਕੇਂਦਰ ਸਰਕਾਰ ਦਾ ਇਹ ਪ੍ਰਸਤਾਵ ਕਈ ਪ੍ਰਕਾਰ ਦੇ ਸ਼ੰਕੇ ਖੜ੍ਹੇ ਕਰਦਾ ਹੈ। ਇਸ ਸਮੇਂ ਮੰਗ ਕੀਤੀ ਗਈ ਕੇਂਦਰ ਸਰਕਾਰ ਇਸ ਪ੍ਰਸਤਾਵ ਨੂੰ ਰੱਦ ਕਰਕੇ ਚੰਡੀਗੜ੍ਹ ਨੂੰ ਤਰੰਤ ਪੰਜਾਬ ਦੇ ਹਵਾਲੇ ਕੀਤਾ ਜਾਵੇ ਅਤੇ ਇਸ ਨਾਲ ਸੰਬੰਧੀ ਹੋਰ ਮਸਲਿਆਂ ਦਾ ਹੱਲ ਵੀ ਤਰਕ ਤੇ ਨਿਆਂਪੂਰਨ ਤਰੀਕੇ ਨਾਲ ਕੀਤਾ ਜਾਵੇ। ਇਸ ਸਮੇਂ ਕੁਲਭੂਸ਼ਣ ਮਹਿੰਦਵਣੀ, ਦਵਿੰਦਰ ਕੁਮਾਰ ਰਾਣਾ, ਮਲਕੀਅਤ ਸਿੰਘ ਬਾਹੋਵਾਲ, ਮੱਖਣ ਸਿੰਘ ਲੰਗੇਰੀ, ਕਾਮਰੇਡ ਸੁੱਚਾ ਰਾਮ, ਸ਼ਿੰਗਾਰਾ ਰਾਮ ਭੱਜਲ , ਗੋਪਾਲ ਦਾਸ ਮਨਹੋਤਰਾ ਤੇ ਸ਼ਾਮ ਸੁੰਦਰ ਹਾਜ਼ਰ ਸਨ।

20 ਲੋੜਵੰਦ ਪਰਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ

ਫਿਰੋਜ਼ਪੁਰ, (ਅਸ਼ੋਕ ਸ਼ਰਮਾ)-ਉੱਘੇ ਸਮਾਜ ਸੇਵੀ ਸਰਬੱਤ ਦਾ ਭਲਾ ਚੈਰੀਟੇਬਲ ਦੇ ਬਾਨੀ ਡਾ. ਐੱਸ ਪੀ ਸਿੰਘ ਉਬਰਾਏ ਦੀ ਯੋਗ ਅਗਵਾਈ ਵਿੱਚ ਟਰੱਸਟ ਵੱਲੋਂ ਫਿਰੋਜ਼ਪੁਰ ਸ਼ਹਿਰ ਦੇ ਬੱਸ ਸਟੈਂਡ ਅੰਦਰ ਬਣੇ ਕਾਮਰੇਡ ਦਿਆਲ ਸਿੰਘ ਹਾਲ ਵਿੱਚ ਕਰਵਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਫਿਰੋਜ਼ਪੁਰ ਇਲਾਕੇ ਨਾਲ ਸਬੰਧਤ 20 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ।ਇਹ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਛਾਉਣੀ ਤੇ ਸਿਟੀ ਦੇ ਸਰਕਲ ਇੰਚਾਰਜ ਬਲਵਿੰਦਰਪਾਲ ਸ਼ਰਮਾ, ਛਾਉਣੀ ਤੇ ਸਿਟੀ ਦੇ ਇਸਤਰੀ ਵਿੰਗ ਪ੍ਰਧਾਨ ਤਲਵਿੰਦਰ ਕੌਰ ਅਤੇ ਹੋਰ ਮੈਂਬਰਾਂ ਵੱਲੋਂ ਵੰਡੇ ਗਏ।ਇਸ ਮੌਕੇ ਟੀਮ ਵੱਲੋਂ ਤੇ ਪੈਨਸ਼ਨਰਾਂ ਵੱਲੋਂ ਡਾ. ਓਬਰਾਏ ਦੀ ਚੰਗੀ ਸਿਹਤ ਤੇ ਲੰਮੀ ਉਮਰ ਦੀ ਅਰਦਾਸ ਕੀਤੀ ਗਈ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਤੇ ਰਣਧੀਰ ਜੋਸ਼ੀ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਾਰਜ ਕਿਸੇ ਹੋਰ ਤੋਂ ਮਾਲੀ ਮੱਦਦ ਲਏ ਬਗੈਰ ਆਪਣੇ ਕੋਲੋਂ ਹੀ ਲਗਾਤਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ ਅਤੇ ਅਨੇਕਾਂ ਲੋਕ ਭਲਾਈ ਦੇ ਕਾਰਜ ਚੱਲ ਰਹੇ ਹਨ।ਇਸ ਮੌਕੇ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਬਲਵਿੰਦਰ ਪਾਲ ਸ਼ਰਮਾ, ਤਲਵਿੰਦਰ ਕੌਰ, ਰਣਧੀਰ ਜੋਸ਼ੀ ਮੌਜੂਦ ਸਨ।

ਨਿਲਾਮੀ

8 ਸਫੇਦਾ ਦਰਖੱਤਾਂ ਦੀ ਨਿਲਾਮੀ ਮਿੱਤੀ 03.12.24 ਦੁਪਹਿਰ 12 ਵਜੇ ਨੂੰ ਕੀਤੀ ਜਾਣੀ ਹੈ। ਚਾਹਵਾਨ ਪਹੁੰਚੇ ਵਿਭਾਗੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ। ਐਸ. ਐਮ. ਸੀ. ਕਮੇਟੀ, ਸਰਕਾਰੀ ਮਿਡਲ ਸਕੂਲ ਕੋਟਲਾ ਗੁਜਰਾਂ (ਅੰਮ੍ਰਿਤਸਰ)।
ਫੋਨ ਨੰ. 95305-40433,86999-80961

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਲਖਵਿੰਦਰ ਸਿੰਘ ਗਿੱਲ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ-1, ਮੋਗਾ (ਪੰਜਾਬ)
ਵਿਸ਼ਾ: ਤਕਸੀਮ ਕੇਸ ਅਨੁਵਾਨ ਜਸਵੰਤ ਰਾਏ ਵਗੈਰਾ ਬਨਾਮ ਪ੍ਰੀਤਮ ਕੌਰ ਵਾਕਿਆ ਰਕਬਾ ਪਿੰਡ ਮੈਹਿਣਾ, ਤਹਿ. ਵਾ ਜ਼ਿਲ੍ਹਾ ਮੋਗਾ

ਨੋਟਿਸ ਬਨਾਮ ਆਮ ਪਬਲਿਕ/ਉਤਰਵਾਦੀ ਧਿਰ

ਖੇਵਟ ਨੰਬਰ - 01, 196/194, 698/675, 701/678, ਜਮ੍ਹਾਂਬੰਦੀ ਸਾਲ 2020 21
ਅਗਲੀ ਤਾਰੀਖ ਪੇਸ਼ੀ : 17/12/2024

ਉਪਰੋਕਤ ਵਿਸ਼ੇ ਸਬੰਧੀ ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਕੇਸ ਵਿੱਚ ਉੱਤਰਵਾਦੀਆਂ ਦੀ ਤਲਬੀ ਸਧਾਰਨ ਤਰੀਕੇ ਨਾਲ ਨਾ ਹੋਣ ਕਰਕੇ ਸੂਚਿਤ ਕੀਤਾ ਜਾਂਦਾ ਹੈ ਕਿ ਉੱਤਰਵਾਦੀ ਧਿਰ ਆਪਣੇ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿੱਚ ਅਸਾਲਤਨ/ਵਕਾਲਤਨ ਨਿਯਤ ਮਿਤੀ 'ਤੇ ਹਾਜ਼ਰ ਹੋਣ। ਨਿਯਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਕੋਈ ਹੋਰ ਵਾਰਸ ਵਾ ਉੱਤਰਵਾਦੀਆਂ ਇਸ ਰਕਬੇ ਦੀ ਤਕਸੀਮ ਸੰਬੰਧੀ ਇਤਰਾਜ਼ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਪਰੋਕਤ ਮਿਤੀ ਤੋਂ ਪਹਿਲਾਂ-ਪਹਿਲਾਂ ਆਪਣੇ ਇਤਰਾਜ਼ ਪੇਸ਼ ਕਰ ਸਕਦਾ ਹੈ।
ਨੰਬਰ 1411/ਰੀਡਰ-1 ਮਿਤੀ 20.11.2024
ਸਹਾਇਕ ਕੁਲੈਕਟਰ ਦਰਜਾ-1, ਮੋਗਾ।

ਉੱਤਰਵਾਦੀ ਧਿਰਾਂ - ਮ੍ਰਿਤਕ ਪ੍ਰੀਤਮ ਕੌਰ ਵਿਧਵਾ ਬੰਤ ਸਿੰਘ ਪੁੱਤਰ ਇੰਦਰ ਸਿੰਘ, ਲਖਵੀਰ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਇੰਦਰ ਸਿੰਘ, ਪ੍ਰੀਤਮ ਕੌਰ ਪੁੱਤਰੀ ਹਜ਼ੂਰਾ ਸਿੰਘ ਪੁੱਤਰ ਇੰਦਰ ਸਿੰਘ, ਸੁਰਜੀਤ ਕੌਰ ਪੁੱਤਰੀ ਹਜ਼ੂਰਾ ਸਿੰਘ ਪੁੱਤਰ ਇੰਦਰ ਸਿੰਘ, ਦਲੀਪ ਕੌਰ ਪੁੱਤਰੀ ਹਜ਼ੂਰਾ ਸਿੰਘ ਪੁੱਤਰ ਇੰਦਰ ਸਿੰਘ , ਗੁਰਮੀਤ ਕੌਰ ਵਿਧਵਾ ਗੁਰਚਰਨ ਸਿੰਘ ਪੁੱਤਰ ਹਜ਼ੂਰਾ ਸਿੰਘ, ਹਰਜਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਪੁੱਤਰ ਹਜ਼ੂਰ ਸਿੰਘ, ਪਰਵਿੰਦਰ ਕੌਰ ਪੁੱਤਰੀ ਗੁਰਚਰਨ ਸਿੰਘ ਪੁੱਤਰ ਹਜ਼ੂਰਾ ਸਿੰਘ, ਕੁਲਵਿੰਦਰ ਕੌਰ ਪੁੱਤਰੀ ਗੁਰਚਰਨ ਸਿੰਘ ਪੁੱਤਰ ਹਜ਼ੂਰਾ ਸਿੰਘ, ਜਸਵਿੰਦਰ ਕੌਰ ਪੁੱਤਰੀ ਗੁਰਚਰਨ ਸਿੰਘ ਪੁੱਤਰ ਹਜ਼ੂਰਾ ਸਿੰਘ, ਸਾਰੇ ਵਾਸੀਆਨ ਪਿੰਡ ਮੈਹਿਣਾ, ਤਹਿ. ਵਾ ਜ਼ਿਲ੍ਹਾ ਮੋਗਾ।

ਪਬਲਿਕ ਨੋਟਿਸ

ਦ.ਫ਼ਤਰ ਸਬ-ਰਜਿਸਟਰਾਰ, ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ
ਵਿਸ਼ਾ : ਤਬਦੀਲ ਮਲਕੀਤਨਾਮਾ ਰਜਿਸਟਰਡ ਕਰਨ ਸਬੰਧੀ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਰਸ਼ਨ ਕੌਰ ਵਿਧਵਾ ਬਿਮਲਜੀਤ ਸਿੰਘ ਪੁੱਤਰ ਲੇਟ ਦਸੋਧਾ ਸਿੰਘ ਵਾਸੀ ਨੇੜੇ ਸਰਕਾਰੀ ਗਲਰਜ਼ ਹਾਈ ਸਕੂਲ ਸੁਲਤਾਨਪੁਰ ਲੋਧੀ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਨੇ ਇਕ ਦਰਖਾਸਤ ਮਿਤੀ 21.11.2024 ਨੂੰ ਰਕਬਾ ਸੱਤ ਮਰਲੇ ਤਕਰੀਬਨ ਆਬਾਦੀ ਸੁਲਤਾਨਪੁਰ ਲੋਧੀ, ਨਜ਼ਦੀਕ ਗੋਰਮਿੰਟ ਗਲਰਜ਼ ਹਾਈ ਸਕੂਲ (ਮੁਹੱਲਾ ਮੇਹਰਿਆ) ਚੜ੍ਹਦਾ : ਸੜਕ, ਲਹਿੰਦਾ : ਰਾਮ ਬੀਰ ਸੂਦ, ਪਹਾੜ : ਰਕੇਸ਼ ਕੁਮਾਰ ਧੀਰ, ਦੱਖਣ : ਔਲਾਦ ਗੁਰਚਰਨ ਸਿੰਘ ਤਹਿਸੀਲ ਸੁਲਤਾਨਪੁਰ ਲੋਧੀ ਦਾ ਤਬਦੀਲ ਮਲਕੀਤਨਾਮਾ ਰਜਿਸਟਰਡ ਕਰਵਾਉਣ ਬਾਬਤ ਦਿੱਤੀ ਹੈ। ਇਹ ਤਬਦੀਲ ਮਲਕੀਤਨਾਮਾ ਆਪਣੇ ਲੜਕੇ ਸ਼ਮਿੰਦਰ ਸਿੰਘ ਪੁੱਤਰ ਬਿਮਲਜੀਤ ਸਿੰਘ ਦੇ ਹੱਕ ਵਿਚ ਕਰ ਰਹੀ ਹੈ। ਇਹ ਤਬਦੀਲ ਮਲਕੀਤਨਾਮਾ ਕਰਨ ਵਿਚ ਜੇ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣਾ ਇਤਰਾਜ਼ ਅਸਾਲਤਨ ਜਾਂ ਵਾਕਲਤਨ ਮੇਰੇ ਦ.ਫ਼ਤਰ ਵਿਚ ਇਸ਼ਤਿਹਾਰ ਦੇ ਜਾਰੀ ਹੋਣ ਤੋਂ 10 ਦਿਨਾਂ ਦੇ ਅੰਦਰ-ਅੰਦਰ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਹਸਬ ਜਾਬਤਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।
ਇਹ ਇਸ਼ਤਿਹਾਰ ਅੱਜ ਮਿਤੀ 21.11.2024 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਧੀਨ ਜਾਰੀ ਕੀਤਾ ਗਿਆ ਹੈ।
ਸਹੀ/ - ਸਬ-ਰਜਿਸਟਰਾਰ ਸੁਲਤਾਨਪੁਰ ਲੋਧੀ।
ਨੰਬਰ : 40/ਆਰ. ਸੀ ਮਿਤੀ : 21.11.2024

PUBLIC NOTICE

I, Malkit Singh S/o S. Jagir Singh R/o Goraya, Chautala Hoshiarpur, Punjab that I have lost the original Gift deed number 11692 Dt. 02.03.2007 registered with the Sub registrar Jalandhar. Lost inforation report vide number 533684 dt. 06.11.2024 for the orginal gift deed mentioned above has been lodged with police Station PSOC Hariana Hoshiarpur (Sewa Kendra ITI Hariana Hoshiarpur)

COURT NOTICE

(U/o 5 Rule 20 CPC)
In the Court of Sh.G.S. Sekhon
Civil Judge (Senior Division) Sangrur
Next Date, Purpose of Case, Orders and Judgments as well as other case information is available on http://districts.ecourts.gov.in
CNR No PBSG02-000341-2022
Next Date : 17.01.2025
Punjab Gramin Bank
Vs
Ranjit Singh
Publication Issued To:
3. Rejwinder Kaur D/o Ranjit Singh S/o Baldev Singh now wife of Darshan Singh, 4. Raj D/o Ranjit Singh S/o Baldev Singh now wife of Jaswinder Singh, both resident of Village Shadihari, Tehsil Dirba, Distt. Sangrur.
Whereas it has been proved to the satisfaction of the court that the defendant (s)/respondent (s) cannot be served in the ordinary way of service. Hence this proclamation under order 5 Rule 20 CPC is hereby issued against him/them and should appear in Personally or through their counsel on 17.01.2025 at 10.30 a.m.
Take notice that, in default of his/appearance on the day before mentioned, the above said case will be heard and determined in their absence according to the law.
Given under my hand and the seal of the court, this 21.11.2024
Civil Judge (Senior Division) Sangrur

COURT NOTICE

(U/o 5 Rule 20 CPC)
In the Court of Navjit Pal Kaur
Additional Civil Judge (Senior Division), Kapurthala
CNR No. PBKP02-000035-2023
Next Date :- 17-12-2024
Bank of Maharashtra
Vs.
M/s Kiran Kheti Sewa Centre etc.
Publication Issued to :
1. M/s Kiran Kheti Sewa Centre, Village Pattar Kalan, Distt. Jalandhar through its prop. Gurjeet Singh S/o Chand Singh, 2. Gurjeet Singh S/o Chand Singh prop. M/s Kisan Kheti Sewa Centre, Village Pattar Kalan, Distt. Jalandhar. 3. Grujeet Singh S/o Chand Singh R/o 535 Urban Estate, Kapurthala
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 17.12.2024 at 10:00 A.M.
For details logon to https://highcourtchd.gov.in/?mod=district_notice&district=Kapurthala
Additional Civil Judge (Senior Division), Kapurthala
Dated, this day of 20.11.2024

COURT NOTICE

(U/o 5 Rule 20 CPC)
In the Court of
Ms. Amanpreet Kaur
Civil Judge Junior Division-II, Patiala
CNR No. PBPT02-002602-2024
Next Date :- 10-12-2024
Harbans Singh
Vs.
Ram Singh Deol
Revovery 300,000
Publication Issued to :
Ram Singh Deol
Father : Ghuman Singh Deol
Village Benra, Teh. Dhuri, Distt. Sangrur, MB.No. 84379-75351
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 10.12.2024 at 10:00 A.M.
For details logon to https://highcourtchd.gov.in/?trs=district_notice&district=Patiala
Civil Judge Junior Division-II, Patiala
Dated, this day of 20.11.2024

COURT NOTICE

(U/o 5 Rule 20 CPC)
In the Court of
Dr. Deepti Gupta
Additional Principal Judge Family Court, Moonak
CNR No. PBSGF5-000217-2024
Next Date:-20-12-2024
Amarjeet Kaur
Vs.
General public
Publication Issued To :
Amarjeet Kaur
General Public
In above titled case. Petitioner Amarjeet Kaur w/o Late Karma Singh R/o Bakhora Kalan,Tehsil Lehra, Distt Sangrur has applied for Guardian and care taker of minors paternal grand daughter Roma Kaur and grandson Gurpreet Singh. In this regard General Public is hereby informed that any person having any objection for this petition may submit plea before the undersigned within 30 days from the date of publication of the notice. No objection shall be heard thereafter.
For details logon to https://highcourtchd.gov.in/?trs=district_notice&district=Sangrur
Additional Principal Judge Family Court , Moonak
Dated, this day of 21-11-2024

COURT NOTICE

(U/o 5 Rule 20 CPC)
In the Court of
Sh. Amrinder Pal Singh
Principal Judge Family Court Malerkota
CNR No. PBSGF4-000301-2022
Next Date : 02.12.2024
Gurmit Kaur VS Surjit Singh
Suit For The Grant Of Permanent Prohibitory Injuction
Publication Issued To :
1. Surjit Singh Son of Mehar Singh resident of Village Kup Khurd, Tehsil Ahmedgarh, Distt Sangrur.
2. Amarjit Kaur wife of Surjit Singh resident of Village Kup Khurd, Tehsil Ahmedgarh, Distt Sangrur.
In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 02.12.2024 at 10:00 A.M.
For details logon to https://highcourtchd.gov.in/?trs=district_notice&district= sangrur
Principal Judge Family Court Malerkota
Dated this day of 19.11.2024

COURT NOTICE

(U/o Rule 20 CPC)
In The Court of Sanjeeta
Additional Principal Judge Family Court, Amritsar
CNR No. PBAS01-002101-2024
Next Date : 15.01.2025
Rahul Masih aged 24 years S/o Sahib Masih R/o Village Dug, Post Office Toot, Distt. Amritsar.
Vs
Jyoti Chand
Publication Issued To :
Jyoti Chand W/o Rahul Masih and D/o Chand Masih R/o H. No. 51, Near Amritsar Road, Masih Nagar, Moga.
In above titled case, the defendant(s)/ respondent(s) could not be served. It is ordered that defendant(s)/ respondant(s) should appear in person or through counsel on 15.01.2025 at 10:00 A.M.
For details logon to https://highcourtchd.gov.in/?trs=district_notice&district=Amritsar
Additional Principal Judge Family Court, Amritsar
Dated this day of 21/11/2024

ਉਤਰ ਰੇਲਵੇ

ਈ.ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-31/24-25 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 16.12.2024 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।
ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।
ਐਨ । ਆਈ ਟੀ

ਕੰਮ ਦਾ ਨਾਮ	(1) ਫਿਰੋਜਪੁਰ ਡਵੀਜਨ ਦੇ ਪੀਟੀਕੇ-ਜੇਏਟੀ ਅਤੇ ਐਸਐਨਐਲ-ਜੇਯੂਸੀ ਸੇਕਸ਼ਨ ਤੇ ਬਲਾਕ ਵਰਕਿੰਗ ਦੇ ਲਈ ਦੋਹਰੀ ਪਹਿਚਾਨ ਦਾ ਪ੍ਰਾਵਧਾਨ। (2) ਡੀਐਸਟੀਈ/ਅੰਮ੍ਰਿਤਸਰ ਦੇ ਅਨੁਭਾਗਾਂ ਦੇ ਲਈ ਇਕ ਸਾਲ ਦੇ ਲਈ ਅਨੁਭਾਗੀ ਸਿਗਨਲ ਰਖਰਖਾਅ ਕਾਂਟਰੈਕਟ (ਐਸਐਸਐਮੀ)। (3) ਫਿਰੋਜਪੁਰ ਡਵੀਜਨ ਵਿਚ ਸੀਨੀਅਰ ਡੀਐਸਟੀਈ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਥਾਪਿਤ ਸਟੇਟਕਾਨ ਮੈਕ ਏਕੀਕ੍ਰਿਤ ਬਿਜਲੀ ਸਪਲਾਈ ਪ੍ਰਣਾਲੀ (ਆਈ ਪੀ ਐਸ) ਸਿਸਟਮ ਦਾ ਤਿੰਨ ਸਾਲਾਂ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ। (4) ਫਿਰੋਜਪੁਰ ਡਵੀਜਨ ਵਿਚ ਮੈਸਰਸ ਜੀ.ਜੀ. ਟ੍ਰਾਨਿਕਸ ਮੈਕ ਡਿਜਿਟਲ ਅਕਸਲ ਕਾਊਂਟਰ ਦਾ ਤਿੰਨ ਸਾਲਾਂ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ।		
ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ	16.12.2024	ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ	21.11.2024 18:29
ਅੰਦਾਜਨ ਲਾਗਤ	(i) 16665073.74 (ii) 11988558.32 (iii) 6796178.64 (iv) 7969610.88	ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ)	02.12.2024
ਬਿਆਨਾ ਰਾਸ਼ੀ (ਰੁ)	(i) 233300.00 (ii) 210000.00 (iii) 135900.00 (iv) 159400.00	ਕੰਮ ਪੂਰਾ ਕਰਨ ਦਾ ਸਮਾਂ	(i) 09 ਮਹੀਨੇ (ii) 12 ਮਹੀਨੇ (iii) 36 ਮਹੀਨੇ (iv) 36 ਮਹੀਨੇ

ਨਿਵਿਦਾ ਸੂਚਨਾ ਨੰ. 433-ਸਿਗ- ਟੀ-31-24-25 ਮਿਤੀ: 22.11.2024 ਬੰਦ ਹੋਣ ਦੀ ਮਿਤੀ/ਸਮਾਂ 16.12.2024 15:00 ਵਜੇ
3591/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

Change of Name

I, Charnbir Sing

23-NOV-PAGE-7.qxd 11/22/2024 10:44 PM Page 1

ਨੌਜਵਾਨਾਂ 'ਚ ਭਾਜਪਾ ਦੀ ਮੈਂਬਰਸ਼ਿਪ ਲਈ ਭਾਰੀ ਉਤਸ਼ਾਹ : ਪ੍ਰੋ. ਚੀਮਾ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਪ੍ਰੋ. ਭੁਪਿੰਦਰ ਸਿੰਘ ਚੀਮਾ ਨੇ ਕਿਹਾ ਕਿ ਮਾਛੀਵਾੜਾ ਸਾਹਿਬ ਤੇ ਇਲਾਕੇ ਦੇ ਨੌਜਵਾਨਾਂ ਵਿੱਚ ਬੀਜੇਪੀ ਦੀ ਮੈਂਬਰਸ਼ਿਪ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਕਿਉਂਕਿ ਦੇਸ਼ ਤੇ ਪੰਜਾਬ ਦਾ ਭਵਿੱਖ ਸਿਰਫ ਭਾਜਪਾ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ। ਪ੍ਰੋ. ਚੀਮਾ ਨੇ ਕਿਹਾ ਕਿ ਜਿੱਥੇ ਲੋਕ ਸਭਾ ਚੋਣਾਂ 'ਚ ਭਾਜਪਾ ਦੀ ਵੋਟ ਪ੍ਰਤੀਸ਼ਤ ਵਧੀ ਹੈ, ਉੱਥੇ ਜ਼ਿਮਨੀ ਚੋਣਾਂ 'ਚ ਪਾਰਟੀ ਦੀ ਜਿੱਤ ਯਕੀਨਨ ਬਣ ਕੇ ਅਗਾਮੀ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨ੍ਹੇਗੀ। ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇਸ਼ ਜਲਦ ਹੀ ਵਿਕਸਿਤ ਦੇਸ਼ਾਂ ਦੀ ਗਿਣਤੀ ਵਿੱਚ ਆਵੇਗਾ। ਉਨ੍ਹਾ ਕਿਹਾ ਕਿ ਆਏ ਦਿਨ ਭਾਰਤ ਵਿਗਿਆਨੀ ਖੇਤਰ 'ਚ ਨਵੀਆਂ ਪੁਲਾਂਘਾਂ ਪੁੱਟ ਕੇ ਦੁਨੀਆ ਦੇ ਨਕਸ਼ੇ 'ਚ ਇੱਕ ਮੋਹਰੀ ਦੇਸ਼ ਬਣਨ ਜਾ ਰਿਹਾ ਹੈ, ਜਿਸ 'ਤੇ ਭਾਰਤ ਦਾ ਹਰ ਨਾਗਰਿਕ ਮਾਣ ਕਰੇਗਾ। ਜ਼ਿਲ੍ਹਾ ਪ੍ਰਧਾਨ ਚੀਮਾ ਨੇ ਆਗੂਆਂ ਤੇ ਵਰਕਰਾਂ ਨੂੰ ਡਿਊਟੀਆਂ ਲਗਾ ਕੇ ਭਾਰਤੀ ਜਨਤਾ ਪਾਰਟੀ 'ਚ ਮੈਂਬਰਸ਼ਿਪ ਮੁਹਿੰਮ ਰਾਹੀਂ ਵੱਧ ਤੋਂ ਵੱਧ ਲੋਕਾਂ ਨੂੰ ਲਾਮਬੰਦ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੀਤ ਪ੍ਰਧਾਨ ਸੰਜੀਵ ਲੀਹਲ, ਜੋਧਵਾਲ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸ਼ਰਮਾ, ਸ਼ਹਿਰੀ ਪ੍ਰਧਾਨ ਅਸ਼ਵਨੀ, ਸਤੀਸ਼ ਕੁਮਾਰ ਸਿੰਗਲਾ, ਜਸਪਾਲ ਸਿੰਘ, ਬਲਵੀਰ ਸਿੰਘ, ਜਗਤਾਰ ਸਿੰਘ, ਰਾਜ ਕੁਮਾਰ, ਲਾਲ ਸਿੰਘ, ਜਗਵਿੰਦਰ ਕੁਮਾਰ, ਕੁਲਵੰਤ ਕੌਰ, ਲਖਵਿੰਦਰ ਸਿੰਘ, ਰਾਮ ਪਾਲ, ਪੂਸ਼ਾ ਗਿੱਲ ਮੌਜੂਦ ਸਨ।

ਪੰਜਾਬੀ 'ਵਰਸਿਟੀ ਵਿਖੇ ਬੀ ਆਰ ਰਾਓ ਯਾਦਗਾਰੀ ਭਾਸ਼ਣ ਕਰਾਇਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬੀ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਵੱਲੋਂ ਸਾਲਾਨਾ ਬੀ. ਆਰ. ਰਾਓ ਯਾਦਗਾਰੀ ਭਾਸ਼ਣ ਲੜੀ ਤਹਿਤ ਪ੍ਰੋ. ਸੁਰਿੰਦਰ ਸਿੰਘ ਦਾ ਭਾਸ਼ਣ ਕਰਵਾਇਆ ਗਿਆ।ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਇਤਿਹਾਸ ਵਿਭਾਗ ਤੋਂ ਪੁੱਜੇ ਪ੍ਰੋ. ਸੁਰਿੰਦਰ ਸਿੰਘ ਨੇ ਦਮੋਦਰ ਦੀ ਹੀਰ ਦੇ ਹਵਾਲੇ ਨਾਲ ਮੱਧਕਾਲ ਦੇ ਪੰਜਾਬ ਬਾਰੇ ਗੱਲ ਕੀਤੀ।ਉਨ੍ਹਾ ਆਪਣੇ ਭਾਸ਼ਣ ਵਿੱਚ ਇਸ ਲਿਖਤ ਦੇ ਹਵਾਲੇ ਨਾਲ ਮੱਧਕਾਲੀ ਪੰਜਾਬ ਦੀ ਜਾਤੀ ਗਤੀਸ਼ੀਲਤਾ, ਲਿੰਗ ਭੂਮਿਕਾਵਾਂ ਤੇ ਸਮਾਜਿਕ ਗੱਠਜੋੜ ਦੇ ਵੱਖ-ਵੱਖ ਪੱਖਾਂ ਬਾਰੇ ਵਿਸਥਾਰ ਵਿੱਚ ਗੱਲ ਕੀਤੀ।ਉਨ੍ਹਾਂ ਆਪਣੇ ਭਾਸ਼ਣ ਵਿੱਚ ਇਸ ਲਿਖਤ ਦੀ ਮਹਾਨਤਾ ਬਾਰੇ ਗੱਲ ਕਰਦਿਆਂ ਦੱਸਿਆ ਕਿ ਇਹ ਸਿਰਫ਼ ਪਿਆਰ ਕਥਾ ਹੀ ਨਹੀਂ ਬਲਕਿ ਪੰਜਾਬ ਦੇ ਉਸ ਯੁੱਗ ਦੀਆਂ ਵੱਖ-ਵੱਖ ਪਰਤਾਂ ਨੂੰ ਬਰੀਕੀ ਨਾਲ ਸਮਝਣ ਲਈ ਇੱਕ ਪ੍ਰਮਾਣਿਤ ਦਸਤਾਵੇਜ਼ ਹੈ।ਖੇਤੀਬਾੜੀ ਨਾਲ ਸੰਬੰਧਤ ਸਮਾਜ ਤੇ ਵੱਖ-ਵੱਖ ਜਾਤਾਂ, ਗੋਤਾਂ ਦੀ ਆਪਸੀ ਸਾਂਝ ਤੇ ਟਕਰਾਅ ਨੂੰ ਜਾਣਨ ਲਈ ਇਸ ਲਿਖਤ ਨੂੰ ਵਾਚਿਆ ਜਾ ਸਕਦਾ ਹੈ।ਵਿਭਾਗ ਮੁਖੀ ਡਾ. ਜੋਤੀ ਪੁਰੀ ਨੇ ਆਪਣੇ ਸਵਾਗਤੀ ਭਾਸ਼ਣ ਦੌਰਾਨ ਬੁਲਾਰੇ ਦੀ ਸ਼ਖ਼ਸੀਅਤ ਬਾਰੇ ਚਾਨਣਾ ਪਾਇਆ।ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਮੋਨਿਕਾ ਸੱਭਰਵਾਲ ਨੇ ਮੰਚ ਸੰਚਾਲਨ ਕਰਦਿਆਂ ਡਾ. ਬੀ. ਆਰ. ਰਾਓ ਦੀ ਸ਼ਖ਼ਸੀਅਤ ਬਾਰੇ ਗੱਲ ਕੀਤੀ।ਧੰਨਵਾਦੀ ਸ਼ਬਦ ਡਾ. ਧਰਮਜੀਤ ਸਿੰਘ ਵੱਲੋਂ ਬੋਲੇ ਗਏ।

ਨਿਸ਼ਾਨੇਬਾਜ਼ੀ 'ਚ ਜੇਤੂ ਰਹਿਣ ਵਾਲੀ ਵਿਦਿਆਰਥਣ ਦਾ ਕਾਲਜ ਪਹੁੰਚਣ 'ਤੇ ਸਵਾਗਤ

ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)-ਪਿੰਡ ਬਾਦਲ ਦੇ ਦਸਮੇਸ਼ ਗਰਲਜ਼ ਕਾਲਜ ਦੀ ਨਿਸ਼ਾਨੇਬਾਜ਼ ਸਿਮਰਨਪ੍ਰੀਤ ਕੌਰ ਬਰਾੜ ਨੇ ਵਰਲਡ ਯੂਨੀਵਰਸਿਟੀ ਨਿਸ਼ਾਨੇਬਾਜ਼ੀ ਚੈਂਪੀਅਨਸ਼ਿਪ 'ਚ 25 ਮੀਟਰ ਪਿਸਟਲ (ਸਪੋਰਟਸ ਪਿਸਟਲ) ਟੀਮ ਮੁਕਾਬਲੇ 'ਚ ਸੋਨ ਤਮਗ਼ਾ ਜਿੱਤਿਆ ਹੈ। ਸਿਮਰਨਪ੍ਰੀਤ ਕੌਰ ਦੇ ਨਾਲ ਟੀਮ ਮੈਂਬਰ ਵਜੋਂ ਭਾਰਤ ਵੱਲੋਂ ਨਿਸ਼ਾਨੇਬਾਜ਼ ਅਰਸ਼ਦੀਪ ਕੌਰ (ਰੋਪੜ) ਤੇ ਪਲਕ (ਹਰਿਆਣਾ) ਸ਼ਾਮਲ ਸਨ। ਅੱਜ ਕਾਲਜ ਵਿੱਚ ਪਹੁੰਚਣ 'ਤੇ ਸਿਮਰਨਪ੍ਰੀਤ ਕੌਰ ਦਾ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਹੋਏ ਵਰਲਡ ਯੂਨੀਵਰਸਿਟੀ ਵਿਚ ਸ਼ੂਟਿੰਗ ਮੁਕਾਬਲੇ 'ਚ 25 ਮੀਟਰ ਪਿਸਟਲ ਮਹਿਲਾ (ਸਪੋਰਟਸ ਪਿਸਟਲ) ਦੇ ਕੁਆਲੀਫਾਈ ਰਾਊਂਡ 'ਚ ਪਹਿਲਾ ਸਥਾਨ ਲਿਆ ਤੇ ਫਾਈਨਲ ਮੁਕਾਬਲੇ 'ਚ ਉਸ ਨੇ ਕਾਂਸੀ ਤਮਗ਼ਾ ਜਿੱਤ ਕੇ ਭਾਰਤ ਦੀ ਝੋਲੀ ਪਾਇਆ। ਕਰਨੀ ਸਿੰਘ ਸ਼ੂਟਿੰਗ ਰੇਂਜ (ਦਿੱਲੀ) ਵਿੱਚ ਹੋਈ ਇਸ ਚੈਂਪੀਅਨਸ਼ਿਪ 'ਚ ਦੁਨੀਆ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ 220 ਨਿਸ਼ਾਨੇਬਾਜ਼ਾਂ ਨੇ ਹਿੱਸਾ ਲਿਆ, ਜਿਸ ਵਿੱਚ ਉਸ ਨੇ ਇੱਕ ਸੋਨੇ ਤੇ ਕਾਂਸੀ ਦਾ ਤਮਗਾ ਪ੍ਰਾਪਤ ਕੀਤਾ। ਉਸ ਨੇ ਇਸ ਦਾ ਸਿਹਰਾ ਆਪਣੇ ਕੋਚ ਤੇ ਆਪਣੇ ਕਾਲਜ ਦੇ ਸਟਾਫ ਤੇ ਮਾਪਿਆਂ ਨੂੰ ਦਿੱਤਾ। ਦੂਜੇ ਪਾਸੇ ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਐੱਸ ਐੱਸ ਸੰਧਾ ਨੇ ਲੜਕੀ ਦੇ ਕੋਚ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਇਹ ਪਹਿਲੀ ਵਾਰ ਹੋਇਆ, ਜਦੋਂ ਇਸ ਲੜਕੀ ਨੇ ਦੋ ਮੈਡਲ ਪ੍ਰਾਪਤ ਕੀਤੇ। ਦੱਸ ਦੇਈਏ ਕਿ ਬੀ ਏ-2 ਦੀ ਵਿਦਿਆਥਣ ਸਿਮਰਨਪ੍ਰੀਤ ਦੇ ਨਾਲ-ਨਾਲ ਇਸ ਤੋਂ ਪਹਿਲਾਂ ਕਾਲਜ ਦੀਆਂ ਵਿਦਿਆਰਥਣਾਂ ਇਸੇ ਚੈਂਪੀਅਨਸ਼ਿਪ ਵਿੱਚ ਅਦਾਰੇ ਦਾ ਨਾਂਅ ਚਮਕਾ ਚੁੱਕੀਆਂ ਹਨ।

ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਨੇਪਰੇ ਚੜ੍ਹਾਉਣਾ ਯਕੀਨੀ ਬਣਾਉਣ ਅਧਿਕਾਰੀ : ਡੀ ਸੀ

ਸੰਗਰੂਰ (ਪ੍ਰਵੀਨ ਸਿੰਘ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੰਗਰੂਰ ਜ਼ਿਲ੍ਹੇ ਵਿੱਚ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਤੇ ਵਿਕਾਸ ਪ੍ਰੋਜੈਕਟਾਂ ਦੀ ਮਹੀਨਾਵਾਰ ਸਮੀਖਿਆ ਲਈ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਬੈਠਕ ਕੀਤੀ ਗਈ।ਇਸ ਮੌਕੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਉਣ ਦੀ ਹਦਾਇਤ ਜਾਰੀ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਦੇ ਕੰਮ ਕਰਵਾਉਣ ਮੌਕੇ ਗੁਣਵੱਤਾ ਦਾ ਖਾਸ ਖਿਆਲ ਰੱਖਿਆ ਜਾਵੇ ਤੇ ਜੇਕਰ ਕਿਸੇ ਵੀ ਕੰਮ ਲਈ ਹੋਰ ਫੰਡਾਂ ਦੀ ਲੋੜ ਪੈਂਦੀ ਤਾਂ ਮਾਮਲਾ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਫ਼ੰਡਾਂ ਦੀ ਘਾਟ ਕਾਰਨ ਕੋਈ ਕੰਮ ਨਾ ਰੁਕੇ।ਉਨ੍ਹਾਂ ਕਿਹਾ ਕਿ ਜਿਹੜੇ ਵਿਕਾਸ ਕਾਰਜ ਪੂਰੇ ਹੋ ਚੁੱਕੇ ਹਨ, ਉਨ੍ਹਾਂ ਨਾਲ ਸਬੰਧਤ ਵਰਤੋਂ ਸਰਟੀਫਿਕੇਟ ਪਹਿਲ ਦੇ ਆਧਾਰ 'ਤੇ ਜਮ੍ਹਾਂ ਕਰਵਾਉਣੇ ਵੀ ਯਕੀਨੀ ਬਣਾਏ ਜਾਣ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਰਕਾਰੀ ਸਿਹਤ ਸੰਸਥਾਵਾਂ, ਸਕੂਲਾਂ, ਸੜਕਾਂ ਅਤੇ ਪਿੰਡਾਂ ਤੇ ਸ਼ਹਿਰਾਂ ਦੀਆਂ ਸਾਂਝੀਆਂ ਥਾਵਾਂ ਦੀ ਨੁਹਾਰ ਬਦਲਣ ਲਈ ਸਰਕਾਰ ਵੱਲੋਂ ਕਰਵਾਏ ਜਾ ਰਹੇ ਕੰਮ ਨੂੰ ਪੂਰੀ ਗੰਭੀਰਤਾ ਨਾਲ ਨੇਪਰੇ ਚੜ੍ਹਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ।ਉਨ੍ਹਾਂ ਹੋਰਨਾਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਕੰਮਾਂ ਤੇ ਭਲਾਈ ਸਕੀਮਾਂ ਦਾ ਵੀ ਜਾਇਜ਼ਾ ਲਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਐੱਸ.ਡੀ.ਐੱਮ. ਭਵਾਨੀਗੜ੍ਹ ਰਵਿੰਦਰ ਬਾਂਸਲ, ਐੱਸ.ਡੀ.ਐੱਮ. ਦਿੜ੍ਹਬਾ ਰਾਜੇਸ਼ ਸ਼ਰਮਾ, ਐੱਸ.ਡੀ.ਐੱਮ. ਲਹਿਰਾ ਤੇ ਮੂਨਕ ਸੂਬਾ ਸਿੰਘ, ਐੱਸ.ਡੀ.ਐੱਮ. ਸੁਨਾਮ ਪ੍ਰਮੋਦ ਸਿੰਗਲਾ ਸਮੇਤ ਹੋਰਨਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਟੈਗੋਰ ਵਿਦਿਆਲਿਆ ਵੱਲੋਂ ਵਾਤਾਵਰਣ ਸੰਬੰਧੀ ਜਾਗਰੂਕਤਾ ਰੈਲੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਟੈਗੋਰ ਵਿਦਿਆਲਿਆ (ਸੀਨੀ ਸੈਕੰ) ਦੇ ਵਿਦਿਆਰਥੀਆਂ ਵੱਲੋਂ ਵਾਤਾਵਰਣ ਵਿੱਚ ਵਧ ਰਹੇ ਪ੍ਰਦੂਸ਼ਣ, ਪੰਜਾਬ ਵਿੱਚ ਵਧ ਰਹੇ ਨਸ਼ੇ ਅਤੇ ਹੋਰ ਸਮਾਜਿਕ ਸਮੱਸਿਆਵਾਂ ਖਿਲਾਫ ਲੌਂਗੋਵਾਲ ਵਿਖੇ ਰੈਲੀ ਕੱਢੀ ਗਈ।ਇਸ ਰੈਲੀ ਦਾ ਮੁੱਖ ਮੰਤਵ ਵਿਦਿਆਰਥੀਆਂ ਅਤੇ ਇਲਾਕੇ ਦੇ ਲੋਕਾਂ ਵਿੱਚ ਸਮਾਜਿਕ ਬੁਰਾਈਆਂ ਅਤੇ ਵਾਤਾਵਰਣ ਦੀ ਸੰਭਾਲ ਰੱਖਣ ਸਬੰਧੀ ਜਾਗਰੂਕਤਾ ਪੈਦਾ ਕਰਨੀ ਕਰਨਾ ਸੀ। ਇਸ ਰੈਲੀ ਦਾ ਆਯੋਜਨ ਸਕੂਲ ਪ੍ਰਿੰਸੀਪਲ ਜਸਵਿੰਦਰ ਕੌਰ ਵੱਲੋਂ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਵੱਖ-ਵੱਖ ਸਮੱਸਿਆਵਾਂ ਨਾਲ ਸੰਬੰਧਤ ਪੋਸਟਰ ਬਣਾ ਕੇ ਰੈਲੀ ਵਿੱਚ ਪ੍ਰਦਰਸ਼ਤ ਕੀਤੇ ਗਏ।

ਅਰਾਈਆਂ ਵਾਲਾ 'ਚ ਨੁੱਕੜ ਨਾਟਕ ਤੇ ਸੈਮੀਨਾਰ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ—ਨਿਰਦੇਸ਼ਾਂ 'ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫਾਜ਼ਿਲਕਾ ਜਸਪਾਲ ਸਿੰਘ ਦੀ ਅਗਵਾਈ ਹੇਠ ਨਸ਼ੇ ਵਿਰੋਧੀ ਜਾਗਰੂਕਤਾ ਅਭਿਆਨ ਤਹਿਤ ਪਿੰਡ ਅਰਾਈਆਂ ਵਾਲਾ ਵਿਖੇ ਨੁੱਕੜ ਨਾਟਕ ਅਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਸਹਾਇਕ ਡਾਇਰੈਕਟਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨੌਜਵਾਨ ਪੀੜ੍ਹੀ ਨੂੰ ਮਾੜੀਆਂ ਕੁਰੀਤੀਆਂ ਤੋਂ ਬਚਾਉਣ ਅਤੇ ਸਹੀ ਰਾਹੇ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਹਨ। ਸਾਡਾ ਆਉਣ ਵਾਲਾ ਭਵਿੱਖ ਸਿਹਤਮੰਦ ਤੇ ਤੰਦਰੁਸਤ ਹੋਵੇ, ਇਸ ਲਈ ਨੌਜਵਾਨਾਂ ਨੂੰ ਮਾੜੀ ਸੰਗਤ ਤੋਂ ਗੁਰੇਜ਼ ਕਰਨ ਅਤੇ ਆਪਣੀ ਊਰਜਾ ਨੂੰ ਸਕਾਰਾਤਮਕ ਪਾਸੇ ਲਾਉਣ ਤੇ ਸੂਬੇ ਅਤੇ ਦੇਸ਼ ਦੀ ਪ੍ਰਗਤੀ ਵੱਲ ਕੇਂਦਰਿਤ ਕਰਨ ਲਈ ਤਵੱਜੋ ਦਿੱਤੀ ਜਾ ਰਹੀ ਹੈ।ਬੱਚਿਆਂ ਵੱਲੋਂ ਖੇਡੇ ਗਏ ਨਾਟਕ ਵਿਚ ਸੰਦੇਸ਼ ਦਿੱਤਾ ਗਿਆ ਕਿ ਨਸ਼ਿਆਂ ਦੀ ਦਲਦਲ ਵਿਚ ਫਸਣ ਨਾਲ ਅਸੀਂ ਆਪਣੇ ਆਪ ਨੂੰ ਤਾਂ ਬਰਬਾਦ ਕਰਦੇ ਹੀ ਹਾਂ ਸਗੋਂ ਆਪਣੇ ਪਰਵਾਰ, ਸਕੇ ਸਬੰਧੀਆਂ ਤੇ ਸਮਾਜ ਤੋਂ ਵੀ ਛੁਟ ਜਾਂਦੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਗਏ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਦੇ ਇਸ ਅਭਿਆਨ ਨੂੰ ਹਰ ਇਕ ਵਿਅਕਤੀ ਹਰ ਇਕ ਘਰ ਤੱਕ ਲੈ ਕੇ ਜਾਣਾ ਹੈ ਤਾਂ ਜੋ ਕੋਈ ਵੀ ਨਾਗਰਿਕ ਇਸ ਦਲਦਲ ਵਿਚ ਨਾ ਫਸ ਸਕੇ।ਇਹ ਨਾਟਕ ਸੋਨਮ, ਵੰਦਨਾ, ਇਸ਼ੀਤਾ, ਅਕਾਂਕਸ਼ਾ, ਅਲੀਸ ਕੌਰ, ਜਯੋਤੀ ਵੱਲੋਂ ਖੇਡਿਆ ਗਿਆ। ਇਸ ਦੌਰਾਨ ਪ੍ਰਸ਼ੰਸਾ ਪੱਤਰ ਦੀ ਵੰਡ ਵੀ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਡਾ. ਨੀਤਿਕਾ, ਸਰਪੰਚ ਮਾਛੂ ਸਿੰਘ, ਪ੍ਰੋਗਰਾਮ ਇੰਚਾਰਜ ਪ੍ਰੋਫੈਸਰ ਅਮਨ ਹਾਂਡਾ, ਅਮਨਦੀਪ ਸਿੰਘ, ਮੈਡਮ ਰਿੰਕਲ ਅਤੇ ਸਹਾਇਕ ਗੁਰਦੀਪ ਲਾਲ ਮੌਜੂਦ ਸਨ।

ਏ ਆਈ ਤਕਨੀਕ ਤਹਿਤ ਰੋਬੋਟ ਨੂੰ ਅਧਿਆਪਕ ਵਜੋਂ ਲਿਆਉਣ ਦਾ ਤਜਰਬਾ ਚਿੰਤਾਜਨਕ : ਡੀ ਟੀ ਐੱਫ

ਪਟਿਆਲਾ (ਰਜਿੰਦਰ ਸਿੰਘ ਥਿੰਦ)

'ਆਇਰਸ' ਨਾਮ ਦੇ ਇੱਕ ਰੋਬੋਟ ਅਧਿਆਪਕ ਨੂੰ ਤਜਰਬੇ ਦੇ ਤੌਰ 'ਤੇ 'ਫੈਡਰਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਪੰਜਾਬ' ਵੱਲੋਂ ਕਈ ਜ਼ਿਲ੍ਹਿਆਂ ਦੇ ਸਕੂਲਾਂ ਵਿੱਚ ਸਾਂਝੇ ਉੱਦਮ ਵਜੋਂ ਪੇਸ਼ ਕੀਤਾ ਜਾ ਰਿਹਾ ਹੈ।ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ.) ਪੰਜਾਬ ਨੇ ਏ ਆਈ (ਅਰਟੀਫ਼ਿਸ਼ੀਅਲ ਇੰਟੈਲੀਜੈਂਸ) ਤਕਨੀਕ ਤਹਿਤ ਕੀਤੇ ਜਾ ਰਹੇ ਇਸ ਤਜਰਬੇ ਨੂੰ ਜਨਤਕ ਤੇ ਨਿੱਜੀ ਖੇਤਰ ਵਿੱਚ ਰੁਜ਼ਗਾਰ ਦੇ ਮੌਕੇ ਘਟਾਉਣ ਅਤੇ ਸਿੱਖਿਆ ਨੂੰ ਮਨੁੱਖੀ ਭਾਵਨਾ ਤੋਂ ਰਹਿਤ ਕਰਨ ਵੱਲ ਸੇਧਿਤ ਮਾਰੂ ਕਦਮ ਕਰਾਰ ਦਿੱਤਾ ਹੈ। ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਤਕਨੀਕ ਦੀ ਵਰਤੋਂ ਲੋਕ ਪੱਖੀ ਸਮਾਜ ਦੀ ਸਿਰਜਣਾ ਵਿੱਚ ਮਨੁੱਖ ਦੇ ਸਹਿਯੋਗੀ ਵਜੋਂ ਹੋਣ ਦੀ ਥਾਂ ਕਿਰਤ ਸ਼ਕਤੀ ਨੂੰ ਹੀ ਬੇਰੁਜ਼ਗਾਰ ਕਰਨ ਲਈ ਹੋਣੀ ਗੰਭੀਰ ਚਿੰਤਾ ਦਾ ਵਿਸ਼ਾ ਹੈ।ਆਗੂਆਂ ਨੇ ਦੱਸਿਆ ਕਿ ਇੱਕ ਯੋਗ ਅਧਿਆਪਕ ਬਣਨ ਲਈ ਕਈ ਵਰ੍ਹਿਆਂ ਦੀ ਅਕਾਦਮਿਕ ਤੇ ਪੇਸ਼ਾਵਰ ਪੜ੍ਹਾਈ ਕਰਨ ਦੇ ਨਾਲ-ਨਾਲ ਵਿੱਦਿਅਕ ਮਨੋਵਿਗਿਆਨ ਦੀ ਸਮਝ ਵਿਕਸਤ ਕਰਨੀ ਅਤੇ ਬੱਚਿਆਂ ਲਈ ਸ਼ਲਾਘਾ, ਉਤਸ਼ਾਹ ਤੇ ਹਮਦਰਦੀ ਦਾ ਭੰਡਾਰ ਹੋਣਾ ਮੁੱਢਲਾ ਗੁਣ ਹੁੰਦਾ ਹੈ।ਇਸ ਲਈ ਇੱਕ ਮਸ਼ੀਨ ਅਧਿਆਪਕ ਦਾ ਬਦਲ ਕਦੇ ਨਹੀਂ ਬਣ ਸਕਦੀ ਹੈ।ਆਗੂਆਂ ਨੇ ਦੱਸਿਆ ਕਿ ਕਾਰਪੋਰੇਟ ਵੱਲੋਂ ਏ ਆਈ ਤਕਨੀਕ ਰਾਹੀਂ ਰੁਜ਼ਗਾਰ ਦੇ ਮੌਕੇ ਖ਼ਤਮ ਕਰਨ ਵਿਰੁੱਧ ਦੁਨੀਆ ਦੇ ਕਈ ਹਿ

23-Nov-PAGE-8.qxd 11/22/2024 11:03 PM Page 1

ਨੌਜਵਾਨ ਦਾ ਕਤਲ ਹੋਣ 'ਤੇ ਪਰਵਾਰਕ ਮੈਂਬਰਾਂ ਲਗਾਇਆ ਧਰਨਾ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) - ਬੀਤੀ ਰਾਤ ਸੁਲਤਾਨਪੁਰ ਲੋਧੀ ਦੀ ਨਵੀਂ ਦਾਣਾ ਮੰਡੀ ਵਿਖੇ ਤੇਜ਼ਧਾਰ ਹਥਿਆਰਾਂ ਨਾਲ ਨੌਜਵਾਨ ਹਨੀ ਕੁਮਾਰ ਉਰਫ ਦਾ ਕਤਲ ਕਰ ਦਿੱਤਾ ਗਿਆ। ਉਸ ਦੇ ਦੋ ਸਾਥੀ ਵੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ, ਜੋ ਕਪੂਰਥਲਾ ਵਿਖੇ ਜੇਰੇ ਇਲਾਜ ਸਨ ਪਰ ਇੱਕ ਦੀ ਹਾਲਤ ਗੰਭੀਰ ਹੋਣ ਕਰਕੇ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਮ੍ਰਿਤਕ ਦੇ ਪਰਵਾਰ ਵੱਲੋਂ ਮੁਹੱਲੇ ਵਾਲਿਆਂ ਨਾਲ ਮਿਲ ਕੇ ਇਨਸਾਫ ਦੀ ਮੰਗ ਲਈ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਧਰਨਾ ਲਗਾ ਦਿੱਤਾ ਗਿਆ, ਉਹਨਾਂ ਕਿਹਾ ਕਿ ਜਿੰਨਾ ਚਿਰ ਕਾਤਲਾਂ ਨੂੰ ਪੁਲਸ ਫੜ ਨਹੀਂ ਲੈਂਦੀ ਅਤੇ ਇੱਕ ਏ ਐਸ ਆਈ ਨੂੰ ਡਿਸਮਿਸ ਨਹੀਂ ਕੀਤਾ ਜਾਂਦਾ ਉਨ੍ਹਾਂ ਚਿਰ ਨਾ ਤਾਂ ਮ੍ਰਿਤਕ ਦੇਹ ਦਾ ਸੰਸਕਾਰ ਕੀਤਾ ਜਾਵੇਗਾ ਅਤੇ ਨਾ ਹੀ ਪੋਸਟਮਾਰਟਮ ਕਰਵਾਇਆ ਜਾਵੇਗਾ।ਪਰਵਾਰ ਨੇ ਦੋਸ਼ ਲਗਾਇਆ ਕਿ ਪੁਲਸ ਦੇ ਇੱਕ ਏ ਐਸ ਆਈ ਨੇ ਰਿਸ਼ਵਤ ਵੀ ਮੰਗੀ ਸੀ। ਇਹ ਕਤਲ ਪੁਰਾਣੀ ਰੰਜਿਸ਼ ਦੇ ਚੱਲਦਿਆਂ ਕੀਤਾ ਗਿਆ ਦੱਸਿਆ ਜਾ ਰਿਹਾ ਹੈ।

ਚੰਡੀਗੜ੍ਹ ਪੰਜਾਬ ਨੂੰ ਦੇਣ ਤੇ ਹੋਰ ਮਸਲਿਆਂ ਦੇ ਹੱਲ ਲਈ ਡੀ ਸੀ ਨੂੰ ਮੰਗ ਪੱਤਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ) ਕਾਮਰੇਡ ਹਰਕਮਲ ਸਿੰਘ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਚੰਡੀਗੜ੍ਹ ਵਿਖੇ ਹਰਿਆਣਾ ਪ੍ਰਾਂਤ ਦੀ ਰਾਜਧਾਨੀ ਦੀ ਉਸਾਰੀ ਲਈ ਜਗ੍ਹਾ ਅਤੇ ਪੈਸਾ ਦਿੱਤੇ ਜਾਣ ਦਾ ਕੇਂਦਰੀ ਸਰਕਾਰ ਦੇ ਅਨਿਆਪੂਰਨ ਫੈਸਲੇ ਨੂੰ ਤੁਰੰਤ ਰੱਦ ਕੀਤੇ ਜਾਣ ਸਬੰਧੀ ਮੰਗ ਪੱਤਰ ਦਿੱਤਾ ਗਿਆ।ਇਸ ਸਬੰਧੀ ਤਹਿਸੀਲ ਕਮੇਟੀ ਆਰਐਮਪੀਆਈ ਨੇ ਪ੍ਰੈਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਇਹ ਫੈਸਲਾ ਪੰਜਾਬ ਵਾਸੀਆਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ।ਪੰਜਾਬ ਪੁਨਰਗਠਨ ਐਕਟ 1966 ਅਤੇ ਜੁਲਾਈ 1985 'ਚ ਹੋਏ ਰਾਜੀਵ ਲੌਂਗੋਵਾਲ ਸਮਝੌਤੇ ਅਤੇ ਹੋਰ ਸਾਰੀਆਂ ਵਾਰਤਾਵਾਂ ਵਿੱਚ ਜਿਨ੍ਹਾਂ ਵਿੱਚ ਚੰਡੀਗੜ੍ਹ 'ਤੇ ਪੰਜਾਬ ਦਾ ਅਧਿਕਾਰ ਹੋਣ ਬਾਰੇ ਆਮ ਸਹਿਮਤੀ ਰਹੀ ਹੈ, ਉਨ੍ਹਾਂ ਦੀ ਉਲੰਘਣਾ ਕਰਦਾ ਹੈ। ਕੇਂਦਰ ਸਰਕਾਰ ਦੇ ਹੋਰ ਫੈਸਲੇ ਬੀਬੀਐਮਬੀ ਦੀ ਮੈਨੇਜਮੈਂਟ ਵਿੱਚ 60 ਅਨੁਪਾਤ 40 ਪੰਜਾਬ ਹਰਿਆਣੇ ਦੀ ਹਿੱਸੇਦਾਰੀ, ਪੰਜਾਬ ਯੂਨੀਵਰਸਿਟੀ, ਪਾਣੀਆਂ ਦੀ ਵੰਡ ਅਤੇ ਬਾਰਡਰਾਂ ਤੋਂ 50 ਕਿਲੋਮੀਟਰ 'ਤੇ ਬੀਐਸਐਫ ਦਾ ਘੇਰਾ ਵਧਾਉਣ ਆਦਿ ਫੈਸਲੇ ਸੂਬੇ ਦੇ ਅਧਿਕਾਰਾਂ 'ਤੇ ਡਾਕਾ ਮਾਰਨ ਵਾਲੇ ਹੱਕ ਵਾਲੇ ਹਨ। ਖਾਸ ਕਰਕੇ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਵਿੱਚ ਹਰਿਆਣੇ ਨੂੰ ਜਗ੍ਹਾ ਦੇਣਾ ਦੁਬਾਰਾ ਤੋਂ ਪੰਜਾਬ ਦੇ ਹਾਲਾਤ ਖਰਾਬ ਕਰਨ ਵਾਲੀ ਗੱਲ ਹੈ। ਆਰਐਮਪੀਆਈ ਅਤੇ ਸ਼ਾਂਤੀ ਪਸੰਦ ਜਥੇਬੰਦੀਆਂ ਅਤੇ ਰਾਜਨੀਤਿਕ ਪਾਰਟੀਆਂ ਮੰਗ ਕਰਦੀਆਂ ਹਨ ਕਿ ਇਹ ਪ੍ਰਸਤਾਵ ਤੁਰੰਤ ਰੱਦ ਕੀਤਾ ਜਾਵੇ ਅਤੇ ਚੰਡੀਗੜ੍ਹ ਫੌਰੀ ਪੰਜਾਬ ਦੇ ਹਵਾਲੇ ਕੀਤਾ ਜਾਵੇ। ਇਸ ਤੋਂ ਇਲਾਵਾ ਪੰਜਾਬ ਨਾਲ ਸੰਬੰਧਿਤ ਬਾਕੀ ਰਹਿੰਦੇ ਸਾਰੇ ਲੰਬਿਤ ਮਸਲਿਆਂ ਦਾ ਨਿਆਂ ਸੰਗਤ ਹੱਲ ਕੀਤਾ ਜਾਵੇ। ਇਸ ਸਮੇਂ ਜ਼ਮਹੂਰੀ ਅਧਿਕਾਰ ਸਭਾ ਵੱਲੋਂ ਓਮ ਸਿੰਘ ਸਟਿਆਣਾ, ਹਰਪ੍ਰੀਤ ਲਾਲੀ, ਰਣਧੀਰ ਸਿੰਘ, ਦਵਿੰਦਰ ਸਿੰਘ ਕੱਕੋਂ, ਮਲਕੀਤ ਸਿੰਘ ਸਲੇਮਪੁਰ, ਓਮ ਪ੍ਰਕਾਸ਼, ਗੰਗਾ ਪ੍ਰਸ਼ਾਦ, ਹੈਡ ਮਾਸਟਰ ਤੇਜ ਪ੍ਰਕਾਸ਼, ਮਨਜੀਤ ਸਿੰਘ ਬਾਜਵਾ, ਸੱਭਿਆਚਾਰਕ ਮੰਚ ਵੱਲੋਂ ਅਸ਼ੋਕਪੁਰੀ, ਗੁਰਚਰਨ ਸਿੰਘ ਆਰਐਮਪੀਆਈ, ਬਲਵਿੰਦਰ ਸਿੰਘ ਆਰਮੀਪੀਆਈ ਤੇ ਹੋਰ ਹਾਜ਼ਰ ਸਨ।

555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਕੈਂਪ ਦੌਰਾਨ 81 ਯੂਨਿਟ ਖੂਨ ਹੋਇਆ ਇਕੱਤਰ

ਫਗਵਾੜਾ (ਡਾ. ਰਮਨ)-ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾ ਖੂਨਦਾਨ ਕੈਂਪ ਪ੍ਰਵਾਸੀ ਭਾਰਤੀਆਂ, ਸਮੂਹ ਗ੍ਰਾਮ ਪੰਚਾਇਤ, ਜਲੰਧਰ ਬਲੱਡ ਸੇਵਾ, ਗੁਰਾਇਆ ਬਲੱਡ ਸੇਵਾ ਅਤੇ ਲਾਡੋਵਾਲੀ ਯੂਥ ਫਰੰਟ ਦੇ ਸਹਿਯੋਗ ਸਦਕਾ ਨੌਜਵਾਨ ਸਭਾ ਪਿੰਡ ਸਾਹਨੀ ਵਲੋਂ ਦਰਬਾਰ ਨੂਰ-ਏ-ਖੁਦਾ ਸਾਂਈ ਮੰਗੂ ਸ਼ਾਹ ਪਿੰਡ ਸਾਹਨੀ ਵਿਖੇ ਲਗਾਇਆ ਗਿਆ। ਕੈਂਪ ਦੋਆਬਾ ਹਸਪਤਾਲ ਬਲੱਡ ਸੈਂਟਰ ਦੀ ਟੀਮ ਵਲੋਂ ਡਾ. ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਲਗਾਇਆ ਗਿਆ। ਉਦਘਾਟਨ ਦਰਬਾਰ ਦੇ ਗੱਦੀਨਸ਼ੀਨ ਸਾਂਈ ਕਰਨੈਲ ਸ਼ਾਹ ਵਲੋਂ ਕੀਤਾ ਗਿਆ। ਉਹਨਾਂ ਸਮੂਹ ਹਾਜਰੀਨ ਅਤੇ ਖੂਨਦਾਨੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੂਨਦਾਨ ਸਭ ਤੋਂ ਮਹਾਨ ਦਾਨ ਹੈ ਕਿਉਂਕਿ ਇਸ ਨਾਲ ਖੂਨ ਦੀ ਘਾਟ ਕਾਰਨ ਮੌਤ ਨਾਲ ਸੰਘਰਸ਼ ਕਰ ਰਹੇ ਲੋਕਾਂ ਨੂੰ ਨਵੀਂ ਜਿੰਦਗੀ ਮਿਲਦੀ ਹੈ। ਪ੍ਰਬੰਧਕਾਂ ਸਰਪੰਚ ਬੀਬੀ ਬਖਸ਼ਿੰਦਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ, ਸ਼ਰਨ ਕਾਹਲੋਂ ਨੇ ਦੱਸਿਆ ਕਿ ਕੈਂਪ ਦੌਰਾਨ 81 ਯੂਨਿਟ ਖੂਨ ਇਕੱਤਰ ਕੀਤਾ ਗਿਆ ਹੈ। ਉਹਨਾਂ ਸਮੂਹ ਖੂਨਦਾਨੀਆਂ ਤੋਂ ਇਲਾਵਾ ਕੈਂਪ ਵਿਚ ਸਹਿਯੋਗ ਲਈ ਐਨ.ਆਰ.ਆਈ. ਜਸਵੀਰ ਸਿੰਘ ਕਾਲਾ, ਸੁਰਿੰਦਰ ਸਿੰਘ ਕਾਹਲੋਂ, ਤੀਰਥ ਸਿੰਘ ਕਾਹਲੋਂ, ਮਨਦੀਪ ਸਿੰਘ ਕਾਹਲੋਂ, ਸਤਿੰਦਰ ਸਿੰਘ ਕਾਹਲੋਂ, ਦਲਜਿੰਦਰ ਸਿੰਘ ਕਾਹਲੋਂ, ਸੰਦੀਪ ਸਿੰਘ ਕਾਹਲੋਂ, ਜੋਹਨ ਕਾਹਲੋਂ, ਪੰਮਾ ਕਾਹਲੋਂ, ਗੁਰਪ੍ਰੀਤ ਕਾਹਲੋਂ, ਅਨਮੋਲ ਕੌਸ਼ਲ ਅਤੇ ਹਸਰਤ ਕੌਸ਼ਲ ਦਾ ਕੈਂਪ ਵਿਚ ਸਹਿਯੋਗ ਲਈ ਖਾਸ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਪੰਚਾਇਤ ਮੈਂਬਰ ਮੇਜਰ ਸਿੰਘ, ਜਸਵਿੰਦਰ ਕੌਰ, ਪਤਨੀ ਹਰਨੇਕ ਸਿੰਘ, ਅਮਰੀਕ ਸਿੰਘ ਮੀਕਾ, ਦਵਿੰਦਰ ਪਾਲ ਕੌਸ਼ਲ, ਰਾਜਵਿੰਦਰ ਕੌਰ, ਹਰਵਿੰਦਰ ਸਿੰਘ ਕਾਹਲੋਂ, ਸੁਰਿੰਦਰ ਸਿੰਘ ਰਮਨਦੀਪ ਸਿੰਘ ਕਾਹਲੋਂ, ਸਤਨਾਮ ਸਿੰਘ ਕਾਹਲੋਂ, ਪਰਗਟ ਸਿੰਘ ਅਕਾਲਗੜ੍ਹ, ਕਮਲ ਕਾਹਲੋਂ, ਰਣਦੀਪ ਸਿੰਘ,

ਬਲਦੇਵ ਸਿੰਘ ਰਾਮਾਮੰਡੀ, ਸੁੱਖ ਵਿਰਦੀ, ਸਤਨਾਮ ਸਿੰਘ ਭੁੰਗਰਨੀ, ਕੁਲਵੰਤ ਲੱਖਪੁਰ, ਬਾਬਾ ਮਲੰਗ ਸਾਹਨੀ, ਬਾਬਾ ਧੰਨਾ ਜੀ, ਜਥੇਦਾਰ ਰਣਜੀਤ ਸਿੰਘ ਰਾਣਾ, ਬੀਬੀ ਅਮਰਜੀਤ ਕੌਰ, ਬੀਬੀ ਕਸ਼ਮੀਰ ਕੌਰ, ਸਤਵਿੰਦਰ ਕੌਰ, ਜਸਵੀਰ ਕੌਰ, ਜਸਕਰਨ ਭਗਵਾੜਾ, ਸੋਹਨ ਸਿੰਘ ਪਰਮਾਰ ਸਾਬਕਾ ਕੌਂਸਲਰ ਫਗਵਾੜਾ, ਸਾਬੀ ਬਸਰਾ, ਸੁਖਵੀਰ ਘੱਗ, ਅਭੀ ਸੇਠੀ, ਵੀਰ ਕਰਨ, ਦਿਨੇਸ਼ ਠਾਕੁਰ, ਬੋਧ ਰਾਜ ਭੱਟੀ, ਇੰਦਰ ਕਾਹਲੋਂ, ਹਰਵਿੰਦਰ ਕਾਹਲੋਂ, ਕਾਲਾ ਸਾਹਨੀ, ਕਮਲਜੀਤ ਸਿੰਘ, ਜੱਗੀ ਕਾਹਲੋਂ, ਸੇਵਾ ਰਾਮ, ਦੀਪ ਕਾਹਲੋਂ, ਗੁਰਦੀਪ ਕੁਮਾਰ, ਸੂਬਾ ਸਿੰਘ, ਸੋਨੀ ਸਾਹਨੀ, ਚੁੰਨੀ ਰਾਮ ਨਿੱਕਾ, ਕੁਲਬੀਰ ਕਾਹਲੋਂ, ਨਿਰਮਲ ਸਿੰਘ ਚੱਕ ਹਕੀਮ ਆਦਿ ਹਾਜਰ ਸਨ।

ਦੇਹ ਵਪਾਰ ਦਾ ਧੰਦਾ ਕਰਨ ਵਾਲੇ ਗਰੋਹ ਦੇ 4 ਮੈਂਬਰ ਕਾਬੂ

ਫਗਵਾੜਾ (ਡਾ. ਰਮਨ) ਵਤਸਲਾ ਗੁਪਤਾ ਸੀਨੀਅਰ ਪੁਲਸ ਕਪਤਾਨ ਕਪੂਰਥਲਾ ਵੱਲੋਂ ਮਾੜੇ ਅਨਸਰਾਂ ਨੂੰ ਗ੍ਰਿਫ਼ਤਾਰ ਕਰਨ ਲਈ ਚਲਾਈ ਮੁਹਿੰਮ ਤਹਿਤ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਸ ਕਪਤਾਨ ਸਬ-ਡਵੀਜ਼ਨ ਫਗਵਾੜਾ ਅਤੇ ਭਰਤ ਭੂਸ਼ਣ ਉਪ-ਪੁਲਿਸ ਕਪਤਾਨ ਸਬ ਡਵੀਜ਼ਨ ਫਗਵਾੜਾ ਦੇ ਨਿਰਦੇਸ਼ਾਂ ਅਤੇ ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ ਮੁੱਖ ਅਫਸਰ ਥਾਣਾ ਸਦਰ ਫਗਵਾੜਾ ਦੀ ਯੋਗ ਅਗਵਾਈ ਹੇਠ ਐਸਆਈ ਕਮਲਜੀਤ ਸਿੰਘ, ਸਬ-ਇੰਸਪੈਕਟਰ ਬਲਜੀਤ ਕੋਰ ਸਮੇਤ ਪੁਲਸ ਪਾਰਟੀ ਨੇ ਫਗਵਾੜਾ ਵਿੱਚ ਦੇਹ ਵਪਾਰ ਦਾ ਧੰਦਾ ਕਰਨ ਵਾਲੀਆਂ 03 ਲੜਕੀਆਂ ਅਤੇ ਇੱਕ ਲੜਕਾ ਸੁਖਵਿੰਦਰ ਕੁਮਾਰ ਪੁੱਤਰ ਬਲਵੀਰ ਸਿੰਘ ਵਾਸੀ ਗੋਜੋ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ, ਜਿਹਨਾ ਨੇ ਪਿੰਡ ਚੱਕ ਹਕੀਮ ਵਿਖੇ ਇੱਕ ਕੋਠੀ ਕਿਰਾਏ 'ਤੇ ਲਈ ਹੋਈ ਹੈ, ਜੋ ਇਸ ਕੋਠੀ ਵਿਚ ਜਿਸਮ ਫਿਰੋਸ਼ੀ ਦਾ ਧੰਦਾ ਚਲਾਉਂਦੇ ਸਨ । ਪੁਲਸ ਨੇ ਇਨ੍ਹਾਂ ਨੂੰ ਕਾਬੂ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰ ਲਿਆ ਹੈ।

ਦਲਵਿੰਦਰ ਦਿਆਲਪੁਰੀ ਦੇ ਗੀਤ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ

ਕਾਲਾ ਸੰਘਿਆਂ (ਮਨਜੀਤ ਮਾਨ)-ਮੇਲਿਆਂ ਦੇ ਬਾਦਸ਼ਾਹ ਪ੍ਰਸਿੱਧ ਗਾਇਕ ਦਲਵਿੰਦਰ ਦਿਆਲਪੁਰੀ ਨੇ ਦੱਸਿਆ ਕਿ ਉਹਨਾਂ ਵੱਲੋਂ ਗਾਇਆ ਸਿੰਗਲ ਟਰੈਕ ਨੈਟ ਕਮ ਸੈਟ ਜੋ ਪਿਛਲੇ ਦਿਨੀ ਸ੍ਰੋਤਿਆਂ ਦੀ ਝੋਲੀ ਵਿੱਚ ਪਾਇਆ, ਜਿਸ ਨੂੰ ਬਹੁਤ ਹੀ ਸਲਾਹਿਆ ਗਿਆ ਹੈ। ਗੀਤ ਨੂੰ ਲਿਖਿਆ ਹੈ ਦੇਸਾ ਕਰਤਾਰਪੁਰੀ ਨੇ ਅਤੇ ਇਸ ਦਾ ਸੰਗੀਤ ਤਿਆਰ ਕੀਤਾ ਹੈ ਰਾਜ ਕੁਮਾਰ ਕਿਕ ਐਂਡ ਬੀਟਸਨ, ਵੀਡੀਓ ਡਾਇਰੈਕਟਰ ਹਨ ਹਰਮੇਸ਼ ਸਾਹਿਲ ਅਤੇ ਪ੍ਰੋਡਿਊਸਰ ਹਨ ਰਜਿੰਦਰ ਸਿੰਘ ਤੇ ਜਸ ਇੰਦਰ, ਪੇਸ਼ ਕੀਤਾ ਹੈ ਜਸ ਆਈਡੀਓ ਕੰਪਨੀ ਨੇ।

ਸੁਲਤਾਨਪੁਰ ਲੋਧੀ 'ਚ ਭਾਜਪਾ ਦੇ ਯੂਥ ਪ੍ਰਧਾਨ ਦਾ ਕਤਲ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਬੀਤੀ ਰਾਤ ਸੁਲਤਾਨਪੁਰ ਲੋਧੀ ਵਿਖੇ ਆਪਸੀ ਰੰਜਿਸ਼ ਦੇ ਚੱਲਦਿਆਂ ਕੁੱਝ ਨੌਜਵਾਨਾਂ ਵੱਲੋਂ ਕੀਤੇ ਹਮਲੇ ਦੌਰਾਨ ਭਾਰਤੀ ਜਨਤਾ ਪਾਰਟੀ ਦੇ ਯੂਥ ਪ੍ਰਧਾਨ ਹਨੀ ਸੱਭਰਵਾਲ ਨੂੰ ਤੇਜ਼ਧਾਰ ਹਥਿਆਰਾਂ ਨਾਲ ਮੌਤ ਦੇ ਘਾਟ ਉਤਾਰ ਦਿੱਤਾ।ਹਮਲੇ ਦੌਰਾਨ ਦੋ ਨੌਜਵਾਨ ਹੋਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਵਿਖੇ ਦਾਖਲ ਕਰਵਾਇਆ ਗਿਆ।ਇਸ ਘਟਨਾ ਤੋਂ ਪੂਰੇ ਸ਼ਹਿਰ ਵਿੱਚ ਦਹਿਸ਼ਤ ਦਾ ਮਾਹੌਲ ਹੈ।ਪੁਲਸ ਵੱਲੋਂ ਹਮਲਾਵਰਾਂ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਬੰਗਾ (ਅਵਤਾਰ ਕਲੇਰ) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਪੁਲਸ ਵੱਲੋਂ ਮਾੜੇ ਅਨਸਰਾਂ ਅਤੇ ਨਸ਼ਿਆਂ ਖਿਲਾਫ ਛੇੜੀ ਮੁਹਿੰਮ ਤਹਿਤ ਮੁੱਖ ਅਫਸਰ ਥਾਣਾ ਸਿਟੀ ਬੰਗਾ ਨੇ ਸਮੇਤ ਪੁਲਸ ਪਾਰਟੀ ਦੇ ਦੌਰਾਨੇ ਗਸ਼ਤ ਹੱਪੋਵਾਲ ਪੁੱਲੀ ਬੰਗਾ ਤੋਂ ਜਤਿੰਦਰ ਕੁਮਾਰ ਉਰਫ ਸੋਨੂੰ ਪੁੱਤਰ ਤਾਵਰਸ਼ ਕੁਮਾਰ ਵਾਸੀ ਵਾਲਮੀਕ ਮੁਹੱਲਾ ਬੰਗਾ ਨੂੰ 30 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਹੈ।ਜਤਿੰਦਰ ਕੁਮਾਰ ਖਿਲਾਫ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਅੱਜ ਬਿਜਲੀ ਬੰਦ ਰਹੇਗੀ

ਰਾਹੋਂ (ਕੁਲਵਿੰਦਰ ਸਿੰਘ ਰਾਹੋਂ)-66 ਕੇਵੀ ਸਬ ਸਟੇਸ਼ਨ ਰਾਹੋਂ 'ਤੇ ਚਲਦੇ 11 ਕੇਵੀ ਫੀਡਰ ਸ਼ਹਿਰੀ ਫੀਡਰ ਨੰਬਰ 1 ਰਾਹੋਂ ਦੀ ਮੇਨ ਲਾਈਨਾਂ ਦੀ ਸ਼ਡਿਊਲਮੈਂਟ ਦੌਰਾਨ ਜ਼ਰੂਰੀ ਮੁਰੰਮਤ ਕਰਨ ਲਈ ਮਿਤੀ ਨਵੰਬਰ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਸਬ ਡਵੀਜ਼ਨ ਰਾਹੋਂ ਅਧੀਨ ਪੈਂਦੇ ਰਾਹੋਂ ਸ਼ਹਿਰ ਦੇ ਮੁਹੱਲੇ, ਫਿਲੌਰ ਰੋਡ , ਮੁਹੱਲਾ ਜੈਨੀਆਂ, ਮੁਹੱਲਾ ਖੋਸਲਾ ,ਮੁਹੱਲਾ ਰੋਤਾਂ ,ਆਰਨਹਾਲੀ, ਕੁਰਾਲਾ, ਰਾਜਪੂਤਾ, ਘੱਕੇਵਾਲ ਰੋਡ, ਜਾਡਲਾ ਰੋਡ, ਨਵਾਂ ਸ਼ਹਿਰ ਰੋਡ ਅਤੇ ਮੇਨ ਬਾਜ਼ਾਰ ਦੇ ਆਸ ਪਾਸ ਦੇ ਇਲਾਕਿਆਂ ਦੇ ਘਰਾਂ, ਦੁਕਾਨਾਂ, ਸਕੂਲਾਂ ,ਕਾਲਜਾਂ , ਦਫ਼ਤਰਾਂ ਹਸਪਤਾਲਾਂ ,ਮੋਟਰਾਂ/ ਟਿਊਬਲ ਅਤੇ ਬਾਕੀ ਅਦਾਰਿਆਂ ਦੀ ਬਿਜਲੀ ਦੀ ਸਪਲਾਈ ਬੰਦ ਰਹੇਗੀ। ਇਸ ਸਬੰਧੀ ਸਬ -ਡਵੀਜਨ ਰਾਹੋਂ ਦੇ ਉਪ ਮੰਡਲ ਅਫਸਰ ਰਾਹੋਂ ਵੱਲੋਂ ਜਾਣਕਾਰੀ ਦਿੱਤੀ ਗਈ ਹੈ।

ਭਾਈ ਗੁਰਬਿੰਦਰ ਸਿੰਘ ਦਾ ਰਾਗੀ ਜਥਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਪਿੰਡ ਬਿਲਗਾ ਵਿਖੇ ਆਪਣੀ ਹਾਜ਼ਰੀ ਭਰਦੇ ਹੋਏ (ਹੇਠਾਂ) ਹਾਜ਼ਰ ਸੰਗਤਾਂ।

(ਫੋਟੋ ਤੇ ਵੇਰਵਾ : ਬਾਲ ਕ੍ਰਿਸ਼ਨ ਬਾਲੀ, ਨੂਰਮਹਿਲ)

ਇਫਟੂ ਤੇ ਸੰਯੁਕਤ ਕਿਸਾਨ ਮੋਰਚਾ 26 ਨੂੰ ਮਨਾਉਣਗੇ ਕਾਰਪੋਰੇਟ ਵਿਰੋਧੀ ਦਿਵਸ

ਬੰਗਾ (ਅਵਤਾਰ ਕਲੇਰ) ਤਿੰਨ ਖੇਤੀ ਕਾਨੂੰਨਾਂ ਵਿਰੁੱਧ ਕਿਸਾਨੀ ਸੰਘਰਸ਼ ਦੇ ਚਾਰ ਸਾਲ ਪੂਰੇ ਹੋਣ ਉੱਤੇ ਸੰਯੁਕਤ ਕਿਸਾਨ ਮੋਰਚਾ ਅਤੇ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਵਲੋਂ 26 ਨਵੰਬਰ ਨੂੰ ਨਵਾਂਸ਼ਹਿਰ ਵਿਖੇ ਕਾਰਪੋਰੇਟ -ਵਿਰੋਧੀ ਦਿਵਸ ਮਨਾਇਆ ਜਾਵੇਗਾ।ਇਸ ਸਬੰਧੀ ਜਥੇਬੰਦੀਆਂ ਦੀ ਮੀਟਿੰਗ ਕਿਰਤੀ ਕਿਸਾਨ ਯੂਨੀਅਨ ਦੇ ਨਵਾਂਸ਼ਹਿਰ ਦਫਤਰ ਵਿਖੇ ਹੋਈ।ਇਫਟੂ ਦੀ ਪੰਜਾਬ ਕਮੇਟੀ ਦੇ ਪ੍ਰੈਸ ਸਕੱਤਰ ਜਸਬੀਰ ਦੀਪ ਨੇ ਦੱਸਿਆ ਕਿ ਪਹਿਲਾਂ ਸਵੇਰੇ 11 ਵਜੇ ਟੈਕਸੀ ਸਟੈਂਡ ਚੰਡੀਗੜ੍ਹ ਰੋਡ ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਰੈਲੀ ਕੀਤੀ ਜਾਵੇਗੀ, ਬਾਅਦ ਵਿੱਚ ਮੁਜਾਹਰਾ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਨੇ ਦੱਸਿਆ ਕਿ ਇਸ ਰੈਲੀ ਵਿੱਚ ਕਿਰਤੀ ਕਿਸਾਨ ਯ

23-Nov-PAGE-9.qxd 11/22/2024 11:02 PM Page 1

ਕੇਂਦਰ ਸਰਕਾਰ ਖਿਲਾਫ ਸਾਂਝਾ ਸੰਘਰਸ਼ ਵਿੱਢਣ ਦੀ ਅਪੀਲ

ਜਲੰਧਰ (ਰਾਜੇਸ਼ ਬਾਬਾ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐਮਪੀਆਈ), ਸੀਪੀਆਈ (ਐਮ.ਐਲ.) ਲਿਬ੍ਰੇਸ਼ਨ ਅਤੇ ਐਮਸੀਪੀਆਈ-ਯੂ. ਦੇ ਜ਼ਿਲ੍ਹਾ ਪੱਧਰੀ ਸਾਂਝੇ ਵਫਦਾਂ ਵਲੋਂ ਅੱਜ ਅਧਿਕਾਰੀਆਂ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜੇ ਗਏ ਹਨ।ਭੇਜੇ ਗਏ ਮੰਗ ਪੱਤਰਾਂ ਰਾਹੀਂ ਚੰਡੀਗੜ੍ਹ ਵਿਖੇ ਹਰਿਆਣਾ ਦੀ ਰਾਜਧਾਨੀ ਉਸਾਰਨ ਲਈ ਜਗ੍ਹਾ ਅਤੇ ਫੰਡ ਦਿੱਤੇ ਜਾਣ ਦਾ ਕੇਂਦਰੀ ਸਰਕਾਰ ਦਾ ਅਨਿਆਂ ਪੂਰਨ ਫੈਸਲਾ ਰੱਦ ਕਰਨ ਦੀ ਮੰਗ ਕੀਤੀ ਗਈ ਹੈ।ਵੱਖੋ-ਵੱਖ ਥਾਈਂ ਮਿਲੇ ਵਫਦਾਂ ਦੀ ਅਗਵਾਈ ਹੋਰਨਾਂ ਤੋਂ ਇਲਾਵਾ ਆਰਐਮਪੀਆਈ ਦੇ ਸੂਬਾਈ ਪ੍ਰਧਾਨ ਤੇ ਸਕੱਤਰ ਕਾਮਰੇਡ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਲਿਬ੍ਰੇਸ਼ਨ ਦੇ ਸੂਬਾਈ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਸੂਬਾ ਸਕੱਤਰੇਤ ਦੇ ਮੈਂਬਰ ਰਾਜਬਿੰਦਰ ਸਿੰਘ ਰਾਣਾ ਅਤੇ ਐਮਸੀਪੀਆਈ-ਯੂ ਦੇ ਸੂਬਾ ਸਕੱਤਰ ਕਾਮਰੇਡ ਕਿਰਨਜੀਤ ਸਿੰਘ ਸੇਖੋਂ ਨੇ ਕੀਤੀ ਹੈ।ਉਪਰੋਕਤ ਆਗੂਆਂ ਨੇ ਉਕਤ ਸਾਜ਼ਿਸ਼ੀ ਫੈਸਲਾ ਰੱਦ ਕਰਵਾਉਣ ਅਤੇ ਪੰਜਾਬ ਨਾਲ ਲਗਾਤਾਰ ਕੀਤੇ ਜਾ ਰਹੇ ਧੱਕੇ- ਤੇ ਵਿਤਕਰੇ ਬੰਦ ਕਰਵਾਉਣ ਲਈ ਜਲਦੀ ਹੀ ਸਮੂਹ ਪੰਜਾਬ ਵੱਲੋਂ ਵਾਸੀਆਂ ਸਰਵ ਸਾਂਝਾ ਘੋਲ ਵਿੱਢਣ ਦਾ ਐਲਾਨ ਕੀਤਾ ਹੈ।ਪੁੱਜੀਆਂ ਖਬਰਾਂ ਮੁਤਾਬਕ ਪਠਾਨਕੋਟ, ਗੁਰਦਾਸਪੁਰ, ਸ਼੍ਰੀ ਅੰਮ੍ਰਿਤਸਰ ਸਾਹਿਬ, ਤਰਨਤਾਰਨ, ਹੁਸ਼ਿਆਰਪੁਰ, ਬਠਿੰਡਾ, ਮਾਨਸਾ, ਬਰਨਾਲਾ, ਫਰੀਦਕੋਟ, ਸੰਗਰੂਰ, ਲੁੱਧਿਆਣਾ, ਪਟਿਆਲਾ, ਫਿਰੋਜ਼ਪੁਰ, ਮੋਗਾ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼ ਤੋਂ ਇਲਾਵਾ ਅਬੋਹਰ ਦੇ ਐਸਡੀਐਮ ਰਾਹੀਂ ਮੰਗ ਪੱਤਰ ਭੇਜੇ ਗਏ ਹਨ।

18ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ

ਗੁਰਸੇਵਕ ਸਿੰਘ ਦੀ ਹੈਟ੍ਰਿਕ ਦੀ ਬਦੌਲਤ ਰਾਊਂਡ ਗਲਾਸ ਹਾਕੀ ਅਕੈਡਮੀ ਸੈਮੀਫਾਇਨਲ 'ਚ

ਜਲੰਧਰ (ਸ਼ੈਲੀ ਐਲਬਰਟ) — ਗੁਰਸੇਵਕ ਸਿੰਘ ਦੀ ਹੈਟ੍ਰਿਕ ਬਦੌਲਤ ਰਾਊਂਡ ਗਲਾਸ ਹਾਕੀ ਅਕੈਡਮੀ ਮੋਹਾਲੀ ਨੇ ਨਾਮਧਾਰੀ ਇਲੈਵਨ ਨੂੰ 3-0 ਨਾਲ ਹਰਾ ਕੇ 18ਵੇਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ ਫਾਰ ਮਾਤਾ ਪ੍ਰਕਾਸ਼ ਕੌਰ ਕੱਪ (ਅੰਡਰ 19 ਲੜਕੇ) ਦੇ ਸੈਮੀਫਾਇਨਲ ਵਿੱਚ ਪ੍ਰਵੇਸ਼ ਕੀਤਾ। ਉਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਚ ਚਲ ਰਹੇ ਟੂਰਨਾਮੈਂਟ ਦੇ ਦੂਜੇ ਕਵਾਰਟਰ ਫਾਇਨਲ ਵਿੱਚ ਐਨਸੀਓਈ ਸੋਨੀਪਤ ਨੇ ਨੇਵਲ ਟਾਟਾ ਹਾਕੀ ਅਕੈਡਮੀ ਜਮਸ਼ੇਦਪੁਰ ਨੂੰ ਸ਼ਟ ਆਊਟ ਰਾਹੀਂ 3-2 ਨਾਲ ਹਰਾ ਕੇ ਸੈਮੀਫਾਇਨਲ ਵਿੱਚ ਪ੍ਰਵੇਸ਼ ਕੀਤਾ।ਪਹਿਲੇ ਕਵਾਰਟਰ ਫਾਇਨਲ ਵਿੱਚ ਐਨਸੀਓਈ ਸੋਨੀਪਤ ਅਤੇ ਨੇਵਲ ਟਾਟਾ ਹਾਕੀ ਅਕੈਡਮੀ ਜਮਸ਼ੇਦਪੁਰ ਦਰਮਿਆਨ ਸਖਤ ਟੱਕਰ ਦੇਖਣ ਨੂੰ ਮਿਲੀ। ਖੇਡ ਦੇ 12ਵੇਂ ਮਿੰਟ ਵਿੱਚ ਸੋਨੀਪਤ ਦੇ ਅਰਜੁਨ ਹਰਗੁੜੇ ਨੇ ਗੋਲ ਕਰਕੇ ਸਕੋਰ 1-0 ਕੀਤਾ। ਬਰਾਬਰੀ ਦਾ ਗੋਲ ਖੇਡ ਦੇ 40ਵੇਂ ਮਿੰਟ ਵਿਚ ਜੋਲਨ ਟੋਪਨੇ ਨੇ ਜਮਸ਼ੇਦਪੁਰ ਲਈ ਕਰਕੇ ਸਕੋਰ 1-1 ਕੀਤਾ। ਨਿਰਧਾਰਤ ਸਮੇਂ ਦੀ ਸਮਾਪਤੀ ਤੱਕ ਸਕੋਰ 1-1 ਰਹਿਣ ਕਰਕੇ ਫੈਸਲਾ ਸ਼ੂਟ ਆਊਟ ਰਾਹੀਂ ਸੋਨੀਪਤ ਦੇ ਹੱਕ ਵਿੱਚ 3-2 ਰਿਹਾ। ਸੋਨੀਪਤ ਦੇ ਆਸ਼ੂ ਮੋਰੀਆ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਦੂਜੇ ਕਵਾਰਟਰ ਫਾਇਨਲ ਵਿੱਚ ਗੁਰਸੇਵਕ ਸਿੰਘ ਨੇ ਰਾਊਂਡ ਗਲਾਸ ਲਈ ਬੇਹਤਰੀਨ ਖੇਡ ਦਾ ਪ੍ਰਦਰਸ਼ਨ ਕੀਤਾ। ਗੁਰਸੇਵਕ ਸਿੰਘ ਨੇ 28ਵੇਂ ਮਿੰਟ ਵਿੱਚ, 52ਵੇਂ ਮਿੰਟ ਵਿੱਚ ਅਤੇ 55ਵੇਂ ਮਿੰਟ ਵਿੱਚ ਗੋਲ ਕਰਕੇ ਰਾਊਂਡ ਗਲਾਸ ਹਾਕੀ ਅਕੈਡਮੀ ਨੂੰ ਸੈਮੀਫਾਇਨਲ ਵਿੱਚ ਪਹੁੰਚਾਇਆ।ਨਾਮਧਾਰੀ ਟੀਮ ਨੇ ਗੋਲ ਕਰਨ ਦੇ ਕਈ ਮੌਕੇ ਗਵਾਏ ਪਰ ਰਾਊਂਡ ਗਲਾਸ ਟੀਮ ਨੇ ਸ਼ਾਨਦਾਰ ਬਚਾਅ ਕੀਤੇ।ਰਾਊਂਡ ਗਲਾਸ ਹਾਕੀ ਅਕੈਡਮੀ ਦੇ ਓਮ ਰਜਨੀਸ਼ ਸੈਣੀ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਮੈਚਾਂ ਦੇ ਮੁੱਖ ਮਹਿਮਾਨ ਪਰਗਟ ਸਿੰਘ ਪਦਮਸ੍ਰੀ ਵਿਧਾਇਕ ਜਲੰਧਰ ਕੈਂਟ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ।ਇਸ ਮੌਕੇ ਪਰਮਿੰਦਰ ਕੌਰ, ਹਰਭਜਨ ਕੌਰ ਕਪੂਰ, ਮਨਜੀਤ ਕੌਰ ਕਪੂਰ, ਪਲਵਿੰਦਰ ਕੌਰ ਕਪੂਰ, ਅਨੀਤਾ ਸਿੰਘ ਕਪੂਰ, ਜਸਪ੍ਰੀਤ ਕੌਰ ਬਵੇਜਾ, ਸੁਖਲੀਨ ਕੌਰ ਕਪੂਰ, ਗੁਰਸ਼ਰਨ ਸਿੰਘ ਕਪੂਰ, ਹਰਦੀਪ ਸਿੰਘ ਕਪੂਰ, ਹਰਭਜਨ ਸਿੰਘ ਕਪੂਰ, ਮਨਜੀਤ ਸਿੰਘ ਕਪੂਰ, ਤੀਰਥ ਸਿੰਘ ਕਪੂਰ, ਗੁਨਦੀਪ ਸਿੰਘ ਕਪੂਰ, ਉਲੰਪੀਅਨ ਮੁਖਬੈਨ ਸਿੰਘ, ਉਲੰਪੀਅਨ ਰਜਿੰਦਰ ਸਿੰਘ ਸੀਨੀਅਰ, ਉਲੰਪੀਅਨ ਸੰਜੀਵ ਕੁਮਾਰ, ਰਿਪੁਦਮਨ ਕੁਮਾਰ ਸਿੰਘ, ਦਲਜੀਤ ਸਿਮਘ ਢਿੱਲੋਂ, ਰਾਮ ਸ਼ਰਨ, ਤੇਜਾ ਸਿੰਘ, ਸੰਤਾ ਸਿੰਘ, ਗੁਰਮੇਲ ਸਿੰਘ, ਗੁਰਇਕਬਾਲ ਸਿੰਘ, ਡਾਕਟਰ ਮਨੁ ਸੂਦ, ਬਿਕਰਮਜੀਤ ਸਿੰਘ,ਗੁਰਿੰਦਰ ਸੰਘਾ, ਹਰਿੰਦਰ ਸੰਘਾ, ਸੁਰਿੰਦਰ ਸਿੰਘ, ਰਵਿੰਦਰ ਸਿੰਘ ਲਾਲੀ, ਇੰਦਰਪਾਲ ਸਿੰਘ ਹਾਜ਼ਰ ਸਨ।

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਰੇਲਵੇ ਮੰਡੀ ਸਕੂਲ ਦਾ ਅਚਨਚੇਤ ਨਿਰੀਖਣ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਸੁਖਵਿੰਦਰ ਸਿੰਘ(ਸਟੇਟ ਐਵਾਰਡੀ ਪ੍ਰਸ਼ਾਸਨਿਕ) ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਰੇਲਵੇ ਮੰਡੀ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਨਿਰੀਖਣ ਦੌਰਾਨ ਉਨ੍ਹਾਂ ਸਕੂਲ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ ਪ੍ਰਬੰਧਾਂ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਅਤੇ ਵਿਸ਼ੇਸ਼ ਤੌਰ 'ਤੇ ਮਿਡ ਡੇ ਮੀਲ ਸਕੀਮ ਦਾ ਨਿਰੀਖਣ ਕੀਤਾ। ਮਿਡ ਡੇ ਮੀਲ ਦਾ ਉਦੇਸ਼ ਬੱਚਿਆਂ ਨੂੰ ਪੌਸ਼ਟਿਕ ਭੋਜਨ ਪ੍ਰਦਾਨ ਕਰਨਾ ਹੈ, ਜੋ ਉਨ੍ਹਾਂ ਦੀ ਸਿਹਤ ਅਤੇ ਵਿਦਿਅਕ ਪ੍ਰਦਰਸ਼ਨ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਦਾ ਹੈ। ਉਨ੍ਹਾਂ ਨੇ ਮਿਡ-ਡੇ-ਮੀਲ ਦੀ ਗੁਣਵੱਤਾ, ਖਾਣਾ ਪਕਾਉਣ ਦੀ ਪ੍ਰਕਿਰਿਆ, ਸਾਫ-ਸਫਾਈ ਅਤੇ ਬੱਚਿਆਂ ਨੂੰ ਪਰੋਸੇ ਜਾਣ ਵਾਲੇ ਭੋਜਨ ਦੀ ਬਾਰੀਕੀ ਨਾਲ ਜਾਂਚ ਕੀਤੀ। ਉਨ੍ਹਾਂ ਭੋਜਨ ਦੀ ਗੁਣਵੱਤਾ 'ਤੇ ਤਸੱਲੀ ਪ੍ਰਗਟ ਕੀਤੀ ਅਤੇ ਇਸ ਨੂੰ ਸ਼ਲਾਘਾਯੋਗ ਦੱਸਿਆ। ਉਨ੍ਹਾਂ ਰਸੋਈ ਅਤੇ ਸਟੋਰ ਰੂਮਾਂ ਦਾ ਵੀ ਨਿਰੀਖਣ ਕੀਤਾ ਅਤੇ ਸਾਫ਼-ਸਫ਼ਾਈ ਦੇ ਉੱਚ ਮਿਆਰਾਂ ਨੂੰ ਕਾਇਮ ਰੱਖਣ 'ਤੇ ਜ਼ੋਰ ਦਿੱਤਾ।ਨਿਰੀਖਣ ਦੌਰਾਨ ਉਨ੍ਹਾਂ ਨੇ ਕਲਾਸ ਰੂਮਾਂ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਪੜ੍ਹਾਈ ਦੀ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ, ਫੂਡ ਸਪਲਾਈ ਇੰਸਪੈਕਟਰ ਕੁਲਜੀਤ ਸਿੰਘ,ਸਕੂਲ ਸਟਾਫ ਆਰਤੀ ਰਾਣਾ ਸੀ.ਐਚ.ਟੀ., ਬੰਧਨਾ ਰਾਣੀ, ਨਿਧੀ ਅੰਸਲ, ਪੂਨਮ ਘਈ, ਰਜਿੰਦਰ ਕੌਰ, ਵੰਦਨਾ ਰਾਣੀ , ਮੋਨਿਕਾ ਰੋਹੇਲਾ, ਰੁਪਿੰਦਰ ਕੌਰ, ਰੋਜ਼ੀ, ਤਜਿੰਦਰ ਕੌਰ ਐਸੋਸੀਏਟ ਪ੍ਰੀ ਪ੍ਰਾਇਮਰੀ ਟੀਚਰ, ਕਿਰਤੀ ਸੰਗੀਤ ਅਧਿਆਪਕ ਆਦਿ ਹਾਜ਼ਰ ਸਨ।

ਪਰਾਲੀ ਸਾੜਨ ਵਿਰੁੱਧ ਕੱਢੀ ਜਾਗਰੂਕਤਾ ਰੈਲੀ

ਐੱਨ ਸੀ ਸੀ ਦੀ ਟੀਮ ਸਕੂਲ ਤੋਂ ਰਵਾਨਾ ਹੋਣ ਮੌਕੇ।

ਸ਼ਾਹਕੋਟ (ਗਿਆਨ ਸੈਦਪੁਰੀ)-ਮਦਰਜ਼ ਪ੍ਰਾਇਡ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਚੇਅਰਪਰਸਨ ਕੁਮਾਰੀ ਅਰੁਣ ਅਤੇ ਪ੍ਰਿੰਸੀਪਲ ਰਜਨੀ ਬਾਲਾ ਦੀ ਅਗਵਾਈ ਵਿੱਚ ਸਕੂਲ ਦੀ ਐਨ. ਸੀ. ਸੀ. ਟੀਮ ਨੇ ਮਲਸੀਆਂ ਵਿਖੇ ਪਰਾਲੀ ਨਾ ਸਾੜਨ ਦੇ ਸਬੰਧ ਵਿੱਚ ਜਾਗਰੂਕਤਾ ਰੈਲੀ ਕੱਢੀ । ਇਹ ਟੀਮ ਸਕੂਲ ਦੇ ਐਨ. ਸੀ. ਸੀ. ਅਧਿਆਪਕ ਸੌਰਵ ਦਾਦਰੀਆ, ਡੀ. ਪੀ. ਰਾਕੇਸ਼ ਕੁਮਾਰ ਅਤੇ ਲਵਿਸ਼ ਜੋਸ਼ੀ ਦੇ ਨਾਲ ਪਹੁੰਚੀ।

ਐਨ. ਸੀ. ਸੀ. ਟੀਮ ਨੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਅਪੀਲ ਕੀਤੀ ।ਪਿੰਡ ਵਾਸੀਆਂ ਵੱਲੋਂ ਪਹੁੰਚੀ ਟੀਮ ਦਾ ਸਵਾਗਤ ਕੀਤਾ ਗਿਆ।

'ਖੇਡਾਂ ਵਤਨ ਪੰਜਾਬ ਦੀਆਂ' ਰਾਜ ਪੱਧਰੀ ਘੋੜਸਵਾਰ ਖੇਡ ਦੀ ਸ਼ੁਰੂਆਤ

ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)—ਖੇਡਾਂ ਵਤਨ ਪੰਜਾਬ ਦੀਆ 2024 (ਸੀਜ਼ਨ 3) ਤਹਿਤ ਰਾਜ ਪੱਧਰੀ ਘੋੜਸਵਾਰ ਖੇਡਾਂ ਦੀ ਰਸਮੀ ਸ਼ੁਰੂਆਤ ਹੋ ਗਈ।ਪਹਿਲੇ ਦਿਨ, ਫੋਰੈਸਟ ਹਿੱਲ ਰਿਜ਼ੋਰਟ, ਪਿੰਡ ਕਰੋੜਾਂ, ਐਸ ਏ ਐਸ ਵਿਖੇ ਮੁਕਾਬਲੇ ਕਰਵਾਏ ਗਏ। ਇਹ ਖੇਡਾਂ 21 ਤੋਂ 24 ਨਵੰਬਰ, 2024 ਤੱਕ ਜਾਰੀ ਰਹਿਣਗੀਆਂ।ਜ਼ਿਲ੍ਹਾ ਖੇਡ ਅਫ਼ਸਰ ਰੁਪੇਸ਼ ਬੇਗਰਾ ਨੇ ਘੋੜ ਸਵਾਰੀ ਪ੍ਰਬੰਧਕਾਂ ਦੀਪਇੰਦਰ ਸਿੰਘ ਅਤੇ ਹਰਮਨਦੀਪ ਸਿੰਘ ਖਹਿਰਾ ਦੀ ਮੌਜੂਦਗੀ ਵਿੱਚ ਦੱਸਿਆ ਕਿ ਇਸ ਸਾਲ ਦੀਆਂ ਖੇਡਾਂ ਵਿੱਚ ਪੰਜਾਬ ਭਰ ਤੋਂ 15 ਟੀਮਾਂ, 75 ਘੋੜ ਸਵਾਰ ਅਤੇ 150 ਰਾਈਡਰ ਸ਼ਾਮਲ ਹੋਏ ਹਨ, ਜੋ ਕਿ ਰਵਾਇਤੀ ਘੋੜਸਵਾਰੀ ਪ੍ਰਤੀਯੋਗਿਤਾਵਾਂ ਵਿੱਚ ਮੁਕਾਬਲਾ ਕਰ ਰਹੇ ਹਨ। ਇਨ੍ਹਾਂ ਵਿੱਚ ਜੰਪਿੰਗ, ਡਰੈਸੇਜ ਅਤੇ ਟੈਂਟ ਪੈਗਿੰਗ ਸ਼ਾਮਲ ਹਨ।

ਖੇਡਾਂ ਦੇ ਇਤਿਹਾਸ ਵਿੱਚ ਪਹਿਲੀ ਵਾਰ, ਈਵੈਂਟਿੰਗ ਪੇਸ਼ ਕੀਤੀ ਗਈ ਹੈ।ਇਵੈਂਟ: ਡਰੈਸੇਜ ਵਿਅਕਤੀਗਤ-ਅੰਡਰ-21 ਵਿੱਚ ਕੰਵਰ ਜੈਦੀਪ ਦਾ ਘੋੜਾ ਅਮਰ ਪਹਿਲੇ, ਕੁਲਜੀਤ ਸਿੰਘ ਦਾ ਘੋੜਾ ਮੂਨਲਾਈਟ ਦੂਸਰੇ, ਜਸਜੋਤ ਦਾ ਘੋੜਾ ਫ਼ਤਿਹ ਤੀਸਰੇ ਥਾਂ 'ਤੇ ਰਿਹਾ। ਇਵੈਂਟ: ਅੰਡਰ-14 ਤੋਂ ਘੱਟ ਉਮਰ ਵਿੱਚ ਸ਼ੋ-ਜੰਪਿੰਗ ਵਿੱਚ ਜੁਝਾਰਵੀਰ ਸਿੰਘ ਦੀ ਘੋੜੀ ਹਸੀਨਾ, ਰੁਦਰਾਖਸ਼ ਸਿੰਘ ਦਾ ਸਿਲਵਰ ਪੈਗ ਅਤੇ ਸਮਰਵੀਰ ਸਿੰਘ ਦਾ ਰੈੱਡ ਰਮ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੇ। ਇਵੈਂਟ: 17 ਤੋਂ ਘੱਟ ਉਮਰ ਦੇ ਸ਼ੋਅ ਜੰਪਿੰਗ ਨਾਰਮਲ ਵਿੱਚ ਧਨਵੀਰ ਸਿੰਘ ਦਾ ਸਿਲਵਰ ਪੈਗ, ਬੀਰਕੰਵਰ ਸਿੰਘ ਸਿੰਘ ਦਾ ਰੈਡ ਕਲਾਊਡ, ਧਨਵੀਰ ਸਿੰਘ ਦੀ ਘੋੜੀ ਹਸੀਨਾ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੇ। ਇਵੈਂਟ: ਡਰੈਸੇਜ ਵਿਅਕਤੀਗਤ-ਅੰਡਰ-17 ਵਿੱਚ ਬੀਰਕੰਵਰ ਸਿੰਘ ਦੀ ਗੋਲਡਨ ਕੁਈਨ, ਸੁਖਮਨੀ ਕੌਰ ਦਾ ਮੁਸਤਫਾ ਅਤੇ ਧਨਵੀਰ ਸਿੰਘ ਦੇ ਅਮਰ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੇ। ਈਵੈਂਟ: ਪੋਲ ਬੈਂਡਿੰਗ ਰੇਸ ਅੰਡਰ-14 ਵਿੱਚ ਜੁਝਾਰਵੀਰ ਸਿੰਘ, ਬਿਰਹਾਨ ਸਿੰਘ ਤੇ ਅਮਰ ਸਿੰਘ ਦੇ ਘੋੜੇ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੇ। ਈਵੈਂਟ: ਪੋਲ ਬੈਂਡਿੰਗ ਰੇਸ ਅੰਡਰ-17 ਵਿੱਚ ਅਭੈ ਪ੍ਰਤਾਪ ਸਿੰਘ ਦਾ ਟੀਪੂ, ਧਨਵੀਰ ਸਿੰਘ ਦਾ ਬਾਦਸ਼ਾਹ, ਸੁਹਾਨੀ ਕੌਰ ਭੂਟਾਨੀ ਦਾ ਤੁਫਾਨ ਕ੍ਰਮਵਾਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੇ।

ਮੁੱਖ ਮੰਤਰੀ ਸੈਨੀ ਨਾਲ ਦੱਖਣ ਕੋਰੀਆ ਦੇ ਵਫਦ ਨੇ ਕੀਤੀ ਮੁਲਾਕਾਤ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨਾਲ ਗੁਰੂਗ੍ਰਾਮ ਵਿਚ ਕੋਰੀਆ ਹੇਰੀਲਡ ਅਤੇ ਦੇਵੂ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਕੋਰੀਆ ਹਾਊਸਿੰਗ ਬਿਲਡਰਸ ਐਸੋਸੀਏਸ਼ਨ ਦੇ ਚੇਅਰਮੈਨ ਜਾਂਗ ਵੋਨ ਜੂ ਦੀ ਅਗਵਾਈ ਹੇਠ ਆਏ ਵਫਦ ਨੇ ਮੁਲਾਕਾਤ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿਚ ਕੋਰਿਆਈ ਕਾਰੋਬਾਰਾਂ ਨੂੰ ਵੱਧਣ ਵਿਚ ਸਹਾਇਤਾ ਦੇਣ ਦੇ ਨਾਲ-ਨਾਲ ਸਰਕਾਰ ਵੱਲੋਂ ਪੂਰਾ ਸਹਿਯੋਗ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਕੌਮੀ ਰਾਜਧਾਨੀ ਖੇਤਰ ਦੇ ਨੇੜੇ ਖੇਤਰ ਵਿਚ ਮੌਜੂਦਾ ਸਰਕਾਰ ਉਪਯੁਕਤ ਭੂਮੀ ਚੋਣ ਕਰਨ ਵਿਚ ਸਹਿਯੋਗ ਕਰੇਗੀ, ਜਿਸ ਨਾਲ ਕੋਰਿਆਈ ਕਾਰੋਬਾਰਾਂ ਨੂੰ ਵੱਧ ਵਿਚ ਸਹਾਇਤਾ ਮਿਲੇਗੀ। ਇਸ ਮੌਕੇ 'ਤੇ ਵਿਦੇਸ਼ ਸਹਿਯੋਗ ਵਿਭਾਗ ਦੇ ਮੰਤਰੀ ਰਾਓ ਨਰਬੀਰ ਸਿੰਘ ਅਤੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਵੀ ਮੌਜੂਦ ਰਹੇ।ਸੈਨੀ ਨੇ ਕਿਹਾ ਕਿ ਹਰਿਆਣਾ ਨੇ ਸਹਿਯੋਗ ਲਈ ਫੋਕਸ ਖੇਤਰ ਜਿਵੇਂ ਕਿ ਆਟੋ ਟੈਕਸਟਾਇਲ , ਫੂਡ ਪ੍ਰੋਸੈਸਿੰਗ , ਰਿਅਲ ਅਸਟੇਟ 'ਤੇ ਜੋਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਸਿਟੀ ਟੂ ਸਿਟੀ ਪ੍ਰੋਜੈਕਟ ਲਈ ਦੱਖਣ ਕੋਰੀਆ ਦੇ ਸਾਥੀਆਂ ਦਾ ਹਰਿਆਣਾ ਵਿਚ ਸਵਾਗਤ ਹੈ। ਸ਼ਹਿਰ-ਦਰ-ਸ਼ਹਿਰ ਸਹਿਯੋਗ ਰਾਹੀਂ ਸਰਵੋਤਮ ਪ੍ਰਥਾਵਾਂ ਨੂੰ ਸਾਝਾ ਕਰਨ ਨਾਲ ਪਾਰੰਪਰਿਕ ਲਾਭ ਹੋਵੇਗਾ।

8 ਪੰਜਾਬ ਬਟਾਲੀਅਨ ਨੇ ਖੂਨ ਦਾਨ ਕਰਕੇ ਮਨਾਇਆ ਐੱਨ ਸੀ ਸੀ ਦਿਵਸ

ਫਗਵਾੜਾ (ਡਾ. ਰਮਨ)- 8 ਪੰਜਾਬ ਬਟਾਲੀਅਨ ਐਨ.ਸੀ.ਸੀ. ਫਗਵਾੜਾ ਵਲੋਂ ਬਲੱਡ ਬੈਂਕ ਫਗਵਾੜਾ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ। ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਪ੍ਰੇਰਣਾ ਸਦਕਾ ਐਨ.ਸੀ.ਸੀ. ਦਿਵਸ ਨੂੰ ਸਮਰਪਿਤ ਕਰਕੇ ਲਗਾਏ ਇਸ ਕੈਂਪ ਦਾ ਉਦਘਾਟਨ ਸੂਬੇਦਾਰ ਜੋਗਿੰਦਰ ਕੁਮਾਰ ਨੇ ਆਪਣਾ ਖੂਨ ਦਾਨ ਕਰਕੇ ਕੀਤਾ। ਇਸ ਕੈਂਪ ਦੌਰਾਨ ਰਾਮਗੜ੍ਹੀਆ ਕਾਲਜ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਜੀ.ਐਨ.ਏ

23-NOV-PAGE-10.qxd 11/22/2024 10:46 PM Page 1

ਵਰਲਡ 'ਵਰਸਿਟੀ ਵੱਲੋਂ ਐਂਪਲਿਓਬਿਲਟੀ ਸਕਿਲਜ਼ ਟ੍ਰੇਨਿੰਗ ਪ੍ਰੋਗਰਾਮ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਟ੍ਰੇਨਿੰਗ ਤੇ ਪਲੇਸਮੈਂਟ ਵਿਭਾਗ ਨੇ ਮਹਿੰਦਰਾ ਪ੍ਰਾਈਡ ਕਲਾਸਰੂਮ ਦੇ ਸਹਿਯੋਗ ਨਾਲ ਛੇ ਦਿਨਾਂ ਐਂਪਲਿਓਬਿਲਟੀ ਸਕਿਲਜ਼ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ, ਜੋ ਵਿਸ਼ੇਸ਼ ਤੌਰ 'ਤੇ ਗਣਿਤ, ਭੌਤਿਕ ਵਿਗਿਆਨ ਤੇ ਰਾਜਨੀਤਕ ਵਿਗਿਆਨ ਵਿਭਾਗ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਦੀਆਂ ਮੁੱਖ ਨੌਕਰੀ ਸੰਬੰਧੀ ਯੋਗਤਾਵਾਂ ਵਿੱਚ ਨਿਖਾਰ ਲਿਆਉਣ ਲਈ ਪ੍ਰਤਿਬੱਧ ਸੀ।ਮਹਿੰਦਰਾ ਪ੍ਰਾਈਡ ਕਲਾਸਰੂਮ, ਜੋ ਮਹਿੰਦਰਾ ਗਰੁੱਪ ਦੀ ਕਾਰਪੋਰੇਟ ਸੋਸ਼ਲ ਜ਼ਿੰਮੇਵਾਰੀ ਦੇ ਉਪਰਾਲਿਆਂ ਦਾ ਹਿੱਸਾ ਹੈ, ਨੇ ਸਮਾਜਿਕ ਤੇ ਆਰਥਿਕ ਰੂਪ ਤੋਂ ਪਿੱਛੜੇ ਯੁਵਕਾਂ ਲਈ ਨੌਕਰੀ-ਯੋਗਤਾ ਵਿਕਾਸ ਤਿਆਰ ਕਰਨ ਲਈ ਸਕਿਲ ਡਿਵੈਲਪਮੈਂਟ ਟ੍ਰੇਨਿੰਗ ਪ੍ਰਦਾਨ ਕੀਤੀ।ਡਾ. ਕਮਲਜੀਤ ਕੌਰ, ਇੰਚਾਰਜ ਟ੍ਰੇਨਿੰਗ ਤੇ ਪਲੇਸਮੈਂਟ ਨੇ ਮਹਿੰਦਰਾ ਪ੍ਰਾਈਡ ਕਲਾਸਰੂਮ ਦੇ ਸਹਿਯੋਗ ਲਈ ਸ਼ੁਕਰਾਨਾ ਪ੍ਰਗਟਾਇਆ ਤੇ ਵਿਦਿਆਰਥੀਆਂ ਨੂੰ ਇਸ ਮੌਕੇ ਦਾ ਪੂਰਾ ਫਾਇਦਾ ਚੁਕਣ ਲਈ ਸ਼ਾਬਾਸ਼ੀ ਦਿੱਤੀ।ਡਾ. ਪ੍ਰੀਤ ਕੌਰ ਮੁਖੀ ਭੌਤਿਕ ਵਿਗਿਆਨ ਵਿਭਾਗ, ਡਾ. ਰਿਚਾ ਬਰਾੜ ਮੁਖੀ ਗਣਿਤ ਵਿਭਾਗ ਤੇ ਸ੍ਰੀਮਤੀ ਰਮਨਦੀਪ ਕੌਰ ਇੰਚਾਰਜ ਰਾਜਨੀਤਕ ਵਿਗਿਆਨ ਵਿਭਾਗ ਨੇ ਸੈਸ਼ਨਾਂ ਵਿੱਚ ਸ਼ਿਰਕਤ ਕੀਤੀ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਉਦਯੋਗ ਸੰਬੰਧੀ ਹੁਨਰਾਂ ਨਾਲ ਲੈਸ ਕਰਨ ਤੇ ਉਨ੍ਹਾਂ ਨੂੰ ਪੇਸ਼ੇਵਰ ਦੁਨੀਆ ਵਿੱਚ ਚੰਗਾ ਪ੍ਰਦਰਸ਼ਨ ਲਈ ਤਿਆਰ ਕਰਨ ਲਈ ਟ੍ਰੇਨਿੰਗ ਤੇ ਪਲੇਸਮੈਂਟ ਵਿਭਾਗ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਇਸ ਸਹਿਯੋਗ ਰਾਹੀਂ ਯੂਨੀਵਰਸਿਟੀ ਆਪਣੇ ਵਿਦਿਆਰਥੀਆਂ ਨੂੰ ਭਵਿੱਖ ਦੀ ਸਫਲਤਾ ਲਈ ਜ਼ਰੂਰੀ ਸੰਦ, ਆਤਮਵਿਸ਼ਵਾਸ ਤੇ ਹੁਨਰ ਮੁਹੱਈਆ ਕਰਵਾਉਣ ਦੇ ਪ੍ਰਤੀਬੱਧਤਾ ਨੂੰ ਦੁਹਰਾਉਂਦੀ ਹੈ।

ਸਪਰਿੰਗ ਡਿਊ ਪਬਲਿਕ ਸਕੂਲ ਬਣਿਆ ਓਵਰਆਲ ਰਨਰਅੱਪ ਚੈਂਪੀਅਨ

ਜਗਰਾਉਂ (ਅਮਿਤ ਖੰਨਾ)-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਸਕੂਲ ਨਾਨਕਸਰ ਨੇ ਸਹੋਦਿਆ ਵੈਸਟ ਲੁਧਿਆਣਾ ਟੂਰਨਾਮੈਂਟ ਅਥਲੈਟਿਕਸ ਜੂਨੀਅਰ ਅਤੇ ਮਿਡਲ ਵਰਗ ਵਿੱਚ ਜਿੱਤ ਦੇ ਝੰਡੇ ਗੱਡਦਿਆਂ ਸਮੁੱਚੀ ਅਥਲੈਟਿਕਸ ਟੂਰਨਾਮੈਂਟ ਵਿੱਚ 26 ਮੈਡਲ ਜਿੱਤ ਕੇ ਓਵਰਆਲ ਰਨਰਅੱਪ ਬਣਿਆ ਹੈ। ਜੀ-ਐਚ-ਜੀ ਅਕੈਡਮੀ ਵਿੱਚ ਹੋਏ ਟੂਰਨਾਮੈਂਟ ਵਿੱਚ ਕੁੱਲ 15 ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਵਿੱਚ ਸਪਰਿੰਗ ਡਿਊ ਸਕੂਲ ਨਾਨਕਸਰ ਦੇ ਬੱਚਿਆਂ ਨੇ ਗੋਲਡ, ਸਿਲਵਰ ਤੇ ਬਰਾਉਂਜ਼ ਦੇ ਕੁੱਲ ਮਿਲਾ ਕੇ ਦੋ ਦਰਜਨ ਤੋਂ ਵੱਧ ਤਮਗੇ ਲੈ ਕੇ ਰਨਰਅੱਪ ਚੈਂਪੀਅਨ ਦੀ ਟਰਾਫੀ ਪ੍ਰਾਪਤ ਕੀਤੀ। ਸਕੂਲ ਪ੍ਰਧਾਨ ਮਨਜੋਤ ਚੌਹਾਨ ਤੇ ਵਾਇਸ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਬੱਚਿਆਂ ਨੂੰ ਇਸ ਪ੍ਰਾਪਤੀ 'ਤੇ ਮੁਬਾਰਕਬਾਦ ਦਿੱਤੀ। ਵੱਖ-ਵੱਖ ਮੁਕਾਬਲਿਆਂ ਵਿੱਚ ਜਸਅਮ੍ਰਿਤ ਸਿੰਘ, ਅੰਸ਼ਵੀਰ ਸਿੰਘ, ਅਰਮਾਨ ਸਿੰਘ, ਹਰਗੁਣ ਕੌਰ, ਗੌਤਮ, ਬਨੀਤ ਕੌਰ, ਸਹਿਜਲੀਨ ਕੌਰ, ਮਨਸਹਿਜ ਸਿੰਘ ਸਿੱਧੂ ਨੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਤਨਵੀਰ ਕੌਰ, ਏਕਮਪ੍ਰੀਤ ਸਿੰਘ, ਪਰਮਜੀਤ ਸਿੰਘ, ਪਰਮਜੀਤ ਕੌਰ, ਅਮਰਿੰਦਰ ਸਿੰਘ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਜਸਨਾਜ਼, ਹਰਨਾਮ ਕੌਰ, ਇਸ਼ਾ ਸ਼ਰਮਾ, ਪਰਮਜੀਤ ਕੌਰ, ਏਕਮਜੋਤ ਸਿੰਘ, ਏਕਮ ਸਿੰਘ, ਗੌਤਮ, ਆਰਵ ਖੰਨਾ, ਖੁਸ਼ਪ੍ਰੀਤ ਕੌਰ, ਜਸਲੀਨ ਕੌਰ, ਇੰਦਰਜੀਤ ਕੌਰ, ਵੀਰਪਾਲ ਕੌਰ ਨੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ। ਸਕੂਲ ਮੈਨੇਜਮੈਂਟ ਵੱਲੋਂ ਚੇਅਰਮੈਨ ਬਲਦੇਵ ਬਾਵਾ, ਪ੍ਰਧਾਨ ਮਨਜੋਤ ਚੌਹਾਨ, ਵਾਇਸ ਪ੍ਰਿੰਸੀਪਲ ਬੇਅੰਤ ਕੁਮਾਰ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਤੇ ਮੈਨੇਜਰ ਮਨਦੀਪ ਚੌਹਾਨ ਹਾਜ਼ਰ ਸਨ। ਕਾਰਜਕਾਰੀ ਪ੍ਰਿੰਸੀਪਲ ਬੇਅੰਤ ਕੁਮਾਰ ਨੇ ਇਸ ਦਾ ਸਿਹਰਾ ਸਕੂਲ ਦੇ ਡੀ ਪੀ ਸਾਹਿਬਾਨ ਜਗਦੀਪ ਸਿੰਘ, ਲਖਵੀਰ ਸਿੰਘ ਉੱਪਲ, ਕੁਲਜੀਤ ਕੌਰ, ਕੁਲਦੀਪ ਕੌਰ ਨੂੰ ਦਿੱਤਾ ਤੇ ਬੱਚਿਆਂ ਨੂੰ ਜੇਤੂ ਰਹਿਣ 'ਤੇ ਵਧਾਈ ਦਿੱਤੀ।

ਬਦਲਾਅ ਵਾਲੀ ਸਰਕਾਰ ਨੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਕੀਤਾ ਖੱਜਲ : ਮੱਟੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਦੀ ਬਦਲਾਅ ਵਾਲੀ ਸਰਕਾਰ ਨੇ ਝੋਨੇ ਦੀ ਖਰੀਦ ਨੂੰ ਲੈ ਕੇ ਜਿੱਥੇ ਰੱਜ ਕੇ ਕਿਸਾਨਾਂ ਨੂੰ ਖੱਜਲ ਖੁਆਰ ਕੀਤਾ, ਉਥੇ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਦੀ ਵੀ ਖੱਜਲ ਖਰਾਬੀ ਹੋਈ।ਕੇਂਦਰ ਤੇ ਸੂਬਾ ਸਰਕਾਰਾਂ ਨੇ ਰਲ ਕੇ ਕਿਸਾਨਾਂ ਤੇ ਮਜ਼ਦੂਰਾਂ ਦੀ ਸੰਘੀ ਨੱਪਣ ਦਾ ਕੰਮ ਕੀਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਾ: ਅੰਬੇਡਕਰ ਕਿਰਤੀ ਮਜ਼ਦੂਰ ਸੰਘ ਪੰਜਾਬ ਦੇ ਪ੍ਰਧਾਨ ਡਾ: ਜਤਿੰਦਰ ਸਿੰਘ ਮੱਟੂ ਨੇ ਪਿੰਡ ਗਲੌਲੀ ਦੇ ਨਵੇਂ ਚੁਣੇ ਸਰਪੰਚ ਗੁਰਮੀਤ ਸਿੰਘ ਫੌਜੀ ਤੇ ਇਲਾਕੇ ਦੇ ਪਤਵੰਤੇ ਸੱਜਣਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸਮਾਂ ਰਹਿੰਦੇ ਕੇਂਦਰ ਨਾਲ ਰਾਬਤਾ ਕਰਕੇ ਸ਼ੈਲਰ ਖਾਲੀ ਕਰਵਾਏ ਹੁੰਦੇ ਤਾਂ ਕਿਸਾਨ ਮੰਡੀਆਂ ਵਿੱਚ ਨਾ ਰੁਲਦਾ।ਭਾਰਤੀ ਖੁਰਾਕ ਨਿਗਮ ਵੱਲੋਂ ਵੀ ਨਮੀ ਦੀ ਮਾਤਰਾ ਦੀ ਗੱਲ ਆਖ ਕੇ ਖਰੀਦ ਨਹੀਂ ਕੀਤੀ ਗਈ, ਜਿਸ ਨਾਲ ਕਿਸਾਨਾਂ ਦਾ ਭਾਰੀ ਨੁਕਸਾਨ ਹੋਇਆ।ਉਨ੍ਹਾਂ ਕਿਹਾ ਕਿ ਨਵੀਆਂ ਚੁਣੀਆਂ ਪੰਚਾਇਤਾਂ ਰਾਜਸੀ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਪਿੰਡ ਦੇ ਲੋਕਾਂ ਦੀ ਬਿਹਤਰੀ ਲਈ ਕੰਮ ਕਰਨ।ਇਸ ਮੌਕੇ ਪਿੰਡ ਗਲੌਲੀ ਦੇ ਸਰਪੰਚ ਗੁਰਮੀਤ ਸਿੰਘ ਫੌਜੀ, ਸੂਬਾ ਸਿੰਘ ਠਰੂਆ, ਨਿਰਮਲ ਸਿੰਘ ਗਲੌਲੀ ਆਦਿ ਹਾਜ਼ਰ ਸਨ।

ਸੜਕ ਸੁਰੱਖਿਆ ਫੋਰਸ ਵੱਲੋਂ ਨਵਾਂ ਮੋਬਾਇਲ ਨੰਬਰ ਜਾਰੀ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਸਰਕਾਰ ਵੱਲੋਂ ਦਿਨੋਂ ਦਿਨ ਵਧਦੇ ਸੜਕ ਹਾਦਸਿਆਂ ਨੂੰ ਰੋਕਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਸੜਕ ਸੁਰੱਖਿਆ ਫੋਰਸ ਦੀ ਪਟਿਆਲਾ ਰੇਂਜ ਦੇ ਰੂਟ ਨੰਬਰ 53108 (ਮਵੀ ਕਲਾਂ ਤੋ ਖਾਨੇਵਾਲ) ਦੇ ਕਰਮਚਾਰੀਆਂ ਦੁਆਰਾ ਲੋਕਾਂ ਨੂੰ ਸੜਕ ਸੁਰੱਖਿਆ ਬਾਰੇ ਜਾਣੂੰ ਕਰਵਾਉਣ ਲਈ 60 ਦੇ ਕਰੀਬ ਬੈਨਰ ਬਣਾ ਕੇ ਲਗਾਏ ਜਾਣ ਦੇ ਨਾਲ ਨਾਲ ਹਾਦਸੇ ਦੀ ਸੂਰਤ ਵਿੱਚ ਜਾਣਕਾਰੀ ਦੇਣ ਲਈ ਸਰਕਾਰੀ ਮੋਬਾਇਲ ਨੰਬਰ 9814953108 ਜਾਰੀ ਕੀਤਾ ਗਿਆ ਹੈ।ਇਨ੍ਹਾਂ ਬੈਨਰਾਂ ਨੂੰ ਸਥਾਨਕ ਲੋਕਾਂ ਦੀ ਮੱਦਦ ਨਾਲ ਐਕਸੀਡੈਂਟ ਹੌਟਸਪੌਟ ਏਰੀਆ, ਸਕੂਲਾਂ-ਕਾਲਜਾਂ, ਪੈਟਰੋਲ ਪੰਪਾਂ, ਚੁਰਸਤਿਆਂ ਤੇ ਖਤਰਨਾਕ ਮੋੜਾਂ ਆਦਿ ਉੱਤੇ ਲਗਾਇਆ ਗਿਆ।ਇਸ ਦੌਰਾਨ ਐਸਐਸਐਫ਼ ਰੇਂਜ ਪਟਿਆਲਾ ਮੁਖੀ ਇੰਸਪੈਕਟਰ ਰਾਮਕੇਸ਼ ਨੇ ਦੱਸਿਆ ਕਿ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਜਿਸ ਮੰਤਵ ਨਾਲ ਪੰਜਾਬ ਸਰਕਾਰ ਦੁਆਰਾ ਸੜਕ ਸੁਰੱਖਿਆ ਫੋਰਸ ਦੀ ਸ਼ੁਰੂਆਤ ਕੀਤੀ ਗਈ ਹੈ, ਉਹ ਮੰਤਵ ਪੂਰਾ ਹੋ ਸਕੇ ਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਣ।ਇਸ ਦੌਰਾਨ ਰੂਟ ਇੰਚਾਰਜ ਏਐੱਸਆਈ ਚਰਨਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਦਿਨੀ ਉਨ੍ਹਾ ਦੁਆਰਾ ਅਵਾਰਾ ਪਸ਼ੂਆਂ ਦੇ ਗਲਾਂ ਵਿੱਚ ਰਿਫਲੈਕਟਰ ਵੀ ਪਾਏ ਗਏ ਸਨ ਤਾਂ ਜੋ ਐਕਸੀਡੈਂਟਾਂ ਦੀ ਗਿਣਤੀ ਨੂੰ ਘਟਾਇਆ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ, ਬਲਜੀਤ ਸਿੰਘ, ਹਰਪ੍ਰੀਤ ਸਿੰਘ, ਪ੍ਰਗਟ ਸਿੰਘ, ਰਮਨਦੀਪ ਕੌਰ, ਯਾਦਵਿੰਦਰ ਕੌਰ ਤੇ ਹਰਪ੍ਰੀਤ ਸਿੰਘ ਮਨੇਸ ਆਦਿ ਹਾਜ਼ਰ ਸਨ।

ਬਲਜਿੰਦਰ ਸਿੰਘ ਖਾਲਸਾ ਦੀ ਅਚਨਚੇਤ ਮੌਤ 'ਤੇ ਪਿੰਡ 'ਚ ਸੋਗ ਦੀ ਲਹਿਰ

ਬੜੇ ਹੀ ਨੇਕ ਸੁਭਾਅ ਦੇ ਮਾਲਕ ਸਨ ਖਾਲਸਾ : ਕਾਂਗੜ

ਬਠਿੰਡਾ (ਰਾਜੀਵ ਗੋਇਲ)-ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਸ਼ਹਿਰ ਦੇ ਇਤਹਾਸਕ ਜਗ੍ਹਾ ਭੂਤਾਂ ਵਾਲੇ ਖੂਹ ਨਜ਼ਦੀਕ ਵਸਦੇ ਭਾਈ ਬਲਜਿੰਦਰ ਸਿੰਘ ਖਾਲਸਾ ਬੀਤੀ ਦੇਰ ਰਾਤ ਅਚਾਨਕ ਹੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ 'ਚ ਜਾ ਬਿਰਾਜੇ ਹਨ। ਜਿਉਂ ਹੀ ਇਹ ਖਬਰ ਭਗਤਾ ਪਿੰਡ 'ਚ ਫੈਲੀ ਤਾਂ ਹਰ ਵਿਹੜੇ ਸੋਗ ਦੀ ਲਹਿਰ ਫੈਲ ਗਈ। ਗੱਲਬਾਤ ਕਰਦੇ ਸਮੇਂ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਸਾਬਕਾ ਵਜ਼ੀਰ ਗੁਰਪ੍ਰੀਤ ਸਿੰਘ ਕਾਂਗੜ ਦਾ ਵੀ ਇਹ ਹੀ ਕਹਿਣਾ ਸੀ ਕਿ ਖਾਲਸਾ ਜੀ ਬਹੁਤ ਹੀ ਨੇਕ ਸੁਭਾਅ ਦੇ ਮਾਲਕ ਸਨ ਅਤੇ ਸਾਨੂੰ ਸਭ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਵਿੱਚ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ, ਹਰਿੰਦਰ ਸਿੰਘ ਮਹਿਰਾਜ਼ ਮੁੱਖ ਸੇਵਾਦਾਰ ਅਕਾਲੀ ਦਲ, ਗੁਰਪ੍ਰੀਤ ਸਿੰਘ ਮਲੂਕਾ, ਗੁਰਬਿੰਦਰ ਸਿੱਧੂ ਭਾਜਪਾ ਆਗੂ, ਫੁੰਮਣ ਸਿੰਘ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਗਗਨਦੀਪ ਗਰੇਵਾਲ, ਰਾਕੇਸ਼ ਕੁਮਾਰ, ਜਗਮੋਹਨ ਲਾਲ ਕੌਂਸਲਰ, ਜਸਵਿੰਦਰ ਸਿੰਘ ਪੱਪੂ, ਪਵਨਾ ਸਿੱਧੂ, ਸੁਖਦੀਪ ਸਿੰਘ, ਗੁਰਮੀਤ ਸਿੰਘ, ਕੇਵਲ ਕ੍ਰਿਸ਼ਨ ਕਮਰਾ, ਸਤਵਿੰਦਰਪਾਲ ਸਿੱਧੂ ਸਮੇਤ ਇਲਾਕੇ ਦੇ ਸਮੂਹ ਸਿਆਸੀ, ਧਾਰਮਿਕ ਤੇ ਵਪਾਰੀ ਆਗੂਆਂ ਵੱਲੋਂ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।

ਕਿਸਾਨ ਅੰਦੋਲਨ ਦੀ ਚੌਥੀ ਵਰ੍ਹੇਗੰਢ ਮਨਾਉਣ ਸੰਬੰਧੀ ਮੀਟਿੰਗ

ਮਾਨਸਾ (ਆਤਮਾ ਸਿੰਘ ਪਮਾਰ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਮਾਨਸਾ ਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਬਾਬਾ ਬੂਝਾ ਸਿੰਘ ਭਵਨ ਵਿਖੇ ਬੀਕੇਯੂ ਲੱਖੋਵਾਲ ਦੇ ਆਗੂ ਨਿਰਮਲ ਸਿੰਘ ਝੰਡੂਕੇ, ਜਮਹੂਰੀ ਕਿਸਾਨ ਸਭਾ ਦੇ ਅਮਰੀਕ ਸਿੰਘ ਫਫੜੇ ਤੇ ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਦੇ ਮਲਕੀਤ ਸਿੰਘ ਮੰਦਰਾਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸਾਂਝੇ ਤੌਰ ਤੇ 26 ਨਵੰਬਰ ਨੂੰ ਕਿਸਾਨ ਅੰਦੋਲਨ ਦੀ ਚੌਥੀ ਵਰ੍ਹੇਗੰਢ ਮਨਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਪੀਕੇਯੂ ਦੇ ਕਰਨੈਲ ਸਿੰਘ ਮਾਨਸਾ, ਬੀਕੇਯੂ ਡਕੌਂਦਾ ਧਨੇਰ ਦੇ ਕੁਲਵੰਤ ਸਿੰਘ ਕਿਸ਼ਨਗੜ੍ਹ, ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਲਛਮਣ ਸਿੰਘ ਚੱਕ ਅਲੀ ਸ਼ੇਰ, ਬੀਕੇਯੂ ਮਾਨਸਾ ਦੇ ਉਗਰ ਸਿੰਘ, ਬੀਕੇਯੂ ਮਾਲਵਾ ਦੇ ਸੁਰਜੀਤ ਸਿੰਘ, ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਧੰਨਾ ਮੱਲ ਗੋਇਲ ਤੇ ਟਰੇਡ ਯੂਨੀਅਨ ਏਟਕੂ ਦੇ ਰਾਜਵਿੰਦਰ ਰਾਣਾ, ਸੀਟਯੂ ਦੇ ਲਾਲ ਚੰਦ, ਮਜ਼ਦੂਰ ਮੁਕਤੀ ਮੋਰਚਾ ਦੇ ਬਲਵਿੰਦਰ ਸਿੰਘ ਘਰਾਗਣਾ, ਦਿਹਾਤੀ ਮਜ਼ਦੂਰ ਸਭਾ ਦੇ ਆਤਮਾ ਸਿੰਘ, ਖੇਤ ਮਜ਼ਦੂਰ ਸਭਾ ਪੰਜਾਬ ਦੇ ਸੀਤਾ ਰਾਮ ਗੋਬਿੰਦਪੁਰਾ ਆਦਿ ਨੇ ਸ਼ਮੂਲੀਅਤ ਕੀਤੀ ਅਤੇ ਕਿਸਾਨ ਅੰਦੋਲਨ ਦੀ ਚੌਥੀ ਵਰ੍ਹੇਗੰਢ ਮੌਕੇ 26 ਨਵੰਬਰ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਕਚਹਿਰੀ ਮਾਨਸਾ ਵਿਖੇ ਸਾਂਝੇ ਤੌਰ 'ਤੇ ਮਨਾਉਣ ਲਈ ਵਿਉਂਤਬੰਦੀ ਕਰਦਿਆਂ ਤਿਆਰੀ ਸਬੰਧੀ ਪ੍ਰਬੰਧਕੀ ਕਮੇਟੀ ਦਾ ਗਠਨ ਕੀਤਾ ਗਿਆ ਅਤੇ ਡਿਊਟੀਆਂ ਵੀ ਲਗਾਈਆਂ ਗਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਚਰਨ ਸਿੰਘ ਦਾਨੇਵਾਲੀਆ, ਤੇਜ਼ ਸਿੰਘ ਚਕੇਰੀਆਂ, ਵਿਜੇ ਭੀਖੀ, ਰਾਮ ਸਰੂਪ, ਸੁਖਦਰਸ਼ਨ ਸਿੰਘ, ਬੱਲਮ ਸਿੰਘ, ਜੱਗਾ ਸਿੰਘ, ਪ੍ਰਦੀਪ ਸਿੰਘ ਤੇ ਸੁਰਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

ਸਾਂਝਾ ਅਧਿਆਪਕ ਮੋਰਚਾ ਵੱਲੋਂ ਪਹਿਲੀ ਨੂੰ ਸਿੱਖਿਆ ਮੰਤਰੀ ਦੀ ਰਿਹਾਇਸ਼ ਅੱਗੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਐਲਾਨ

■ ਫਰੀਦਕੋਟ ਜ਼ਿਲ੍ਹੇ ਦੇ ਅਧਿਆਪਕਾਂ ਵੱਲੋਂ ਸ਼ਮੂਲੀਅਤ ਸੰਬੰਧੀ ਮੀਟਿੰਗ

ਕੋਟਕਪੂਰਾ (ਰਛਪਾਲ ਭੁੱਲਰ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਅਧਿਆਪਕਾਂ ਦੇ ਵੱਖ-ਵੱਖ ਵਰਗਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਪ੍ਰਤੀ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਅਧਿਆਪਕ ਵਿਰੋਧੀ ਵਤੀਰੇ ਖਿਲਾਫ ਸਿੱਖਿਆ ਮੰਤਰੀ ਪੰਜਾਬ ਦੀ ਰਿਹਾਇਸ਼ ਸਾਹਮਣੇ 1 ਦਸੰਬਰ ਨੂੰ ਪਿੰਡ ਗੰਭੀਰਪੁਰ ਨੇੜੇ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ।ਇਸ ਰੈਲੀ ਦੀ ਤਿਆਰੀ ਲਈ ਫਰੀਦਕੋਟ ਜ਼ਿਲ੍ਹੇ ਦੇ ਆਗੂਆਂ ਦੀ ਇੱਕ ਮੀਟਿੰਗ ਸੁਰਿੰਦਰ ਕੰਬੋਜ ਸੂਬਾਈ ਕਨਵੀਨਰ ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਅਧਿਆਪਕ ਆਗੂ ਪ੍ਰੇਮ ਚਾਵਲਾ ਦੀ ਪ੍ਰਧਾਨਗੀ ਹੇਠ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਹੋਈ।ਮੀਟਿੰਗ ਦੌਰਾਨ ਸਾਂਝਾ ਅਧਿਆਪਕ ਮੋਰਚਾ ਦੇ ਆਗੂ ਸਰਬਜੀਤ ਸਿੰਘ ਬਰਾੜ, ਜੰਗ ਬਹਾਦਰ ਸਿੰਘ, ਕੁਲਦੀਪ ਸਿੰਘ ਸਹਿਦ

23-NovPAGE-11-Majha-2024.qxd 11/22/2024 11:00 PM Page 1

ਏ ਡੀ ਏ ਨੇ ਅਣ-ਅਧਿਕਾਰਤ ਕਲੋਨੀਆਂ 'ਤੇ ਚਲਾਇਆ ਪੀਲਾ ਪੰਜਾ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ ਅੰਮ੍ਰਿਤਸਰ)– ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ, ਆਈਏਐੱਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀਸੀਐੱਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਥਾਣਾ ਕੰਬੋ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਰਾਮਤੀਰਥ ਰੋਡ ਉਪਰ ਪਿੰਡ ਵਡਾਲਾ ਭਿੱਟੇਵੱਡ ਵਿਖੇ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ।ਜ਼ਿਲਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਵਡਾਲਾ ਭਿੱਟੇਵੱਡ ਵਿਖੇ ਪੈਂਦੀ ਮਧੂਬਨ ਅਸਟੇਟ ਕਲੋਨੀ ਦੀ ਬੈਕਸਾਈਡ ਤੇ ਵਿਕਸਿਤ ਕੀਤੀ ਜਾ ਰਹੀ ਅਣ-ਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਨੇ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਮੌਕੇ 'ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਦੇ ਤਹਿਤ ਉਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਇਸ ਤੋਂ ਇਲਾਵਾ ਵਡਾਲਾ ਭਿੱਟੇਵੱਡ ਵਿਖੇ ਹੀ ਵਿਕਸਿਤ ਕੀਤੀ ਜਾ ਰਹੀ ਨਿਊ ਮੈਪਲ ਸਿਟੀ ਨਾਮਕ ਅਣ-ਅਧਿਕਾਰਿਤ ਕਲੋਨੀ ਨੂੰ ਪਹਿਲਾਂ ਵੀ ਢਾਹਿਆ ਗਿਆ ਸੀ ਪਰ ਕਾਲੋਨਾਈਜ਼ਰਾਂ ਵੱਲੋਂ ਕਲੋਨੀ ਵਿੱਚ ਦੁਬਾਰਾ ਵਿਕਾਸ ਦੇ ਕੰਮ ਸ਼ੁਰੂ ਕਰ ਲਏ ਸਨ, ਜਿਸ ਕਰਕੇ ਹੁਣ ਨਵੇਂ ਕੀਤੇ ਵਿਕਾਸ ਕਾਰਜਾਂ ਨੂੰ ਮੁੜ ਢਾਹ ਦਿੱਤਾ ਗਿਆ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ ਅਧੀਨ 3 ਤੋਂ 7 ਸਾਲ ਦੀ ਕੈਦ ਅਤੇ 2 ਤੋਂ 5 ਲੱਖ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਕੁੱਲ 14 ਕਲੋਨਾਈਜਰਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਦਾ ਮੌਕਾ ਚੈਕ ਕਰਦੇ ਹੋਏ ਪਾਪਰਾ ਐਕਟ-1995 ਤਹਿਤ ਨੋਟਿਸ ਜਾਰੀ ਕਰਦਿਆਂ ਕਲੋਨੀਆਂ ਦਾ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।ਜ਼ਿਲਾ ਟਾਊਨ ਪਲਾਨਰ (ਰੈਗੂਲੇਟਰੀ) ਵੱਲੋਂ ਆਮ ਜਨਤਾ ਨੂੰ ਸੁਚੇਤ ਕਰਨ ਲਈ ਇਹਨਾਂ ਅਣ-ਅਧਿਕਾਰਤ ਕਲੋਨੀਆਂ ਵਿੱਚ ਪਲਾਟਾਂ ਦੀ ਖਰੀਦ ਨਾ ਕਰਨ ਸਬੰਧੀ ਬੋਰਡ ਵੀ ਲਗਾਏ ਗਏ।

ਜ਼ਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।

26 ਦੇ ਜ਼ਿਲ੍ਹਾ ਪੱਧਰੀ ਧਰਨੇ ਦੀਆਂ ਤਿਆਰੀਆਂ ਮੁਕੰਮਲ: ਕਿਸਾਨ ਆਗੂ

* ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨ ਵੱਲੋਂ ਲੋਕਾਂ ਨੂੰ ਵੱਧ ਤੋਂ ਵੱਧ ਸ਼ਾਮਲ ਹੋਣ ਦਾ ਸੱਦਾ

ਤਰਨਤਾਰਨ (ਨਜ਼ਸ)–ਸੰਯੁਕਤ ਕਿਸਾਨ ਮੋਰਚਾ ਪੰਜਾਬ ਅਤੇ ਟਰੇਡ ਯੂਨੀਅਨ ਆਗੂਆਂ ਦੀ ਸਾਂਝੀ ਮੀਟਿੰਗ ਸਥਾਨਕ ਗਾਂਧੀ ਪਾਰਕ ਵਿੱਚ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ 26 ਨਵੰਬਰ ਨੂੰ ਕੇਂਦਰ ਦੀ ਮੋਦੀ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ਼ ਦੇਸ਼ ਵਿਆਪੀ ਸੱਦੇ ਤੇ ਜ਼ਿਲ੍ਹਾ ਹੈੱਡਕੁਆਰਟਰ ਤੇ ਦਿੱਤੇ ਜਾਣ ਵਾਲੇ ਧਰਨੇ ਦੀਆਂ ਤਿਆਰੀਆਂ ਬਾਰੇ ਚਰਚਾ ਕੀਤੀ ਗਈ ।ਵਰਣਨਯੋਗ ਹੈ ਕਿ ਇਤਿਹਾਸਕ ਕਿਸਾਨ ਅੰਦੋਲਨ ਜਿਸ ਨੇ 750 ਕਿਸਾਨਾਂ ਦੀ ਸ਼ਹਾਦਤ ਅਤੇ ਬੇਤਹਾਸ਼ਾ ਸਰਕਾਰੀ ਦਮਨ ਝਲਦੇ ਹੋਏ, ਭਾਵੇਂ ਮੋਦੀ ਸਰਕਾਰ ਨੂੰ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਲਈ ਮਜਬੂਰ ਕਰ ਦਿੱਤਾ ਸੀ ਪ੍ਰੰਤੂ ਮੋਦੀ ਸਰਕਾਰ ਉਸ ਵਕਤ ਬਾਕੀ ਮੰਗਾਂ ਬਾਰੇ ਲਿਖਤੀ ਵਾਅਦਾ ਕਰਕੇ ਹੁਣ ਮੁੱਕਰ ਗਈ ਹੈ।ਇਨ੍ਹਾਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਕਿਸਾਨ ਅੰਦੋਲਨ ਦੀ ਚੌਥੀ ਵਰੇ ਗੰਢ ਤੇ 26 ਨਵੰਬਰ ਨੂੰ ਸਾਂਝੇ ਧਰਨੇ ਦਿੱਤੇ ਜਾਣਗੇ।ਇਨ੍ਹਾਂ ਧਰਨਿਆਂ ਵਿੱਚ ਪ੍ਰਮੁੱਖ ਮੰਗਾਂ ਜਿਵੇਂ ਸਾਰੀਆਂ ਫਸਲਾਂ ਤੇ ਐੱਮਐੱਸਪੀ ਉਪਰ ਖਰੀਦ ਦੀ ਕਾਨੂੰਨੀ ਗਰੰਟੀ ਦੇਣਾ, ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਕਿਸਾਨਾਂ ਮਜ਼ਦੂਰਾਂ ਨੂੰ 60 ਸਾਲ ਦੀ ਉਮਰ ਹੋਣ ਤੇ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦੇਣਾ, ਬਿਜਲੀ ਸੋਧ ਬਿੱਲ 2022 ਦੀ ਵਾਪਸੀ, ਭੂਮੀ ਅਧਿਗ੍ਰਹਿਣ ਕਾਨੂੰਨ 2013 ਦੀ ਉਲੰਘਣਾ ਬੰਦ ਕਰਨਾ, ਸਰਕਾਰੀ ਖਰਚੇ ਤੇ ਫਸਲੀ ਬੀਮਾ ਯੋਜਨਾ ਲਾਗੂ ਕਰਨਾ, ਖਾਦਾਂ ਅਤੇ ਜਨਤਕ ਵੰਡ ਪ੍ਰਣਾਲੀ ਰਾਂਹੀ ਅਨਾਜ ਉਪਰ ਮਿਲ ਰਹੀ ਸਬਸਿਡੀ ਘਟਾਉਣ ਦਾ ਫੈਸਲਾ ਵਾਪਸ ਲੈਣਾ, ਬਾਸਮਤੀ ਚਾਵਲ ਨੂੰ ਐਮ ਐਸ ਪੀ ਗਰੰਟੀ ਕਾਨੂੰਨ ਦੇ ਅਧੀਨ ਲੈਣਾ, 44 ਕਿਰਤ ਕਾਨੂੰਨਾਂ ਦੀ ਜਗ੍ਹਾ ਤੇ ਬਣਾਏ ਚਾਰ ਲੇਬਰ ਕੋਡ ਰੱਦ ਕਰਵਾਉਣ ਬਾਰੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ,ਪਬਲਿਕ ਸੈਕਟਰ ਦੇ ਨਿੱਜੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਰੱਦ ਕਰਨ, ਸਮਾਰਟ ਮੀਟਰ ਦੀ ਲੋਕ ਵਿਰੋਧੀ ਨੀਤੀ ਵਾਪਸ ਲੈਣ, ਸਰਕਾਰੀ ਅਦਾਰਿਆਂ ਵਿੱਚ ਨਵੀਂ ਰੈਗੂਲਰ ਭਰਤੀ ਕਰਨ,ਸਮੁੱਚੇ ਠੇਕਾ ਆਧਾਰਿਤ ਅਤੇ ਕੱਚੇ ਕਾਮਿਆਂ ਨੂੰ ਘੱਟੋ ਘੱਟ 26 ਹਜਾਰ ਰੁਪਏ ਵੇਤਨ ਦੇਣ , ਮਨਰੇਗਾ ਦੇ ਕੰਮ ਦੀ 200 ਦਿਨ ਦੀ ਗਰੰਟੀ ਕਰਨ ਆਦਿ ਮੰਗਾਂ ਨੂੰ ਉਠਾਇਆ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਮੌਕੇ ਕੱਚੀ ਪਰਚੀ ਅਤੇ ਕਾਟ ਲਗਾ ਕੇ ਕਿਸਾਨਾਂ ਦੀ ਕੀਤੀ ਲੁੱਟ ਦੇ ਮਾਮਲੇ ਤੇ ਵੀ ਗੰਭੀਰਤਾ ਨਾਲ ਵਿਚਾਰ ਕਰਨ ਉਪਰੰਤ ਫੈਸਲਾ ਕੀਤਾ ਕਿ 26 ਨਵੰਬਰ ਦੇ ਧਰਨੇ ਵਿੱਚ ਝੋਨੇ ਦੀ ਕਾਟ ਅਤੇ ਡੀ ਏ ਪੀ ਖਾਦ ਦੇ ਮੁੱਦੇ ਵੀ ਚੁੱਕੇ ਜਾਣਗੇ।ਸੰਯੁਕਤ ਕਿਸਾਨ ਮੋਰਚੇ ਅਤੇ ਟਰੇਡ ਯੂਨੀਅਨ ਆਗੂਆਂ ਨੇ ਵੱਖ-ਵੱਖ ਤਬਕਿਆਂ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ 26 ਨਵੰਬਰ ਦੇ ਧਰਨਿਆਂ ਦਾ ਸਮਰਥਨ ਕਰਦੇ ਹੋਏ ਡਿਪਟੀ ਕਮਿਸ਼ਨਰ ਦਫਤਰ ਪਹੁੰਚਣ ਦੀ ਅਪੀਲ ਕੀਤੀ।ਇਸ ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਦੇ ਆਗੂ ਦਲਜੀਤ ਸਿੰਘ ਦਿਆਲਪੁਰ, ਨਛੱਤਰ ਸਿੰਘ ਕਿਰਤੀ ਕਿਸਾਨ ਯੂਨੀਅਨ, ਸਰਬਜੀਤ ਸਿੰਘ ਕੌਮੀ ਕਿਸਾਨ ਯੂਨੀਅਨ, ਦਵਿੰਦਰ ਸੋਹਲ ਕੁੱਲ ਹਿੰਦ ਕਿਸਾਨ ਸਭਾ, ਜਸਵਿੰਦਰ ਸਿੰਘ ਮਾਨੋਚਾਹਲ ਆਲ ਇੰਡੀਆ ਕਿਸਾਨ ਸਭਾ, ਸਵਿੰਦਰ ਪਾਲ ਸਿੰਘ, ਬਲਜਿੰਦਰ ਸਿੰਘ ਦੋਬਲੀਆਂ ਪਸਸਫ, ਕਾਮਰੇਡ ਸੁਖਦੇਵ ਸਿੰਘ ਗੋਹਲਵੜ ਸੀਟੂ ਆਗੂ, ਕਾਰਜ ਸਿੰਘ ਕੈਰੋਂ ਟ੍ਰੇਡ ਯੂਨੀਅਨ ਕੌਂਸਲ ਏਟਕ, ਕਾਮਰੇਡ ਚਰਨ ਸਿੰਘ ਖੇਤ ਮਜ਼ਦੂਰ ਸਭਾ, ਸਵਰਨ ਸਿੰਘ ਕੁਹਾੜਕਾ, ਮਨਜੀਤ ਕੁਮਾਰ ਦੇਵੇਸਰ ਪੈਨਸ਼ਨਰ ਯੂਨੀਅਨ, ਅਮਰਦੀਪ, ਪ੍ਰਿੰਸਦੀਪ ਸਿੰਘ, ਭੁਪਿੰਦਰ ਸਿੰਘ ਡੈਮੋਕ੍ਰੇਟਿਕ ਟੀਚਰਜ਼ ਫਰੰਟ, ਫੈਡਰੇਸ਼ਨ ਏਟਕ ਦੇ ਲਖਵਿੰਦਰ ਸਿੰਘ ਬਹਿਲਾ, ਨਰਿੰਦਰ ਸਿੰਘ, ਕੰਵਰਦੀਪ ਸਿੰਘ ਢਿੱਲੋਂ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਦਵਿੰਦਰ ਸਿੰਘ ਨੌਸ਼ਹਿਰਾ ਪਨੂੰਆਂ ਆਦਿ ਨੇ ਹਿੱਸਾ ਲਿਆ।ਾਂ ਕਿਹਾ ਕਿ ਟ੍ਰੈਫਿਕ ਪੁਲਿਸ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਲੁੜੀਂਦੇ ਚਾਲਾਨ ਕੀਤੇ ਜਾਣਗੇ।ਇਸ ਮੌਕੇ ਏਐੱਸਆਈ ਸੁਰਜੀਤ ਸਿੰਘ ਨੇ ਟ੍ਰੈਫਿਕ ਨਿਯਮਾਂ ਸਬੰਧੀ ਸਮੇਂ-ਸਮੇਂ ਸਿਰ ਜਾਰੀ ਹੁੰਦੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਲੈਕਚਰਾਰ ਪ੍ਰਦੀਪ ਕੁਮਾਰ, ਗੁਰਟੇਕ ਸਿੰਘ, ਸੁਰਜੀਤ ਸਿੰਘ ਪੀ. ਐੱਲ. ਏ. ਸਮੇਤ ਸਮੂਹ ਸਟਾਫ ਹਾਜ਼ਰ ਸੀ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਲੀਗਲ ਲਿਟਰੇਸੀ ਦੇ ਸਬੰਧ 'ਚ ਸੈਮੀਨਾਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸਰਕਾਰੀ ਸੀਨੀਅਰ ਸੰਕੈਡਰੀ ਸਕੂਲ ਕਾਦੀਆਂ ਦੇ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਅਤੇ ਲੀਗਲ ਲਿਟਰੇਸੀ ਕਲੱਬ ਦੇ ਇੰਚਾਰਜ ਲੈਕਚਰਾਰ ਦਿਨੇਸ਼ ਕੁਮਾਰ ਦੀ ਅਗਵਾਈ ਹੇਠ ਲੀਗਲ ਲਿਟਰੇਸੀ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਵਿੱਚ ਐਡਵੋਕੇਟ ਸੰਦੀਪ ਸਿੰਘ ਸੰਧੂ ਅਤੇ ਏ. ਐੱਸ. ਆਈ. ਸਰਵਣ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੁੱਖ ਮਹਿਮਾਨ ਨੇ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਲਈ ਪਾਤਰਤਾ ਸਬੰਧੀ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਲੋੜਵੰਦ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕਰਨ।ਉਨ੍ਹਾਂ ਦੱਸਿਆ ਕਿ ਮੁਫ਼ਤ ਕਾਨੂਨੀ ਸਹਾਇਤਾ ਦੇਣ ਲਈ 10000 ਤੋਂ ਵੱਧ ਆਬਾਦੀ ਵਾਲੇ ਕਸਬਿਆਂ ਵਿੱਚ ਵਿਸ਼ੇਸ਼ ਕਾਨੂੰਨ ਕਲੀਨਿਕ ਖੋਲੇ ਜਾਣ ਦੀ ਵਿਵਸਥਾ ਹੈ ਤੇ ਲੋੜਵੰਦ ਵਿਅਕਤੀ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਅਰਜ਼ੀ ਦੇ ਕੇ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ।ਏ. ਐੱਸ. ਆਈ. ਸਰਵਣ ਸਿੰਘ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਨੂੰ ਤੈਅ ਰਫ਼ਤਾਰ ਅਤੇ ਨਿਯਮਾਂ ਅਨੁਸਾਰ ਹੀ ਵਾਹਨ ਚਲਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਸਿਰਫ਼ ਉਹੀ ਨੌਜਵਾਨ ਵਾਹਨ ਚਲਾਉਣ, ਜਿਨ੍ਹਾਂ ਨੂੰ ਨਿਯਮਾਂ ਅਨੁਸਾਰ ਲਾਇਸੈਂਸ ਜਾਰੀ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾਲ ਹਾਦਸਿਆਂ ਤੋਂ ਬਚਦਿਆਂ ਕਈ ਤਰ੍ਹਾਂ ਦੇ ਨੁਕਸਾਨ ਹੋਣ ਤੋਂ ਰੋਕੇ ਜਾ ਸਕਦੇ ਹਨ।ਉਨ੍ਹਾਂ ਦੱਸਿਆ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਂਦਿਆਂ ਨਾਬਾਲਿਗ ਬੱਚਿਆਂ ਨੂੰ ਬਿਨਾਂ ਲਾਇਸੈਂਸ ਅਤੇ ਕਾਗਜ਼ਾਤ ਤੋਂ ਵਾਹਨ ਨਾ ਦਿੱਤੇ ਜਾਣ।ਉਨ੍ਹਾਂ ਕਿਹਾ ਕਿ ਟ੍ਰੈਫਿਕ ਪੁਲਿਸ ਵੱਲੋਂ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਲੁੜੀਂਦੇ ਚਾਲਾਨ ਕੀਤੇ ਜਾਣਗੇ।ਇਸ ਮੌਕੇ ਏਐੱਸਆਈ ਸੁਰਜੀਤ ਸਿੰਘ ਨੇ ਟ੍ਰੈਫਿਕ ਨਿਯਮਾਂ ਸਬੰਧੀ ਸਮੇਂ-ਸਮੇਂ ਸਿਰ ਜਾਰੀ ਹੁੰਦੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਲੈਕਚਰਾਰ ਪ੍ਰਦੀਪ ਕੁਮਾਰ, ਗੁਰਟੇਕ ਸਿੰਘ, ਸੁਰਜੀਤ ਸਿੰਘ ਪੀ. ਐੱਲ. ਏ. ਸਮੇਤ ਸਮੂਹ ਸਟਾਫ ਹਾਜ਼ਰ ਸੀ।

ਕਿਸਾਨ ਤੇ ਜਵਾਨ ਭਲਾਈ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ 25 ਨੂੰ

ਗੁਰਦਾਸਪੁਰ-ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਕਵਲਜੀਤ ਸਿੰਘ ਖੁਸ਼ਹਾਲਪੁਰ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਗੁਰਦਾਸਪੁਰ ਜ਼ਿਲੇ ਦੀ ਬਹੁਤ ਜ਼ਰੂਰੀ ਮੀਟਿੰਗ 25 ਨਵੰਬਰ ਦਿਨ ਸੋਮਵਾਰ ਠੀਕ 12 ਵਜੇ ਗੁਰਦੁਆਰਾ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਦੀਵਾਨ ਹਾਲ ਵਿੱਚ ਕੀਤੀ ਜਾਵੇਗੀ।ਉਹਨਾਂ ਕਿਹਾ ਕਿ ਇਸ ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਉਚੇਚੇ ਤੌਰ 'ਤੇ ਪਹੁੰਚਣਗੇ।ਇਸ ਮੀਟਿੰਗ ਵਿੱਚ ਹਰਿਆਣੇ ਦੇ ਬਾਰਡਰਾਂ 'ਤੇ ਚੱਲ ਰਹੇ ਸੰਘਰਸ਼ ਸਬੰਧੀ ਰਣਨੀਤੀ ਬਣਾਉਣੀ, ਝੋਨੇ 'ਤੇ ਲੱਗੇ ਕੱਟਾਂ ਦੀ ਭਰਪਾਈ ਅਤੇ ਪਰਾਲੀ ਸਾੜਨ ਵਾਲੇ ਕਿਸਾਨਾਂ ਤੇ ਹੋਏ ਪਰਚੇ ਅਤੇ ਜਮ੍ਹਾਂਬੰਦੀਆਂ ਤੇ ਹੋਈਆਂ ਰੈੱਡ ਐਂਟਰੀਆਂ ਰੱਦ ਕਰਵਾਉਣ, ਬਾਰਡਰ ਦੇ ਕਿਸਾਨਾਂ ਦੀਆਂ ਸਮੱਸਿਆਵਾਂ, ਕਿਸਾਨੀ ਨੂੰ ਦਰਪੇਸ਼ ਹੋਰ ਨਵੀਆਂ ਤੇ ਪੁਰਾਣੀਆਂ ਮੁਸ਼ਕਿਲਾਂ ਅਤੇ ਜ਼ਿਲੇ ਦਾ

23-Nov-PAGE-12.qxd 11/22/2024 10:59 PM Page 1

ਓਲੰਪੀਅਨ ਮਹਿੰਦਰ ਸਿੰਘ ਗਿੱਲ ਦਾ 'ਹਾਲ ਆਫ ਫੇਮ' ਨਾਲ ਸਨਮਾਨ

ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)— ਅਮਰੀਕਾ ਤੋਂ ਪੰਜਾਬ ਫੇਰੀ ਉਤੇ ਆਏ ਭਾਰਤ ਦੇ ਮਹਾਨ ਅਥਲੀਟ ਓਲੰਪੀਅਨ ਮਹਿੰਦਰ ਸਿੰਘ ਗਿੱਲ ਦਾ ਮੁਹਾਲੀ ਪੁੱਜਣ ਉੱਤੇ ਪੰਜਾਬ ਓਲੰਪਿਕ ਐਸੋਸੀਏਸਨ ਵੱਲੋਂ 'ਹਾਲ ਆਫ ਫੇਮ' ਨਾਲ ਸਨਮਾਨ ਕੀਤਾ ਗਿਆ। ਐਸੋਸੀਏਸ਼ਨ ਦੇ ਸਕੱਤਰ ਜਨਰਲ ਰਾਜਾ ਕੇ ਐਸ ਸਿੱਧੂ ਨੇ ਉਨ੍ਹਾਂ ਦਾ ਸਨਮਾਨ ਕੀਤਾ। ਐਸੋਸੀਏਸ਼ਨ ਦੇ ਮੀਡੀਆ ਸਲਾਹਕਾਰ ਨਵਦੀਪ ਸਿੰਘ ਗਿੱਲ ਦਾ ਵੀ ਸਨਮਾਨ ਕੀਤਾ ਗਿਆ ਜੋ ਓਲੰਪੀਅਨ ਗਿੱਲ ਦੀ ਜੀਵਨੀ ਲਿਖ ਰਹੇ ਹਨ। ਜਲੰਧਰ ਦੇ ਰਹਿਣ ਵਾਲੇ ਮਹਿੰਦਰ ਸਿੰਘ ਗਿੱਲ 50 ਵਰ੍ਹਿਆਂ ਤੋਂ ਅਮਰੀਕਾ ਦੇ ਪੱਕੇ ਵਸਨੀਕ ਹਨ। ਉਹ ਭਾਰਤ ਦੇ ਮਹਾਨ ਅਥਲੀਟਾਂ ਵਿੱਚੋਂ ਇੱਕ ਹਨ ਜਿਨ੍ਹਾਂ ਤੀਹਰੀ ਛਾਲ ਵਿੱਚ 1970 ਵਿੱਚ ਬੈਂਕਾਕ ਏਸ਼ੀਅਨ ਗੇਮਜ ਵਿੱਚ ਸੋਨੇ ਤੇ 1974 ਤਹਿਰਾਨ ਏਸ਼ੀਅਨ ਗੇਮਜ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਤਿੰਨ ਵਾਰ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਿਆ। 1974 ਕ੍ਰਾਈਸਟਚਰਚ ਕਾਮਨਵੈਲਥ ਗੇਮਜ ਵਿੱਚ ਚਾਂਦੀ ਅਤੇ 1970 ਵਿੱਚ ਐਡਿਨਬਰਗ ਕਾਮਨਵੈਲਥ ਗੇਮਜ ਵਿੱਚ ਕਾਂਸੀ ਦਾ ਤਮਗਾ ਜਿੱਤਿਆ। 1971 ਪ੍ਰੀ ਓਲੰਪਿਕਸ ਵਿੱਚ ਚਾਂਦੀ ਦਾ ਤਮਗਾ ਜਿੱਤਿਆ। 1972 ਮਿਊਨਿਖ ਓਲੰਪਿਕਸ ਵਿੱਚ ਹਿੱਸਾ ਲਿਆ। ਮਹਿੰਦਰ ਸਿੰਘ ਗਿੱਲ ਨੇ ਅਮਰੀਕਾ ਰਹਿੰਦੇ ਲਗਾਤਾਰ ਪੰਜ ਵਾਰ ਐਨ.ਸੀ.ਏ.ਏ. ਚੈਂਪੀਅਨਸ਼ਿਪ ਸਮੇਤ 50 ਤੋਂ ਵੱਧ ਕੌਮਾਂਤਰੀ ਮੀਟ ਜਿੱਤੀਆਂ ਹਨ। ਭਾਰਤ ਸਰਕਾਰ ਵੱਲੋਂ ਅਰਜੁਨਾ ਐਵਾਰਡ ਅਤੇ ਪੰਜਾਬ ਸਰਕਾਰ ਵੱਲੋਂ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਉਹ ਅਮਰੀਕਾ ਦੀ ਕੈਲੀ ਪੌਲੀ ਯੂਨੀਵਰਸਿਟੀ ਦੀ 'ਹਾਲ ਆਫ ਫੇਮ' ਵਿੱਚ ਸ਼ਾਮਲ ਹੋਣ ਵਾਲੇ ਪਹਿਲੇ ਏਸ਼ੀਅਨ ਅਥਲੀਟ ਹਨ।

18ਵਾਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ

ਓਡੀਸ਼ਾ ਨੇਵਲ ਟਾਟਾ ਸੈਂਟਰ ਭੁਬਨੇਸ਼ਵਰ ਤੇ ਸਪੋਰਟਸ ਹੋਸਟਲ ਲਖਨਊ ਸੈਮੀਫਾਈਨਲ 'ਚ

ਜਲੰਧਰ (ਸ਼ੈਲੀ ਐਲਬਰਟ)—ਉਡੀਸ਼ਾ ਨੇਵਲ ਟਾਟਾ ਹਾਈ ਪ੍ਰਫਾਰਮੈਂਸ ਸੈਂਟਰ ਭੁਬਨੇਸ਼ਵਰ ਨੇ ਪੀਆਈਐਸ ਸੁਰਜੀਤ ਹਾਕੀ ਅਕੈਡਮੀ ਜਲੰਧਰ ਨੂੰ 3-2 ਨਾਲ ਹਰਾ ਕੇ 18ਵੇਂ ਆਲ ਇੰਡੀਆ ਬਲਵੰਤ ਸਿੰਘ ਕਪੂਰ ਹਾਕੀ ਟੂਰਨਾਮੈਂਟ ਫਾਰ ਮਾਤਾ ਪ੍ਰਕਾਸ਼ ਕੌਰ ਕੱਪ (ਅੰਡਰ 19 ਲੜਕੇ) ਦੇ ਸੈਮੀਫਾਇਨਲ ਵਿੱਚ ਪ੍ਰਵੇਸ਼ ਕੀਤਾ। ਦੂਜੇ ਕਵਾਰਟਰ ਫਾਇਨਲ ਵਿੱਚ ਸਪੋਰਟਸ ਹਾਸਟਲ ਲਖਨਊ ਨੇ ਪੀਆਈਐਸ ਮਾਲਵਾ ਹਾਕੀ ਅਕੈਡਮੀ ਲੁਧਿਆਣਾ ਨੂੰ 5-1 ਦੇ ਫਰਕ ਨਾਲ ਹਰਾ ਕੇ ਸੈਮੀਫਾਇਨਲ ਵਿੱਚ ਪ੍ਰਵੇਸ਼ ਕੀਤਾ। 23 ਨਵੰਬਰ ਨੂੰ ਪਹਿਲੇ ਸੈਮੀਫਾਇਨਲ ਵਿੱਚ ਰਾਊਂਡ ਗਲਾਸ ਹਾਕੀ ਅਕੈਡਮੀ ਮੋਹਾਲੀ ਦਾ ਮੁਕਾਬਲਾ ਐਨਸੀਓਈ ਸੋਨੀਪਤ ਨਾਲ ਅਤੇ ਦੂਜੇ ਸੈਮੀਫਾਇਨਲ ਵਿੱਚ ਸਪੋਰਟਸ ਹਾਸਟਲ ਲਖਨਊ ਦਾ ਮੁਕਾਬਲਾ ਓਡੀਸ਼ਾ ਨੇਵਲ ਟਾਟਾ ਹਾਈ ਪ੍ਰਫਾਰਮੈਂਸ ਸੈਂਟਰ ਭੁਬਨੇਸ਼ਵਰ ਨਾਲ ਹੋਵੇਗਾ।ਪਹਿਲੇ ਕਵਾਰਟਰ ਫਾਇਨਲ ਵਿੱਚ ਓਡੀਸ਼ਾ ਨੇਵਲ ਟਾਟਾ ਸੈਂਟਰ ਭੁਬਨੇਸ਼ਵਰ ਨੂੰ ਪੀਆਈਐਸ ਸੁਰਜੀਤ ਹਾਕੀ ਅਕੈਡਮੀ ਜਲੰਧਰ ਵਲੋਂ ਸਖਤ ਟੱਕਰ ਦਿੱਤੀ ਗਈ। ਖੇਡ ਦੇ 30ਵੇਂ ਮਿੰਟ ਵਿੱਚ ਓਡੀਸ਼ਾ ਦੇ ਬਿਲਕਨ ਓਰਨ ਨੇ ਗੋਲ ਕਰਕੇ ਸਕੋਰ 1-0 ਕੀਤਾ। 39ਵੇਂ ਮਿੰਟ ਵਿੱਚ ਓਡੀਸ਼ਾ ਦੇ ਹਰੀਸ਼ ਨੇ ਗੋਲ

ਕਰਕੇ ਸਕੋਰ 2-0 ਕੀਤਾ। ਖੇਡ ਦੇ 43ਵੇਂ ਮਿੰਟ ਵਿੱਚ ਹਰਸ਼ਦੀਪ ਸਿੰਘ ਨੇ ਅਤੇ 48ਵੇਂ ਮਿੰਟ ਵਿੱਚ ਸੁਖਮਨਦੀਪ ਸਿੰਘ ਨੇ ਸੁਰਜੀਤ ਹਾਕੀ ਅਕੈਡਮੀ ਲਈ ਗੋਲ ਕਰਕੇ ਸਕੋਰ 2-2 ਕੀਤਾ। 50ਵੇਂ ਮਿੰਟ ਵਿੱਚ ਓਡੀਸ਼ਾ ਦੇ ਰੋਹਿਤ ਕੁਲੂ ਨੇ ਗੋਲ ਕਰਕੇ ਸਕੋਰ 3-2 ਕਰਕੇ ਮੈਚ ਜਿੱਤ ਲਿਆ। ਓਡੀਸ਼ਾ ਦੇ ਰੋਹਿਤ ਕੁਲੂ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਦੂਜੇ ਕਵਾਰਟਰ ਫਾਇਨਲ ਵਿੱਚ ਸਪੋਰਟਸ ਹਾਸਟਲ ਲਖਨਊ ਨੇ ਪੀਆਈਐਸ ਮਾਲਵਾ ਹਾਕੀ ਅਕੈਡਮੀ ਲੁਧਿਆਣਾ ਦੇ ਖਿਲਾਫ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਲਖਨਊ ਵਲੋਂ ਖੇਡ ਦੇ 16ਵੇਂ ਮਿੰਟ ਵਿੱਚ ਅਜੈ ਗੋਂਦ ਨੇ, 19ਵੇਂ ਮਿੰਟ ਵਿੱਚ ਮੁਹੰਮਦ ਕੈਫ ਨੇ, 31ਵੇਂ ਮਿੰਟ ਵਿੱਚ ਕੇਤਨ ਖੁਸ਼ਵਾਹਾ ਨੇ ਗੋਲ ਕਰਕੇ ਸਕੋਰ 3-0 ਕੀਤਾ। ਖੇਡ ਦੇ 39ਵੇਂ ਮਿੰਟ ਵਿੱਚ ਲੁਧਿਆਣਾ ਦੇ ਰਾਜਵੀਰ ਸਿੰਘ ਨੇ ਗੋਲ ਕਰਕੇ ਸਕੋਰ 1-3 ਕੀਤਾ। ਖੇਡ ਦੇ 40ਵੇਂ ਮਿੰਟ ਵਿੱਚ ਕੇਤਨ ਖੁਸ਼ਵਾਹਾ ਨੇ ਅਤੇ 48ਵੇਂ ਮਿੰਟ ਵਿੱਚ ਕਪਤਾਨ ਮੁਹੰਮਦ ਕੈਫ ਨੇ ਗੋਲ ਕਰਕੇ ਲਖਨਊ ਨੂੰ 5-1 ਨਾਲ ਜਿਤ ਦੁਆਈ। ਲਖਨਊ ਦੇ ਮੁਹੰਮਦ ਕੈਫ ਨੂੰ ਮੈਚ ਦਾ ਬੇਹਤਰੀਨ ਖਿਡਾਰੀ ਐਲਾਨਿਆ ਗਿਆ।ਮੈਚਾਂ ਦੇ ਮੁੱਖ ਮਹਿਮਾਨ ਉਲੰਪੀਅਨ ਸ਼ਮਸ਼ੇਰ ਸਿੰਘ, ਅਨੁਪਮ ਕਲੇਰ ਜਾਇੰਟ ਕਮਿਸ਼ਨਰ ਕਪੂਰਥਲਾ ਨੇ ਟੀਮਾਂ ਨਾਲ ਜਾਣ ਪਛਾਣ ਕੀਤੀ। ਇਸ ਮੌਕੇ 'ਤੇ ਬਲਜੀਤ ਕੌਰ, ਪਰਮਿੰਦਰ ਕੌਰ, ਹਰਭਜਨ ਕੌਰ ਕਪੂਰ, ਮਨਜੀਤ ਕੌਰ ਕਪੂਰ, ਪਲਵਿੰਦਰ ਕੌਰ ਕਪੂਰ, ਅਨੀਤਾ ਕੌਰ ਕਪੂਰ, ਜਸਪ੍ਰੀਤ ਕੌਰ ਬਵੇਜਾ, ਸੁਖਲੀਨ ਕੌਰ ਕਪੂਰ, ਗੁਰਸ਼ਰਨ ਸਿੰਘ ਕਪੂਰ, ਹਰਦੀਪ ਸਿੰਘ ਕਪੂਰ, ਹਰਭਜਨ ਸਿੰਘ ਕਪੂਰ, ਮਨਜੀਤ ਸਿੰਘ ਕਪੂਰ, ਤੀਰਥ ਸਿੰਘ ਕਪੂਰ, ਗੁਨਦੀਪ ਸਿੰਘ ਕਪੂਰ, ਉਲੰਪੀਅਨ ਮੁਖਬੈਨ ਸਿੰਘ, ਉਲੰਪੀਅਨ ਸੰਜੀਵ ਕੁਮਾਰ, ਰਿਪੁਦਮਨ ਕੁਮਾਰ ਸਿੰਘ, ਦਲਜੀਤ ਸਿੰਘ ਢਿੱਲੋਂ, ਜਗਦੀਪ ਸਿੰਘ ਗਿੱਲ, ਰਾਮ ਸ਼ਰਨ, ਤੇਜਾ ਸਿੰਘ, ਜਤਿੰਦਰ ਪੰਨੂ, ਡਾਕਟਰ ਮਨੂ ਸੂਦ, ਬਿਕਰਮਜੀਤ ਸਿੰਘ, ਹਰਿੰਦਰ ਸੰਘਾ, ਸੁਰਿੰਦਰ ਸਿੰਘ, ਸਤੀਸ਼ ਚੋਪੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਪਿਆਰਾ ਸਿੰਘ ਤੇ ਕਾਕਾ ਮਨਮੋਹਣ ਸਿੰਘ ਦੀ ਯਾਦ 'ਚ ਸਾਲਾਨਾ ਫੁੱਟਬਾਲ ਟੂਰਨਾਮੈਂਟ ਭਲਕੇ ਤੋਂ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਅਜਨੋਹਾ ਵਿਖੇ ਪਿਆਰਾ ਸਿੰਘ ਅਤੇ ਕਾਕਾ ਮਨਮੋਹਣ ਸਿੰਘ ਮੈਮੋਰੀਅਲ ਫੁੱਟਬਾਲ ਟੂਰਨਾਮੈਂਟ ਅਜਨੋਹਾ ਸਪੋਰਟਸ ਕਲੱਬ ਵੱਲੋਂ 24 ਨਵੰਬਰ ਤੋਂ 01 ਦਸੰਬਰ ਤੱਕ ਕਰਵਾਇਆ ਜਾ ਰਿਹਾ ਹੈ।ਸਤਵਿੰਦਰ ਸਿੰਘ ਜਸਵਾਲ, ਸੁਖਮਿੰਦਰਪਾਲ ਸਿੰਘ ਨੇ ਦੱਸਿਆ ਕਿ 24 ਨਵੰਬਰ ਨੂੰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਰਜਿੰਦਰ ਸਿੰਘ ਪਰਮਾਰ, ਡਾਕਟਰ ਪਰਮਿੰਦਰ ਸਿੰਘ ਸੇਖੋਂ (ਪੀ ਏ ਯੂ) ਲੁਧਿਆਣਾ ਸਵੇਰੇ 10 ਵਜੇ ਕਰਨਗੇ। ਇਸ ਆਲ ਉਪਨ ਪਿੰਡ ਪੱਧਰ ਫੁੱਟਬਾਲ ਟੂਰਨਾਮੈਂਟ ਵਿਚ ਪਹਿਲਾ ਇਨਾਮ 81,000 ਹਜ਼ਾਰ ਰੁਪਏ ਅਤੇ ਟਰਾਫੀ ਅਤੇ ਦੂਜੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 61,000 ਰੁਪਏ ਅਤੇ ਟਰਾਫੀ ਦਿੱਤੀ ਜਾਵੇਗੀ। ਪਿੰਡ ਪੱਧਰ ਲਈ ਪਹਿਲਾ ਇਨਾਮ 41,000 ਹਜ਼ਾਰ ਰੁਪਏ ਅਤੇ ਦੂਜੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 31,000 ਰੁਪਏ ਅਤੇ ਟਰਾਫੀ ਦਿੱਤੀ ਜਾਵੇਗੀ। ਇਸੇ ਤਰ੍ਹਾਂ 55 ਕਿਲੋਗ੍ਰਾਮ ਭਾਰ ਵਰਗ ਪਹਿਲਾ ਇਨਾਮ 11,000 ਹਜ਼ਾਰ ਰੁਪਏ ਅਤੇ ਦੂਜੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 81,00 ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਇਕ ਦਸੰਬਰ ਨੂੰ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਨਗੇ। ਇਸ ਮੌਕੇ ਸਤਵਿੰਦਰ ਸਿੰਘ, ਸੁਰਿੰਦਰ ਪਾਲ ਸਿੰਘ, ਇੰਦਰਜੀਤ ਸਿੰਘ, ਅੰਮ੍ਰਿਤ ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਮਨਪ੍ਰੀਤ ਸਿੰਘ ਹਰਕੀਰਤ ਸਿੰਘ ਗੋਰਖਾ, ਜਗਦੀਪ ਸਿੰਘ ਕੋਹਲੀ, ਸਵਿੰਦਰ ਸਿੰਘ ਜਸਵਾਲ, ਨੰਬਰਦਾਰ ਜਸਕਰਨ ਸਿੰਘ ਸੰਨੀ ਪੰਚ, ਗੁਰਸ਼ਰਨ ਸਿੰਘ ਰੀਹਲਾ, ਅਰਸ਼ਦੀਪ ਸਿੰਘ ਪਰਮਾਰ, ਕੁਲਦੀਪ ਸਿੰਘ ਬੱਧਣ, ਹਰਜੀਤ ਸਿੰਘ, ਜਸਪ੍ਰੀਤ ਸਿੰਘ, ਤਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮਾਣਾ, ਮਾਸਟਰ ਹਰਭਜਨ ਸਿੰਘ ਅਜਨੋਹਾ, ਮੋਹਣਪਾਲ ਸਿੰਘ ਫੁੱਟਬਾਲ ਕੋਚ, ਸਰਪੰਚ ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

ਸਮਾਜ ਸੇਵਕ ਕੁਲਵਿੰਦਰ ਭਾਰਟਾ ਦਾ ਨਿਯੁਕਤੀ ਸਮਾਗਮ ਅੱਜ

ਰਾਹੋਂ (ਕੁਲਵਿੰਦਰ ਸਿੰਘ ਰਾਹੋ)-ਮਨੁੱਖਤਾ ਨੂੰ ਸਮਰਪਿਤ ਕੁਲਵਿੰਦਰ ਸਿੰਘ ਭਾਰਟਾ ਪ੍ਰਧਾਨ ਲੋਕ ਭਲਾਈ ਸੁਸਾਇਟੀ ਲੁਧਿਆਣਾ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਚੇਅਰਮੈਨ ਇੰਡਸਟਰੀਜ਼ ਵਿੰਗ ਪੰਜਾਬ ਨਿਯੁਕਤ ਕੀਤਾ ਗਿਆ। ਇਸ ਗੱਲ ਦਾ ਪ੍ਰਗਟਾਵਾ ਆਸਾ ਸਿੰਘ ਅਜ਼ਾਦ ਕੌਮੀ ਪ੍ਰਧਾਨ ਆਲ ਇੰਡੀਆ ਹਿਊਮਨ ਰਾਇਟਸ ਕੌਂਸਲ ਭਾਰਤ ਨੇ ਕੀਤਾ। ਉਨ੍ਹਾਂ ਕਿਹਾ ਕਿ ਚੇਅਰਮੈਨ ਭਾਰਟਾ ਦਾ ਨਿਯੁਕਤੀ ਸਮਾਗਮ 23 ਨਵੰਬਰ ਨੂੰ ਬਾਅਦ ਦੁਪਹਿਰ 3 ਵਜੇ ਵੰਜਲੀ ਹੋਟਲ ਲੁਧਿਆਣਾ ਵਿਖੇ ਹੋਵੇਗਾ। ਮਹਿਲਾ ਵਿੰਗ ਦੇ ਕੌਮੀ ਪ੍ਰਧਾਨ ਪਵਨਦੀਪ ਕੌਰ ਮਾਨ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸਮਾਜ ਸੇਵਾ ਨੂੰ ਸਮਰਪਿਤ ਮਹਿਲਾਵਾਂ ਨੂੰ ਵੀ ਨਿਯੁਕਤੀ ਪੱਤਰ ਸੌਂਪੇ ਜਾਣਗੇ।ਸਮਾਗਮ ਵਿੱਚ ਕੌਂਸਲ ਦੇ ਆਹੁਦੇਦਾਰ ਅਤੇ ਸਰਗਰਮ ਮੈਂਬਰ ਸ਼ਮੂਲੀਅਤ ਕਰਨਗੇ।ਇਸ ਮੌਕੇ ਐਡਵੋਕੇਟ ਵਿਸ਼ਾਲ ਸ਼ਰਮਾ ਚੇਅਰਮੈਨ ਕਾਨੂੰਨੀ ਸੈੱਲ ਪੰਜਾਬ, ਸੀਨੀਅਰ ਕੌਂਸਲਰ ਨਵਾਂਸ਼ਹਿਰ ਚੇਤ ਰਾਮ ਰਤਨ ਚੇਅਰਮੈਨ ਭਾਰਤ, ਡਾ. ਦੀਪਕ ਕੁਮਾਰ ਪਾਂਡੇ ਪ੍ਰਧਾਨ ਉੱਤਰ ਪ੍ਰਦੇਸ਼, ਐਡਵੋਕੇਟ ਵਿਕਰਮ ਸ਼ਰਮਾ ਪ੍ਰਧਾਨ ਹਿਮਾਚਲ ਪ੍ਰਦੇਸ਼, ਡਾ. ਕੁਲਵਿੰਦਰ ਸਿੰਘ ਯੂਥ ਵਿੰਗ ਪ੍ਰਧਾਨ ਪੰਜਾਬ,ਤਰਲੋਚਨ ਸਿੰਘ ਵਿਰਦੀ ਜ਼ਿਲ੍ਹਾ ਪ੍ਰਧਾਨ, ਸੰਜੀਵ ਸੂਰੀ, ਸੰਜੀਵ ਕੁਮਾਰ ਕੈਂਥ ਆਦਿ ਹਾਜ਼ਰ ਸਨ।

ਠੱਕਰਵਾਲ ਵਿਖੇ ਪਹਿਲੀ ਪਾਤਸ਼ਾਹੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ ਸਜਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਠੱਕਰਵਾਲ ਵਿਖੇ ਗੁਰਦੁਆਰਾ ਸਿੰਘ ਸਭਾ ਦੇ ਅਸਥਾਨ 'ਤੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਰਘਵੀਰ ਸਿੰਘ ਠੱਕਰਵਾਲ, ਮਾਸਟਰ ਸਰਬਜੀਤ ਸਿੰਘ ਮੰਝ, ਕੈਪਟਨ ਗਿਆਨ ਸਿੰਘ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।ਕੀਰਤਨ ਦੌਰਾਨ ਭਾਈ ਕਸ਼ਮੀਰ ਸਿੰਘ ਕਾਦਰ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਸਰਬਜੀਤ ਸਿੰਘ ਪਾਰਸ ਹੈਡ ਗ੍ਰੰਥੀ, ਪ੍ਰਭਾਤ ਫੇਰੀ ਜੱਥਾ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪੰਜ ਨਿਸ਼ਾਨਚੀ, ਫੌਜੀ ਬੈਂਡ, ਸਕੂਲੀ ਬੱਚੇ, ਗੱਤਕਾ ਪਾਰਟੀਆਂ, ਨਗਾਰਾ, ਸ਼ਬਦੀ ਕੀਰਤਨੀਏ ਜਥੇ ਪਾਲਕੀ ਸਾਹਿਬ ਜੀ ਦੇ ਨਾਲ਼-ਨਾਲ਼ ਚੱਲ ਰਹੇ ਸਨ।ਵੱਖ-ਵੱਖ ਮੁਹੱਲਿਆਂ ਵਿਚ ਸਵਾਗਤੀ ਗੇਟ ਲਗਾ ਕੇ ਫੁੱਲਾਂ ਦੀ ਵਰਖਾ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ।ਇਸ ਮੌਕੇ

ਨੰਬਰਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ, ਡਾਕਟਰ ਪਰਮਜੀਤ ਸਿੰਘ, ਚਰਨਜੀਤ ਸਿੰਘ ਮੰਝ ਸੈਕਟਰੀ, ਨਰਿੰਦਰ ਸਿੰਘ ਮੰਝ, ਕੈਪਟਨ ਬਲਵੀਰ ਸਿੰਘ, ਖੜਕ ਸਿੰਘ ਮੰਝ, ਨੰਬਰਦਾਰ ਜਸਵਿੰਦਰ ਸਿੰਘ ਖਹਿਰਾ, ਸਤਨਾਮ ਸਿੰਘ ਮੰਝ, ਗਿਆਨ ਚੰਦ, ਪਰਮਿੰਦਰ ਸਿੰਘ ਮਿਨਹਾਸ, ਕੁਲਦੀਪ ਸਿੰਘ, ਨਛੱਤਰ ਸਿੰਘ ਗਿੱਲ, ਹਰਵਿੰਦਰ ਸਿੰਘ ਠੱਕਰਵਾਲ, ਡਿਪਟੀ ਹਰਜਿੰਦਰ ਪਾਲ, ਵਿਜ਼ਨ ਲੱਭਾ, ਮਨਜੀਤ ਸਿੰਘ ਪੰਚ, ਠੇਕੇਦਾਰ ਕਿਸ਼ਨ ਲਾਲ, ਅਜੈਬ ਸਿੰਘ ਮੰਝ, ਯੋਗਾ ਸਿੰਘ ਟਾਕ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਲੰਗਰ ਅਤੁੱਟ ਵਰਤਾਏ ਗਏ।

ਭਾਵਾਧਸ ਦਾ ਰਾਸ਼ਟਰੀਆ ਪ੍ਰਤੀਨਿਧੀ ਆਧਿਵੇਸ਼ਨ ਭਲਕੇ

ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਕਾਰ ਸਿੰਘ)- ਭਾਰਤੀਆ ਵਾਲਮੀਕਿ ਧਰਮ ਸਮਾਜ (ਰਜਿ:) ਭਾਵਾਧਸ ਦੀ ਇੱਕ ਮੀਟਿੰਗ ਪੰਜਾਬ ਕਨਵੀਨਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਭਾਵਾਧਸ ਦਫਤਰ (ਦਾਰਾਪੁਰ) ਉੜਮੁੜ ਟਾਂਡਾ ਵਿਖੇ ਹੋਈ, ਇਸ ਮੀਟਿੰਗ ਵਿੱਚ 24 ਨਵੰਬਰ ਦਿਨ ਐਤਵਾਰ ਨੂੰ, ਗੁਰੂ ਨਾਨਕ ਦੇਵ ਭਵਨ ਲੁਧਿਆਣਾ ਵਿਖੇ ਭਾਵਾਧਸ ਦੇ ਸਰਵਉੱਚ ਨਿਰਦੇਸ਼ਕ ਅਤੇ ਧਰਮ ਗੁਰੂ ਸਵਾਮੀ ਚੰਦਰਪਾਲ ਅਨਾਰਿਆ ਦੀ ਅਗਵਾਈ ਹੇਠ ਕਰਵਾਇਆ ਜਾਣ ਵਾਲੇ ਰਾਸ਼ਟਰੀਆ ਪ੍ਰਤੀਨਿਧ ਆਧਿਵੇਸ਼ਨ ਬਾਰੇ ਵਿਚਾਰ ਚਰਚਾ ਕੀਤੀ ਗਈ। ਸੁਰਿੰਦਰ ਜਾਜਾ ਨੇ ਦੱਸਿਆ ਕਿ ਇਸ ਆਧਿਵੇਸ਼ਨ ਵਿੱਚ ਪੂਰੇ ਦੇਸ਼ ਭਰ ਤੋਂ ਭਾਵਾਧਸ ਦੇ ਰਾਸ਼ਟਰੀਆ ਅਧਿਕਾਰੀ,ਪ੍ਰਾਂਤਾਂ ਦੇ ਅਧਿਕਾਰੀ, ਜ਼ਿਲ੍ਹਿਆਂ ਦੇ ਅਧਿਕਾਰੀ ਅਤੇ ਕਾਰਜ-ਕਰਤਾ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ 24 ਨਵੰਬਰ ਨੂੰ ਟਾਂਡਾ ਤੋਂ ਇੱਕ ਵੱਡਾ ਕਾਫ਼ਲਾ ਇਸ ਆਧਿਵੇਸ਼ਨ 'ਚ ਸ਼ਾਮਿਲ ਹੋਣ ਲਈ ਰਵਾਨਾ ਹੋਵੇਗਾ। ਇਸ ਮੌਕੇ ਵਿਜੈ ਮੋਟੀ ਸਹਿ ਕਨਵੀਨਰ ਪੰਜਾਬ, ਬੱਬੀ ਰਾਜਪੁਰ ਜ਼ਿਲ੍ਹਾ ਸਹਿ ਸੰਯੋਜਕ, ਰਾਜਾ ਹਰਸੀ ਪਿੰਡ ਬਲਾਕ ਪ੍ਰਧਾਨ,ਗੌਰਵ ਕੁਮਾਰ ਗੋਪੀ, ਰਿੰਕਾ ਅਹਿਆਪ